ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 9 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਾਂਗਰਸ ਦੀ ਮੀਟਿੰਗ 'ਚ ਫਿਰ ਭਖ ਗਿਆ ਮਾਹੌਲ, ਰਾਜਾ ਵੜਿੰਗ ਨੂੰ ਸਟੇਜ ਤੋਂ ਉਤਰਨਾ ਪਿਆ

**ਮਲੇਰਕੋਟਲਾ/ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਲੇਰਕੋਟਲਾ ਵਿਖੇ ਕਾਂਗਰਸ ਦੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ 'ਚ ਇਕ ਵਾਰ ਫਿਰ ਮਾਹੌਲ ਗਰਮ ਹੋ ਗਿਆ, ਜਦੋਂ ਸਟੇਜ 'ਤੇ ਚੜ੍ਹਨ ਨੂੰ ਲੈ ਕੇ ਪਾਰਟੀ ਦੀਆਂ ਦੋ ਧਿਰਾਂ ਆਪਸ 'ਚ ਭਿੜ ਗਈਆਂ। ਦੱਸਿਆ ਜਾ ਰਿਹਾ ਹੈ ਕਿ ਜਦੋਂ ਸਾਬਕਾ ਵਿਧਾਇਕ ਜਸਬੀਰ ਜੱਸੀ ਸਟੇਜ 'ਤੇ ਚੜ੍ਹਨ ਲੱਗੇ ਤਾਂ ਰਜ਼ੀਆ ਸੁਲਤਾਨਾ ਦੇ ਪੱਖ ਦੇ ਕਾਂਗਰਸੀ ਆਗੂਆਂ ਨੇ ਉਨ੍ਹਾਂ ਨੂੰ ਰੋਕ ਦਿੱਤਾ। ਇਸ ਦੌਰਾਨ ਦੋਹਾਂ ਧਿਰਾਂ ਦੇ ਵਰਕਰਾਂ ਨੇ ਆਪਣੇ-ਆਪਣੇ ਆਗੂਆਂ ਦੇ ਹੱਕ 'ਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਪ੍ਰੋਗਰਾਮ 'ਚ ਰਾਜਾ ਵੜਿੰਗ ਦੇ ਨਾਲ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਵੀ ਪੁੱਜੇ ਹੋਏ ਸਨ। ਇਸ ਤੋਂ ਬਾਅਦ ਰਾਜਾ ਵੜਿੰਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਰਿਆਂ ਦਾ ਸਟੇਜ 'ਤੇ ਆਉਣਾ ਮੁਮਕਿਨ ਨਹੀਂ ਹੈ ਪਰ ਫਿਰ ਵੀ ਨਾਅਰੇਬਾਜ਼ੀ ਨਾ ਹਟੀ, ਜਿਸ ਤੋਂ ਬਾਅਦ ਮਜਬੂਰ ਹੋ ਕੇ ਰਾਜਾ ਵੜਿੰਗ ਨੂੰ ਸਟੇਜ ਤੋਂ ਹੇਠਾਂ ਆਉਣਾ ਪਿਆ ਅਤੇ ਉਨ੍ਹਾਂ ਨੇ ਵਰਕਰਾਂ ਦੀ ਭੀੜ 'ਚ ਜਾ ਕੇ ਉਨ੍ਹਾਂ ਨੂੰ ਸ਼ਾਂਤ ਕਰਵਾਇਆ। ਦੱਸਣਯੋਗ ਹੈ ਕਿ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਵਲੋਂ ਮੀਟਿੰਗਾਂ ਦਾ ਦੌਰ ਲਗਾਤਾਰ ਜਾਰੀ ਹੈ ਅਤੇ ਕਾਂਗਰਸ ਦੀਆਂ ਮੀਟਿੰਗਾਂ ਦੌਰਾਨ ਅਕਸਰ ਆਪਸੀ ਤਕਰਾਰ ਅਤੇ ਖਿੱਚੋਤਾਣ ਲਗਾਤਾਰ ਸਾਹਮਣੇ ਆ ਰਹੀ ਹੈ।

### ਚੱਪੇ-ਚੱਪੇ 'ਤੇ ਪੁਲਸ ਫੋਰਸ ਦੀ ਤਾਇਨਾਤੀ

# ਪੰਜਾਬ 'ਚ ਰੈਡ ਅਲਰਟ !

**ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਸਰਹੱਦੀ ਖੇਤਰਾਂ 'ਚ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਦਿਆਂ ਬਾਰਡਰ ਰੇਂਜ ਪੁਲਸ ਨੇ ਰੈੱਡ ਅਲਰਟ ਨਾਕਾਬੰਦੀ ਮੁਹਿੰਮ ਚਲਾਈ। ਬਾਰਡਰ ਰੇਂਜ ਦੇ ਡੀ.ਆਈ.ਜੀ. ਹਰਮਨਬੀਰ ਸਿੰਘ ਗਿੱਲ, ਆਈ.ਪੀ.ਐੱਸ. ਦੀ ਅਗਵਾਈ 'ਚ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੌਰਾਨ ਸਾਰੇ ਸਰਹੱਦੀ ਜ਼ਿਲ੍ਹਿਆਂ 'ਚ ਪੁਲਸ ਨੇ ਇਕੋ ਸਮੇਂ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਡੂੰਘਾਈ ਨਾਲ ਜਾਂਚ ਕੀਤੀ। ਇਹ ਵਿਸ਼ੇਸ਼ ਮੁਹਿੰਮ ਦੁਪਹਿਰ 2 ਤੋਂ 4 ਵਜੇ ਤੱਕ ਸਾਰੇ ਜ਼ਿਲ੍ਹਿਆਂ 'ਚ ਇਕੋ ਸਮੇਂ ਚਲਾਈ ਗਈ। ਡੀ.ਆਈ.ਜੀ. ਹਰਮਨਬੀਰ ਸਿੰਘ ਗਿੱਲ ਖ਼ੁਦ ਮੈਦਾਨ 'ਚ ਉਤਰੇ ਅਤੇ ਵੱਖ-ਵੱਖ ਸਰਹੱਦੀ ਖੇਤਰਾਂ ਦਾ ਦੌਰਾ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ।



ਉਨ੍ਹਾਂ ਨਾਕਿਆਂ 'ਤੇ ਤਾਇਨਾਤ ਪੁਲਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪੂਰੀ ਚੌਕਸੀ ਨਾਲ ਡਿਊਟੀ ਨਿਭਾਉਣ ਦੇ ਹੁਕਮ ਦਿੱਤੇ। ਮੁਹਿੰਮ ਦੌਰਾਨ ਸਾਰੇ ਗਜ਼ਿਟਡ ਅਧਿਕਾਰੀ, ਥਾਣਾ ਇੰਚਾਰਜ ਅਤੇ ਯੂਨਿਟ ਇੰਚਾਰਜ ਖ਼ੁਦ ਨਾਕਿਆਂ 'ਤੇ ਹਾਜ਼ਰ ਰਹੇ। ਪੁਲਸ ਟੀਮਾਂ ਨੇ ਜ਼ਿਲ੍ਹਿਆਂ ਦੇ ਐਂਟਰੀ ਅਤੇ ਐਗਜ਼ਿਟ ਪੁਆਇੰਟਾਂ, ਪ੍ਰਮੁੱਖ ਚੌਕਾਂ, ਪੁਲਾਂ, ਬਾਈਪਾਸ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ 'ਚ ਵਿਸ਼ੇਸ਼ ਚੈਕਿੰਗ ਪੁਆਇੰਟ ਸਥਾਪਤ ਕੀਤੇ। ਇਥੇ ਆਉਣ-ਜਾਣ ਵਾਲੇ ਵਾਹਨਾਂ ਦੀ ਤਲਾਸ਼ੀ ਲੈਣ ਦੇ ਨਾਲ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਵੀ ਕੀਤੀ ਗਈ। ਪੁਲਸ ਅਧਿਕਾਰੀਆਂ ਮੁਤਾਬਕ ਇਹ ਮੁਹਿੰਮ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਚਲਾਈ ਗਈ, ਜਿਸ ਦਾ ਮਕਸਦ ਨਸ਼ਾ ਸਮੱਗਲਿੰਗ, ਸੰਗਠਿਤ ਅਪਰਾਧ ਅਤੇ ਹੋਰ ਅਪਰਾਧਿਕ ਨੈੱਟਵਰਕ 'ਤੇ ਪ੍ਰਭਾਵਸ਼ਾਲੀ ਰੋਕ ਲਾਉਣਾ ਹੈ।

## ਚੰਬਾ 'ਚ ਵੱਡਾ ਸੜਕੀ ਹਾਦਸਾ; ਯਾਤਰੀਆਂ ਨਾਲ ਭਰੀ ਬੱਸ ਪਲਟੀ, ਸੱਤ ਲੋਕਾਂ ਦੀ ਮੌਤ

**ਚੰਬਾ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਚੰਬਾ ਜ਼ਿਲ੍ਹੇ ਵਿੱਚ ਸ਼ਨੀਵਾਰ ਸਵੇਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਸੱਤ ਲੋਕਾਂ ਦੀ ਮੌਤ ਹੋ ਗਈ ਅਤੇ ਲਗਭਗ 15 ਯਾਤਰੀ ਜ਼ਖਮੀ ਹੋ ਗਏ। ਇਹ ਹਾਦਸਾ ਤੀਸਾ-ਬੈਰਾਗੜ੍ਹ ਸੜਕ 'ਤੇ ਚਾਲੁੰਜ ਮੋੜ ਦੇ ਨੇੜੇ ਉਸ ਸਮੇਂ ਵਾਪਰਿਆ ਜਦੋਂ ਬੈਰਾਗੜ੍ਹ ਤੋਂ ਚੰਬਾ ਜਾ ਰਹੀ ਇੱਕ ਨਿੱਜੀ ਬੱਸ ਬੇਕਾਬੂ ਹੋ ਗਈ, ਪਲਟ ਗਈ ਅਤੇ ਦੂਜੀ ਸੜਕ 'ਤੇ ਡਿੱਗ ਗਈ। ਚੰਬਾ ਦੇ ਪੁਲਿਸ ਸੁਪਰਡੈਂਟ ਵਿਜੇ ਕੁਮਾਰ ਸਕਲਾਨੀ ਦੇ ਅਨੁਸਾਰ, ਬੱਸ ਸਵੇਰੇ ਲਗਭਗ 7 ਵਜੇ ਬੈਰਾਗੜ੍ਹ ਤੋਂ ਚੰਬਾ ਲਈ ਰਵਾਨਾ ਹੋਈ। ਬੈਰਾਗੜ੍ਹ ਤੋਂ ਥੋੜ੍ਹੀ ਦੂਰੀ 'ਤੇ, ਡਰਾਈਵਰ ਨੇ ਬੱਸ ਤੋਂ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਇਹ ਹਾਦਸਾ ਹੋਇਆ। ਹਾਦਸੇ ਸਮੇਂ ਬੱਸ ਵਿੱਚ ਲਗਭਗ 25 ਯਾਤਰੀ ਸਵਾਰ ਸਨ। ਹਾਦਸੇ ਕਾਰਨ ਘਟਨਾ ਸਥਾਨ 'ਤੇ ਵਿਆਪਕ ਦਹਿਸ਼ਤ ਫੈਲ ਗਈ। ਸਥਾਨਕ ਲੋਕਾਂ ਨੇ ਤੁਰੰਤ ਬਚਾਅ ਕਾਰਜ ਸ਼ੁਰੂ ਕੀਤੇ ਅਤੇ ਪੁਲਿਸ ਅਤੇ ਪ੍ਰਸ਼ਾਸਨ ਨੂੰ ਸੂਚਿਤ ਕੀਤਾ।




ਪੁਲਿਸ, ਪ੍ਰਸ਼ਾਸਨ ਅਤੇ ਸਥਾਨਕ ਨਿਵਾਸੀਆਂ ਦੀ ਮਦਦ ਨਾਲ ਜ਼ਖਮੀਆਂ ਨੂੰ ਬਾਹਰ ਕੱਢਿਆ ਗਿਆ ਅਤੇ ਇਲਾਜ ਲਈ ਟੀਸਾ ਹਸਪਤਾਲ ਭੇਜਿਆ ਗਿਆ। ਦੂਰ-ਦੁਰਾਡੇ ਇਲਾਕੇ ਕਾਰਨ ਰਾਹਤ ਅਤੇ ਬਚਾਅ ਕਾਰਜਾਂ ਨੂੰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ, ਅਤੇ ਬਚਾਅ ਕਾਰਜ ਜਾਰੀ ਹਨ। ਵਿਸਤ੍ਰਿਤ ਜਾਂਚ ਤੋਂ ਬਾਅਦ ਅਧਿਕਾਰਤ ਮੌਤਾਂ ਦੀ ਪੁਸ਼ਟੀ ਕੀਤੀ ਜਾਵੇਗੀ। ਅਧਿਕਾਰੀਆਂ ਨੇ ਚਿੰਤਾ ਪ੍ਰਗਟ ਕੀਤੀ ਹੈ ਕਿ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਮ੍ਰਿਤਕਾਂ ਦੀ ਸੂਚੀ : ਜਗਦੇਵ ਪੁੱਤਰ ਧਰਮ ਸਿੰਘ ਵਾਸੀ ਪਿੰਡ ਬਹਾਲਾ ਦੇਵੀਕੋਠੀ। ਹਰਦੇਈ ਪਤਨੀ ਜਗਦੇਵ ਵਾਸੀ ਪਿੰਡ ਬਹਾਲਾ ਦੇਵੀਕੋਠੀ। ਦੇਸਰਾਜ ਪੁੱਤਰ ਤ੍ਰਿਲੋਚਨ ਵਾਸੀ ਪਿੰਡ ਬਹਾਲਾ ਦੇਵੀਕੋਠੀ। ਡਰਾਈਵਰ: ਰੂਪ ਸਿੰਘ ਪੁੱਤਰ ਰਾਧਾਰਾਮ ਵਾਸੀ ਪਿੰਡ ਚਿੱਲੀ ਥੱਲੀ। ਕੰਡਕਟਰ: ਤੇਜ ਸਿੰਘ ਪੁੱਤਰ ਪਿਆਰੇ ਲਾਲ ਵਾਸੀ ਪਿੰਡ ਸਤਿਆਸ ਤਰੇਲਾ। ਨੀਲਮਾ ਪਤਨੀ ਮੋਤੀਰਾਮ ਵਾਸੀ ਪਿੰਡ ਚਿੱਲੀ ਦੇਵੀਕੋਠੀ। ਜਗਦੇਈ ਪਤਨੀ ਹਰੀਲਾਲ ਵਾਸੀ ਪਿੰਡ ਬਹਾਲਾ ਦੇਵੀਕੋਠੀ।

## ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਫੇਲ੍ਹ ? ਨਸ਼ਾ ਮੁਕਤੀ ਕੇਂਦਰਾਂ 'ਚ ਮਰੀਜ਼ਾਂ ਦਾ ਵਾਧਾ

**ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਪੰਜਾਬ ਅੰਦਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫਲ ਕਰਦੇ ਹੋਏ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ ਹੈ ਪਰ ਆਂਕੜੇ ਕੁਝ ਹੋਰ ਬਿਆਨ ਕਰਦੇ ਹਨ ਪੰਜਾਬ ਸਰਕਾਰ ਵੱਲੋਂ ਹੀ ਕਰਵਾਈ ਗਈ ਸਰਵੇਖਣ ਵਿੱਚ ਸਾਫ ਹੋਇਆ ਹੈ ਕਿ ਪਿਛਲੇ ਚਾਰ ਸਾਲ ਦੌਰਾਨ ਬੁਪ੍ਰੇਨੋਰਫ਼ਿਨ ਦੀ ਖਪਤ 57 ਫੀਸਦ ਵਧੀ ਹੈ ਕਿਉਂਕਿ ਵਿਧਾਨ ਸਭਾ ਕਮੇਟੀ ਦੀ ਰਿਪੋਰਟ ਵਿੱਚ ਇਹ ਖੁਲਾਸਾ ਹੋਇਆ ਹੈ। ਪੇਸ਼ ਕੀਤੀ ਰਿਪੋਰਟ ਮੁਤਾਬਿਕ ਪੰਜਾਬ ਵਿੱਚ 65 ਤੋਂ ਵੱਧ ਨੌਜਵਾਨ ਨਸ਼ੇ ਦੀ ਲਪੇਟ ਵਿੱਚ ਹਨ ਜਿਸ ਵਿੱਚ 18 ਤੋਂ 35 ਸਾਲ ਦੇ ਨੌਜਵਾਨ ਸਭ ਤੋਂ ਵੱਧ ਪ੍ਰਭਾਵਿਤ ਹਨ ਇਹੋ ਕਾਰਨ ਹੈ ਕਿ ਨਸ਼ਾ ਮੁਕਤੀ ਕੇਂਦਰਾਂ ਅਤੇ ਮਰੀਜ਼ਾਂ ਦੀ ਗਿਣਤੀ ਵਿੱਚ ਵੀ ਲਗਾਤਾਰ ਵਾਧਾ ਹੋ ਰਿਹਾ ਹੈ ਜੋ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਾ ਵਿਰੁੱਧ ਮੁਹਿੰਮ 'ਤੇ ਵੱਡੇ ਸਵਾਲ ਖੜੇ ਕਰਦੀ ਹੈ। ਸਿਵਲ ਹਸਪਤਾਲ ਨਾਭਾ ਵਿਖੇ ਵੀ ਕੁਝ ਅਜਿਹੇ ਹੀ ਹਾਲਤ ਹਨ ਜਿੱਥੇ ਨਸ਼ਾ ਛੁਡਾਉਣ ਲਈ ਸਰਕਾਰੀ ਹਸਪਤਾਲ ਵਿੱਚ ਮਿਲਣ ਵਾਲੀ ਦਵਾਈ ਲਈ ਸਵੇਰੇ 8 ਵਜੇ ਤੋਂ ਹੀ ਲਾਈਨਾਂ ਲੱਗਣੀਆਂ ਸ਼ੁਰੂ ਹੋ ਜਾਂਦੀਆਂ ਹਨ ਹਾਲਾਤ ਇਹ ਹਨ ਕਿ ਦਵਾਈ ਲੈਣ ਲਈ ਇੱਕ ਦੂਜੇ ਨਾਲ ਨਸ਼ਾ ਪੀੜਤ ਲੋਕ ਲੜਦੇ ਨਜ਼ਰ ਵੀ ਵੇਖੇ ਜਾਂਦੇ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਸਰਕਾਰੀ ਹਸਪਤਾਲ ਵਿੱਚ ਨਸ਼ਾ ਛੁਡਾਉਣ ਲਈ ਸਰਕਾਰੀ ਡਾਕਟਰ ਦੀ ਬਜਾਏ ਮਜਬੂਰੀ ਵਿੱਚ ਮਰੀਜ਼ਾਂ ਨੂੰ ਪ੍ਰਾਈਵੇਟ ਹਸਪਤਾਲ ਤੋਂ 200 ਰੁਪਏ ਪ੍ਰਤੀ ਪਰਚੀ ਕਟਵਾ ਕੇ ਆਪਣੀ ਦਵਾਈ ਲਿਖਵਾਉਣੀ ਪੈਂਦੀ ਹੈ ਜਿਹੜੀ ਦਵਾਈ ਹਸਪਤਾਲ ਵਿੱਚ ਮਿਲਦੀ ਹੈ। ਹੁਣ ਹਾਲਾਤ ਇਹ ਹਾਲਾਤ ਬਣ ਗਏ ਹਨ ਕਿ ਇਹ ਨਸ਼ੇ ਦੀ ਪੂਰਤੀ ਦਾ ਇੱਕ ਸਾਧਨ ਬਣ ਗਈ ਹੈ ਜੋ ਦਿਨੋ ਦਿਨ ਵੱਧਦੀ ਜਾ ਰਹੀ ਹੈ। ਨਾਭਾ ਵਿਖੇ ਮਰੀਜ਼ਾਂ ਦਾ ਕਹਿਣਾ ਹੈ ਕਿ ਜਿੱਥੇ ਉਹ ਪਹਿਲਾਂ ਤਿੰਨ ਗੋਲੀਆਂ ਨਾਲ ਆਪਣਾ ਦਿਨ ਲੰਘਾਉਂਦੇ ਸਨ ਹੁਣ ਉਹਨਾਂ ਦੀ ਖੁਰਾਕ ਪੰਜ ਤੋਂ ਛੇ ਗੋਲੀਆਂ ਤੱਕ ਪਹੁੰਚ ਚੁੱਕੀ ਹੈ ਜੋ ਸਿੱਧੇ ਤੌਰ 'ਤੇ ਸਰਕਾਰ ਦੀ ਪਾਲਿਸੀ 'ਤੇ ਵੱਡੇ ਸਵਾਲ ਖੜੇ ਕਰਦੀ ਹੈ। ਗੱਲ ਕਰਦੇ ਹੋਏ ਪੀੜਤ ਮਰੀਜ਼ਾਂ ਅਤੇ ਪਰਿਵਾਰਿਕ ਮੈਂਬਰਾਂ ਦਾ ਕਹਿਣਾ ਹੈ ਕਿ ਹੁਣ ਹਾਲਾਤ ਪੰਜਾਬ ਵਿੱਚ ਕਾਫੀ ਖਰਾਬ ਹੋ ਚੁੱਕੇ ਹਨ। ਸਰਕਾਰੀ ਹਸਪਤਾਲ ਮਿਲਣ ਵਾਲੀ ਦਵਾਈ ਨਸ਼ਾ ਛੁਡਾਉਣ ਲਈ ਨਹੀਂ ਬਲਕਿ ਨਸ਼ਾ ਕਰਨ ਲਈ ਵਰਤੀ ਜਾ ਰਹੀ ਹੈ ਜਿਸ ਦੇ ਇਲਾਜ ਲਈ ਸਰਕਾਰ ਨੂੰ ਨਵੀਂ ਨੀਤੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਾਭਾ ਵਿਖੇ ਸਰਕਾਰੀ ਡਾਕਟਰ ਨਾ ਹੋਣ ਕਰਕੇ ਉਹਨਾਂ ਨੂੰ ਮਜਬੂਰੀ ਵਿੱਚ ਪ੍ਰਾਈਵੇਟ ਹਸਪਤਾਲ ਤੋਂ 200 ਰੁਪਏ ਦੀ ਪਰਚੀ ਕਟਵਾਉਣੀ ਪੈਂਦੀ ਹੈ ਜੋ ਕਿ ਉਹਨਾਂ ਲਈ ਆਰਥਿਕ ਤੌਰ 'ਤੇ ਬੋਝ ਹੈ ਇਥੋਂ ਤੱਕ ਕਿ ਪ੍ਰਾਈਵੇਟ ਡਾਕਟਰ ਤੋਂ ਪਰਚੀ ਲਿਖਵਾਉਣ ਕਰਕੇ ਉਹਨਾਂ ਨੂੰ ਮੁੱਲ ਦੀ 60 ਰੁਪਏ ਪ੍ਰਤੀ ਪੱਤਾ ਦਵਾਈ ਵੀ ਮੁੱਲ ਲੈਣੀ ਪੈਂਦੀ ਹੈ ਇਸ ਲਈ ਸਰਕਾਰ ਨੂੰ ਸਰਕਾਰੀ ਹਸਪਤਾਲ ਵਿੱਚ ਹੀ ਇਹਨਾਂ ਮਰੀਜ਼ਾਂ ਦਾ ਇਲਾਜ ਕਰਵਾਉਣਾ ਚਾਹੀਦਾ ਹੈ।




## ਭਾਜਪਾ ਦਾ 'ਸਮਰਥਨ' ਕਰੇਗਾ ਸ਼੍ਰੋਮਣੀ ਅਕਾਲੀ ਦਲ ! ਸੁਖਬੀਰ ਬਾਦਲ ਨੇ ਪਾਈ ਪੋਸਟ



**ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਇਕ ਅਹਿਮ ਮੀਟਿੰਗ ਅੱਜ ਚੰਡੀਗੜ੍ਹ 'ਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਉਨ੍ਹਾਂ ਦੀ ਰਿਹਾਇਸ਼ 'ਤੇ ਹੋਈ। ਇਸ ਦੌਰਾਨ ਸੁਖਬੀਰ ਸਿੰਘ ਬਾਦਲ ਵੱਲੋਂ ਮਹਿਲਾ ਰਾਖਵਾਂਕਰਨ ਬਿੱਲ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ। ਇਸ ਸਬੰਧੀ ਸੁਖਬੀਰ ਸਿੰਘ ਬਾਦਲ ਵੱਲੋਂ ਟਵੀਟ ਕਰਕੇ ਜਾਣਕਾਰੀ ਦਿੱਤੀ ਗਈ ਹੈ। ਸੁਖਬੀਰ ਬਾਦਲ ਨੇ ਟਵੀਟ ਕਰਦੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਿੱਖ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਾ ਹੈ, ਜਿਨ੍ਹਾਂ ਨੇ ਔਰਤਾਂ ਦੇ ਸਨਮਾਨ, ਬਰਾਬਰੀ ਅਤੇ ਸਮਾਨ ਅਧਿਕਾਰਾਂ ਦੀ ਵਕਾਲਤ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਹਾਊਸ 'ਚ ਔਰਤਾਂ ਲਈ ਰਾਖਵੇਂਕਰਨ ਦੀ ਵਿਵਸਥਾ ਕਰਕੇ ਪਹਿਲਾਂ ਹੀ ਇਕ ਮਿਸਾਲ ਕਾਇਮ ਕੀਤੀ ਹੈ। ਸੰਸਦ ਦੇ ਸਾਹਮਣੇ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਇਕ ਨਿਰਪੱਖ ਅਤੇ ਨਿਆਂਪੂਰਨ ਹੱਦਬੰਦੀ ਦੀ ਵੀ ਮੰਗ ਕੀਤੀ ਹੈ ਜੋ ਸਾਰੇ ਰਾਜਾਂ ਨੂੰ ਬਰਾਬਰ ਦੀ ਪ੍ਰਤੀਨਿਧਤਾ ਯਕੀਨੀ ਬਣਾਵੇ। ਮੀਟਿੰਗ 'ਚ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਸਮੇਤ ਪਾਰਟੀ ਦੇ ਕਈ ਸੀਨੀਅਰ ਆਗੂ ਮੌਜੂਦ ਰਹੇ। ਮੀਟਿੰਗ ਦੌਰਾਨ ਪਾਰਟੀ ਨਾਲ ਸਬੰਧਤ ਅਹਿਮ ਮਸਲਿਆਂ ਤੋਂ ਇਲਾਵਾ ਸੂਬੇ ਅਤੇ ਦੇਸ਼ ਦੀ ਮੌਜੂਦਾ ਸਿਆਸੀ ਸਥਿਤੀ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੇ ਔਰਤਾਂ ਲਈ ਰਾਖਵੇਂਕਰਨ ਅਤੇ ਹੱਦਬੰਦੀ ਦੀ ਪ੍ਰਕਿਰਿਆ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਰਾਜਨੀਤਿਕ ਪ੍ਰਤੀਨਿਧਤਾ ਦੇਣ ਦੇ ਮਾਮਲੇ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਹਿਲਾਂ ਹੀ ਔਰਤਾਂ ਲਈ ਰਾਖਵੇਂਕਰਨ ਦੀ ਵਿਵਸਥਾ ਕਰਕੇ ਮਿਸਾਲ ਕਾਇਮ ਕਰ ਚੁੱਕੀ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਔਰਤਾਂ ਨੂੰ ਉਨ੍ਹਾਂ ਦਾ ਬਣਦਾ ਰਾਜਨੀਤਿਕ ਹੱਕ ਮਿਲਣਾ ਚਾਹੀਦਾ ਹੈ ਅਤੇ ਇਸ ਲਈ ਰਾਖਵੇਂਕਰਨ ਦੀ ਵਿਵਸਥਾ ਨੂੰ ਬਿਨਾਂ ਕਿਸੇ ਦੇਰੀ ਦੇ ਲਾਗੂ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਹੱਦਬੰਦੀ ਦੀ ਪ੍ਰਕਿਰਿਆ ਨੂੰ ਨਿਰਪੱਖ, ਪਾਰਦਰਸ਼ੀ ਅਤੇ ਨਿਆਂਪੂਰਨ ਢੰਗ ਨਾਲ ਨੇਪਰੇ ਚਾੜ੍ਹਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਹੱਦਬੰਦੀ ਕਿਸੇ ਵੀ ਸੂਬੇ ਜਾਂ ਖੇਤਰ ਨਾਲ ਬੇਇਨਸਾਫ਼ੀ ਕੀਤੇ ਬਿਨਾਂ ਸੰਵਿਧਾਨਕ ਅਤੇ ਲੋਕਤੰਤਰਿਕ ਮਾਪਦੰਡਾਂ ਅਨੁਸਾਰ ਹੋਣੀ ਚਾਹੀਦੀ ਹੈ। ਮੀਟਿੰਗ ਨੂੰ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਰਣਨੀਤੀ ਅਤੇ ਸਿਆਸੀ ਮੁੱਦਿਆਂ ਨੂੰ ਲੈ ਕੇ ਅਹਿਮ ਮੰਨਿਆ ਜਾ ਰਿਹਾ ਹੈ। ਪਾਰਟੀ ਨੇ ਸਪਸ਼ਟ ਕੀਤਾ ਕਿ ਉਹ ਮਹਿਲਾ ਰਾਖਵਾਂਕਰਨ ਬਿੱਲ ਦੇ ਨਾਲ-ਨਾਲ ਹੱਦਬੰਦੀ ਬਿੱਲ ਫੌਰੀ ਪਾਸ ਕੀਤੇ ਜਾਣ ਦੇ ਹੱਕ ਵਿਚ ਹੈ। ਪਾਰਟੀ ਨੇ ਜ਼ੋਰ ਦੇ ਕੇ ਕਿਹਾ ਕਿ ਸਾਰੇ ਰਾਜਾਂ ਵਿਚ ਸੰਸਦੀ ਸੀਟਾਂ ਵਿਚ 50 ਫ਼ੀਸਦੀ ਵਾਧਾ ਕਰਨ ਦੀ ਕੇਂਦਰ ਸਰਕਾਰ ਦੀ ਤਜਵੀਜ਼ ਦਾ ਉਹ ਲੋਕ ਸਭਾ ਵਿਚ ਸਮਰਥਨ ਕਰੇਗੀ। ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਹੱਦਬੰਦੀ ਦੇ ਮਾਮਲੇ ਵਿਚ ਵੀ ਇਹੀ ਮਾਡਲ ਲਾਗੂ ਕੀਤਾ ਜਾਵੇ।

## ਕੈਨੇਡਾ ਨੇ 3,300 ਤੋਂ ਵੱਧ ਭਾਰਤੀਆਂ ਨੂੰ ਕੀਤਾ ਡਿਪੋਰਟ ! ਅਮਰੀਕਾ ਵੀ ਰਹਿ ਗਿਆ ਪਿੱਛੇ

**ਟੋਰਾਂਟੋ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਗਵਾਈ ਵਾਲੇ ਅਮਰੀਕਾ ਨੇ ਜਿੱਥੇ ਗੈਰ-ਕਾਨੂੰਨੀ ਪ੍ਰਵਾਸੀਆਂ ਖ਼ਿਲਾਫ਼ ਸਖ਼ਤ ਰੁਖ਼ ਅਖ਼ਤਿਆਰ ਕੀਤਾ ਹੋਇਆ ਹੈ, ਉੱਥੇ ਹੀ ਕੈਨੇਡਾ ਵੀ ਇਸ ਮਾਮਲੇ 'ਚ ਪਿੱਛੇ ਨਹੀਂ ਹੈ। ਕੈਨੇਡਾ ਨੇ ਸਾਲ 2026 ਦੇ ਪਹਿਲੇ ਛੇ ਮਹੀਨਿਆਂ 'ਚ ਹੀ 3,323 ਭਾਰਤੀ ਨਾਗਰਿਕਾਂ ਨੂੰ ਡਿਪੋਰਟ ਕਰ ਦਿੱਤਾ ਹੈ। 'ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ' ਦੇ ਅਧਿਕਾਰਤ ਅੰਕੜਿਆਂ ਅਨੁਸਾਰ, ਇਹ ਗਿਣਤੀ ਪਿਛਲੇ 6 ਸਾਲਾਂ ਦੇ ਰਿਕਾਰਡ ਨੂੰ ਤੋੜਨ ਦੀ ਦਿਸ਼ਾ 'ਚ ਤੇਜ਼ੀ ਨਾਲ ਅੱਗੇ ਵਧ ਰਹੀ ਹੈ ਤੇ ਇਸ ਵਾਰ ਡਿਪੋਰਟ ਕੀਤੇ ਗਏ ਲੋਕਾਂ 'ਚ ਭਾਰਤੀ ਸਭ ਤੋਂ ਅੱਗੇ ਹਨ। ਇਸ ਤੋਂ ਪਹਿਲਾਂ ਸਾਲ 2025 'ਚ ਕੁੱਲ 3,779 ਭਾਰਤੀਆਂ ਨੂੰ ਕੈਨੇਡਾ ਤੋਂ ਕੱਢਿਆ ਗਿਆ ਸੀ, ਜੋ ਕਿ ਉਸ ਸਮੇਂ ਤੱਕ ਦਾ ਸਭ ਤੋਂ ਵੱਡਾ ਅੰਕੜਾ ਸੀ। ਪਰ 2026 ਦੇ ਪਹਿਲੇ 6 ਮਹੀਨਿਆਂ 'ਚ ਹੀ ਇਹ ਗਿਣਤੀ ਪਿਛਲੇ ਸਾਲ ਦੇ ਕੁੱਲ ਅੰਕੜੇ ਦੇ 88 ਫ਼ੀਸਦੀ ਤੱਕ ਪਹੁੰਚ ਚੁੱਕੀ ਹੈ। ਪਿਛਲੇ ਪੰਜ ਸਾਲਾਂ ਤੋਂ ਡਿਪੋਰਟੇਸ਼ਨ ਦੀ ਸੂਚੀ ਵਿੱਚ ਮੈਕਸੀਕੋ ਪਹਿਲੇ ਨੰਬਰ 'ਤੇ ਸੀ ਅਤੇ ਭਾਰਤ ਦੂਜੇ ਨੰਬਰ 'ਤੇ। ਪਰ 2026 ਦੇ ਪਹਿਲੇ 6 ਮਹੀਨਿਆਂ 'ਚ ਮੈਕਸੀਕੋ ਦੇ 1,573 ਲੋਕਾਂ ਦੇ ਮੁਕਾਬਲੇ 3,323 ਭਾਰਤੀਆਂ ਨੂੰ ਡਿਪੋਰਟ ਕੀਤਾ ਗਿਆ ਹੈ, ਜਿਸ ਮਗਰੋਂ ਭਾਰਤ ਇਸ ਸੂਚੀ ਵਿੱਚ ਸਭ ਤੋਂ ਉੱਪਰ ਆ ਗਿਆ ਹੈ। ਇਸ ਤੋਂ ਪਹਿਲਾਂ ਭਾਰਤ 2020 'ਚ ਵੀ ਇਸ ਸੂਚੀ 'ਚ ਪਹਿਲੇ ਨੰਬਰ 'ਤੇ ਸੀ, ਜਦੋਂ 1,424 ਭਾਰਤੀਆਂ ਨੂੰ ਕੈਨੇਡਾ ਤੋਂ ਡਿਪੋਰਟ ਕੀਤਾ ਗਿਆ ਸੀ। ਅੰਕੜਿਆਂ ਅਨੁਸਾਰ, ਇਸ ਵੇਲੇ 7,669 ਭਾਰਤੀ ਨਾਗਰਿਕ ਕੈਨੇਡਾ ਦੀ ਰਿਮੂਵਲ ਇਨ ਪ੍ਰੋਗਰੈੱਸ, ਭਾਵ ਡਿਪੋਰਟੇ ਕੀਤੇ ਜਾਣ ਲਈ ਕਾਰਵਾਈ ਅਧੀਨ ਹਨ, ਜੋ ਕਿ ਕਿਸੇ ਵੀ ਹੋਰ ਦੇਸ਼ ਨਾਲੋਂ ਸਭ ਤੋਂ ਵੱਧ ਹੈ। ਇਹ ਅੰਕੜੇ ਦਰਸਾਉਂਦੇ ਹਨ ਕਿ ਕੈਨੇਡਾ ਵੱਲੋਂ ਕੀਤੀ ਗਈ ਇਹ ਕਾਰਵਾਈ ਅਮਰੀਕਾ ਨਾਲੋਂ ਦੋ-ਢਾਈ ਗੁਣਾ ਜ਼ਿਆਦਾ ਹੈ। ਭਾਰਤੀ ਵਿਦੇਸ਼ ਮੰਤਰਾਲੇ ਅਨੁਸਾਰ, ਅਮਰੀਕਾ ਨੇ 1 ਜਨਵਰੀ ਤੋਂ 22 ਜੁਲਾਈ 2026 ਤੱਕ 1,273 ਭਾਰਤੀਆਂ ਨੂੰ ਡਿਪੋਰਟ ਕੀਤਾ ਸੀ, ਜਦਕਿ ਕੈਨੇਡਾ ਵਿੱਚ ਇਹ ਅੰਕੜਾ 3,000 ਤੋਂ ਪਾਰ ਜਾ ਚੁੱਕਾ ਹੈ। ਜ਼ਿਕਰਯੋਗ ਹੈ ਕਿ ਕੈਨੇਡੀਅਨ ਪ੍ਰਸ਼ਾਸਨ ਦੀ ਡਿਪੋਰਟੇਸ਼ਨ ਪ੍ਰਕਿਰਿਆ 'ਚ ਕਈ ਗੱਲਾਂ ਨੂੰ ਮੱਦੇਨਜ਼ਰ ਰੱਖ ਕੇ ਪ੍ਰਵਾਸੀਆਂ ਨੂੰ ਡਿਪੋਰਟ ਕੀਤਾ ਜਾਂਦਾ ਹੈ, ਜਿਨ੍ਹਾਂ 'ਚ ਇਮੀਗ੍ਰੇਸ਼ਨ ਨਿਯਮਾਂ ਦੀ ਉਲੰਘਣਾ, ਦਾਅਵੇ ਰੱਦ ਹੋਣਾ, ਵੀਜ਼ਾ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਵੀ ਉੱਥੇ ਰਹਿਣਾ ਤੇ ਜਾਅਲੀ ਦਸਤਾਵੇਜ਼ਾਂ ਅਤੇ ਵੀਜ਼ਾ ਧੋਖਾਧੜੀ ਵਰਗੇ ਮਾਮਲੇ ਸ਼ਾਮਲ ਹਨ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।


**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net


ਪਹੁੰਚੇ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ




ਧੰਨ-ਧੰਨ
ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ


# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।





ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

☛ ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ। ☛ ਸਲਾਨਾ ਬਰਸੀ ਭਗਤ ਪੂਰਨ ਸਿੰਘ ਜੀ ਪਿੰਗਲਵਾੜਾ ☛ ਸਥਾਪਨਾ ਦਿਵਸ ਦਮਦਮੀ ਟਕਸਾਲ। ☛ ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਕੁਲਵੰਤ ਸਿੰਘ ਦੁਸਾਂਝ ਪ੍ਰਵਾਰ ਕਾਜਲਮੋਰਾਨੋ ਵੱਲੋਂ ਲਈ ਗਈ ਹੈ।


Bhagat Puran Singh 1902 - 1992

☛ ਸ਼ੁੱਕਰਵਾਰ 7 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ। ☛ ਐਤਵਾਰ 9 ਅਗਸਤ 10:00 ਵਜੇ ਸੰਪੂਰਨ ਭੋਗ ਪੈਣਗੇ।

☛ ਸ਼ਨਿੱਚਰਵਾਰ 8 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 9 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਗੋਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਲਗਾਈ ਜਾਵੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ AWAZE QAUM
International Newspaper & WEB TV


ਕਥਾ ਵਿਚਾਰ
ਗੁਰਦੁਆਰਾ ਸ੍ਰੀ
ਬੰਗਲਾ ਸਾਹਿਬ ਵਿਖੇ
ਮਿਤੀ 9 ਅਗਸਤ ਦਿਨ ਐਤਵਾਰ
ਮਿਤੀ 10 ਅਗਸਤ ਦਿਨ ਸੋਮਵਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸੰਪਰਕ : 98140-13915
ਸਿੱਧਾ ਪ੍ਰਸਾਰਨ : CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ


ੴ ਸਤਿਗੁਰ ਪ੍ਰਸਾਦਿ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ
ਬਰਸੀ ਸਮਾਗਮ
ਕਰਵਾਇਆ ਜਾ ਰਿਹਾ ਹੈ, ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਗੁਰੂ ਕਾ ਲੰਗਰ ਅਟੁੱਟ ਵਰਤੇਗਾ
20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ।
ਸਿੰਘ ਸਾਹਿਬ
ਗਿਆਨੀ ਜਸਵੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸਰਪ੍ਰਸਤ ਪੰਥਕ ਅਕਾਲੀ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਜਥੇ
ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ
ਪੰਥ ਪ੍ਰਸਿੱਧ ਕਵੀਸ਼ਰ ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ (ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) ਮੋਬਾ. 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ AWAZE QAUM
International Newspaper & WEB TV

ਪੰਜਾਬ ਨੂੰ ਜਿਸ ਨਵੀਂ ਦਿਸ਼ਾ ਦੀ ਲੋੜ ਹੈ, ਉਹ ਭਾਜਪਾ ਕੋਲ ਹੈ

# ਜਿਹੜੇ ਮੁੱਦੇ ਅੱਜ ਚਰਚਾ ਵਿੱਚ ਹਨ, ਉਹ ਪਹਿਲਾਂ ਹੀ ਪੰਜਾਬ ਭਾਜਪਾ ਦੇ ਏਜੰਡੇ ਦਾ ਹਿੱਸਾ ਹਨ : ਪ੍ਰੋ. ਸਰਚਾਂਦ ਸਿੰਘ ਖਿਆਲਾ



ਪੰਜਾਬ ਦੇ ਮੌਜੂਦਾ ਸਿਆਸੀ ਗਲਿਆਰਿਆਂ ਵਿੱਚ ਸਭ ਤੋਂ ਵੱਡਾ ਸਵਾਲ ਇਹੀ ਖੜ੍ਹਾ ਹੈ ਕਿ ਜਿਨ੍ਹਾਂ ਨੇ ਪੰਜਾਬ ਨੂੰ ਬਦਲਣ ਦੇ ਵਾਅਦੇ ਕੀਤੇ, ਉਹ ਆਪਣੇ ਪਿਛਲੇ ਵਾਅਦਿਆਂ ਦੀ ਪ੍ਰਗਤੀ ਰਿਪੋਰਟ ਪੰਜਾਬ ਦੇ ਲੋਕਾਂ ਸਾਹਮਣੇ ਕਦੋਂ ਰੱਖਣਗੇ? ਪੰਜਾਬ ਇਸ ਸਵਾਲ ਦਾ ਜਵਾਬ ਜਾਣਦਾ ਹੈ ਅਤੇ ਉਹ ਜਵਾਬ ਨਿਰਾਸ਼ਾਜਨਕ ਹੈ।

ਪੰਜਾਬ ਦੀ ਸਿਆਸਤ ਹੁਣ ਅਜਿਹੇ ਮੋੜ 'ਤੇ ਖੜ੍ਹੀ ਹੈ, ਜਿੱਥੇ ਲੋਕ ਸਿਰਫ਼ ਭਾਸ਼ਣ ਨਹੀਂ, ਸਪਸ਼ਟ ਦਿਸ਼ਾ ਅਤੇ ਠੋਸ ਨਤੀਜੇ ਚਾਹੁੰਦੇ ਹਨ। ਸੁਰੱਖਿਆ, ਨਸ਼ਾ, ਗੈਂਗਸਟਰਵਾਦ, ਬੇਰੁਜ਼ਗਾਰੀ, ਕਿਸਾਨੀ, ਪਾਣੀ, ਉਦਯੋਗ, ਪੰਜਾਬ ਦੀ ਵਿੱਤੀ ਹਾਲਤ, ਸਰਹੱਦੀ ਜ਼ਿਲ੍ਹਿਆਂ ਦਾ ਵਿਕਾਸ ਅਤੇ ਜਵਾਬਦੇਹ ਸਿਆਸਤ—ਇਹ ਸਾਰੇ ਮੁੱਦੇ ਪੰਜਾਬ ਦੇ ਭਵਿੱਖ ਨਾਲ ਸਿੱਧੇ ਜੁੜੇ ਹੋਏ ਹਨ।

ਇਹ ਗੱਲ ਵੀ ਸਪਸ਼ਟ ਹੋਣੀ ਚਾਹੀਦੀ ਹੈ ਕਿ ਇਨ੍ਹਾਂ ਮੁੱਦਿਆਂ 'ਤੇ ਪੰਜਾਬ ਭਾਜਪਾ ਨੂੰ ਹੁਣ ਕਿਸੇ ਨਵੇਂ ਸਿਆਸੀ ਨਾਅਰੇ ਦੀ ਲੋੜ ਨਹੀਂ। ਇਹ ਮੁੱਦੇ ਪੰਜਾਬ ਭਾਜਪਾ ਦੀ ਪਹਿਲਾਂ ਤੋਂ ਚੱਲ ਰਹੀ ਰਾਜਨੀਤਿਕ ਲੜਾਈ ਅਤੇ ਨੀਤੀਗਤ ਤਰਜੀਹਾਂ ਦਾ ਹਿੱਸਾ ਹਨ।

ਸਵਾਲ ਹੁਣ ਇਹ ਨਹੀਂ ਕਿ ਸਮੱਸਿਆਵਾਂ ਕੀ ਹਨ। ਪੰਜਾਬ ਦਾ ਹਰ ਨਾਗਰਿਕ ਸਮੱਸਿਆਵਾਂ ਨੂੰ ਜਾਣਦਾ ਹੈ। ਅਸਲ ਸਵਾਲ ਹੈ—ਹੱਲ ਕੌਣ ਦੇਵੇਗਾ, ਕਿੰਨੇ ਸਮੇਂ ਵਿੱਚ ਦੇਵੇਗਾ ਅਤੇ ਉਸ ਦੀ ਜਵਾਬਦੇਹੀ ਕੌਣ ਲਵੇਗਾ?

ਪੰਜਾਬ ਸਰਹੱਦੀ ਸੂਬਾ ਹੈ। ਸਰਹੱਦ ਪਾਰੋਂ ਡਰੋਨ, ਨਸ਼ਾ, ਹਥਿਆਰ, ਗੈਂਗ ਨੈੱਟਵਰਕ ਅਤੇ ਵਿਦੇਸ਼ੀ ਹੈਂਡਲਰਾਂ ਦੀਆਂ ਗਤੀਵਿਧੀਆਂ ਸਿਰਫ਼ ਕਾਨੂੰਨ-ਵਿਵਸਥਾ ਦਾ ਮਸਲਾ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਦਾ ਮਸਲਾ ਹਨ।

ਪੰਜਾਬ ਭਾਜਪਾ ਦੀ ਸਪਸ਼ਟ ਨੀਤੀ ਹੈ ਕਿ ਅਪਰਾਧ ਅਤੇ ਰਾਸ਼ਟਰੀ ਸੁਰੱਖਿਆ ਨਾਲ ਕੋਈ ਰਾਜਨੀਤਿਕ ਸਮਝੌਤਾ ਨਹੀਂ ਹੋ ਸਕਦਾ।

ਕੇਂਦਰੀ ਸੁਰੱਖਿਆ ਏਜੰਸੀਆਂ, BSF, NIA, NCB, ਖੁਫੀਆ ਤੰਤਰ ਅਤੇ ਪੰਜਾਬ ਪੁਲਿਸ ਵਿਚਕਾਰ ਬਿਹਤਰ ਤਾਲਮੇਲ, ਐਂਟੀ-ਡਰੋਨ ਤਕਨਾਲੋਜੀ, ਵਿੱਤੀ ਜਾਂਚ ਅਤੇ ਅਪਰਾਧਿਕ ਨੈੱਟਵਰਕ ਦੀਆਂ ਜੜ੍ਹਾਂ ਤੱਕ ਪਹੁੰਚਣਾ—ਇਹੀ ਪੰਜਾਬ ਨੂੰ ਸੁਰੱਖਿਅਤ ਬਣਾਉਣ ਦਾ ਰਸਤਾ ਹੈ।

ਅਮਨ ਦੀ ਗੱਲ ਕਰਨ ਵਾਲੀ ਸਿਆਸਤ ਤਦ ਹੀ ਅਰਥਪੂਰਨ ਹੈ, ਜਦੋਂ ਉਹ ਅਮਨ ਨੂੰ ਚੁਣੌਤੀ ਦੇਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਣ ਦੀ ਹਿੰਮਤ ਵੀ ਰੱਖਦੀ ਹੋਵੇ।

ਪੰਜਾਬ ਦਾ ਨਸ਼ਾ ਸਿਰਫ਼ ਇੱਕ ਸਮਾਜਿਕ ਬੁਰਾਈ ਨਹੀਂ, ਇਹ ਇੱਕ ਸੰਗਠਿਤ ਅਪਰਾਧਿਕ ਅਤੇ ਆਰਥਿਕ ਨੈੱਟਵਰਕ ਹੈ।

ਇਸ ਲਈ ਨੀਤੀ ਵੀ ਦੋਹਰੀ ਹੋਣੀ ਚਾਹੀਦੀ ਹੈ—ਨਸ਼ਾ ਤਸਕਰਾਂ 'ਤੇ ਸਖ਼ਤ ਕਾਰਵਾਈ ਅਤੇ ਨੌਜਵਾਨਾਂ ਲਈ ਮਜ਼ਬੂਤ ਵਿਕਲਪ।

ਖੇਡਾਂ, ਹੁਨਰ ਵਿਕਾਸ, ਰੁਜ਼ਗਾਰ, ਉਦਯੋਗ, ਸਟਾਰਟਅੱਪ, ਸਿੱਖਿਆ ਅਤੇ ਪੁਨਰਵਾਸ ਨੂੰ ਨਸ਼ਾ ਵਿਰੋਧੀ ਮੁਹਿੰਮ ਨਾਲ ਜੋੜਨਾ ਹੋਵੇਗਾ।

ਨੌਜਵਾਨ ਦੇ ਹੱਥ ਵਿੱਚ ਨਸ਼ੇ ਦੀ ਪੁੜੀ ਦੀ ਥਾਂ ਹੁਨਰ, ਰੁਜ਼ਗਾਰ ਅਤੇ ਭਵਿੱਖ ਦੀ ਉਮੀਦ ਹੋਣੀ ਚਾਹੀਦੀ ਹੈ।

ਪੰਜਾਬ ਦੇ ਨੌਜਵਾਨ ਦੀ ਸਭ ਤੋਂ ਵੱਡੀ ਚਿੰਤਾ ਭਵਿੱਖ ਹੈ। ਜੇਕਰ ਇੱਕ ਪੂਰੀ ਪੀੜ੍ਹੀ ਇਹ ਮੰਨ ਲਵੇ ਕਿ ਸਫਲਤਾ ਲਈ ਪੰਜਾਬ ਛੱਡਣਾ ਹੀ ਪਵੇਗਾ, ਤਾਂ ਇਹ ਸਿਰਫ਼ ਰੁਜ਼ਗਾਰ ਦਾ ਨਹੀਂ, ਸਗੋਂ ਪੰਜਾਬ ਦੀ ਸਮਾਜਿਕ ਅਤੇ ਆਰਥਿਕ ਸਿਹਤ ਦਾ ਸੰਕਟ ਹੈ।

ਇਸ ਲਈ ਪੰਜਾਬ ਭਾਜਪਾ ਦਾ ਵਿਕਾਸੀ ਏਜੰਡਾ ਨੌਕਰੀਆਂ ਪੈਦਾ ਕਰਨ ਵਾਲੀ ਅਰਥਵਿਵਸਥਾ 'ਤੇ ਕੇਂਦਰਿਤ ਹੋਣਾ ਚਾਹੀਦਾ ਹੈ—MSME, ਉਦਯੋਗ, IT, ਸਟਾਰਟਅੱਪ, ਫੂਡ ਪ੍ਰੋਸੈਸਿੰਗ, ਲੌਜਿਸਟਿਕਸ, ਹੁਨਰ ਵਿਕਾਸ ਅਤੇ ਨਿੱਜੀ ਨਿਵੇਸ਼ ਨੂੰ ਵਧਾ ਕੇ।

ਸਰਕਾਰੀ ਨੌਕਰੀਆਂ ਦੀਆਂ ਸੀਮਾਵਾਂ ਹਨ; ਨਿੱਜੀ ਖੇਤਰ ਵਿੱਚ ਲੱਖਾਂ ਮੌਕੇ ਪੈਦਾ ਕਰਨ ਦੀ ਸਮਰੱਥਾ ਹੀ ਪੰਜਾਬ ਦੇ ਭਵਿੱਖ ਨੂੰ ਬਦਲ ਸਕਦੀ ਹੈ।

ਪੰਜਾਬ ਦੀ ਵਿੱਤੀ ਹਾਲਤ ਇੱਕ ਖ਼ਤਰਨਾਕ ਮੋੜ 'ਤੇ ਪਹੁੰਚ ਚੁੱਕੀ ਹੈ। ਪੰਜਾਬ ਨੂੰ ਹੋਰ ਕਰਜ਼ਾ ਨਹੀਂ, ਪਰ ਆਰਥਿਕ ਸਮਰੱਥਾ ਵਧਾਉਣੀ ਪਵੇਗੀ। ਪੰਜਾਬ ਦੀ ਵਿੱਤੀ ਸਥਿਤੀ 'ਤੇ ਗੰਭੀਰ ਚਰਚਾ ਹੁਣ ਟਾਲੀ ਨਹੀਂ ਜਾ ਸਕਦੀ।

ਹਰ ਸਮੱਸਿਆ ਦਾ ਹੱਲ ਹੋਰ ਕਰਜ਼ਾ ਲੈਣਾ ਨਹੀਂ ਹੋ ਸਕਦਾ। ਪੰਜਾਬ ਨੂੰ ਆਪਣੀ ਆਮਦਨ ਵਧਾਉਣ, ਖਰਚ ਨੂੰ ਤਰਕਸੰਗਤ ਬਣਾਉਣ, ਉਦਯੋਗਿਕ ਨਿਵੇਸ਼ ਖਿੱਚਣ ਅਤੇ ਉਤਪਾਦਕ ਸੰਪਤੀ ਬਣਾਉਣ ਦੀ ਨੀਤੀ ਅਪਣਾਉਣੀ ਪਵੇਗੀ।

ਸਬਸਿਡੀਆਂ ਜੇਕਰ ਲੋਕ-ਭਲਾਈ ਲਈ ਹਨ ਤਾਂ ਉਨ੍ਹਾਂ ਦੀ ਪਾਰਦਰਸ਼ਤਾ ਅਤੇ ਵਿੱਤੀ ਸਮਰੱਥਾ ਵੀ ਯਕੀਨੀ ਬਣਾਉਣੀ ਪਵੇਗੀ। ਪੰਜਾਬ ਦੀ ਅਰਥਵਿਵਸਥਾ ਨੂੰ ਵੋਟਾਂ ਲਈ ਨਹੀਂ, ਆਉਣ ਵਾਲੀਆਂ ਪੀੜ੍ਹੀਆਂ ਲਈ ਚਲਾਉਣਾ ਪਵੇਗਾ।

ਕਿਸਾਨੀ ਵਿੱਚ ਬਦਲਾਅ ਕਿਸਾਨ ਦੇ ਭਰੋਸੇ ਨਾਲ ਹੀ ਸੰਭਵ ਹੈ।

ਪਾਣੀ ਦਾ ਸੰਕਟ ਹਕੀਕਤ ਹੈ। ਧਰਤੀ ਹੇਠਲੇ ਪਾਣੀ ਦੀ ਲਗਾਤਾਰ ਗਿਰਾਵਟ ਨੂੰ ਅਣਡਿੱਠਾ ਕਰਨਾ ਪੰਜਾਬ ਦੇ ਭਵਿੱਖ ਨਾਲ ਖੇਡਣ ਦੇ ਬਰਾਬਰ ਹੈ। ਪਰ ਫ਼ਸਲੀ ਵਿਭਿੰਨਤਾ ਕਿਸਾਨ ਨੂੰ ਸਿਰਫ਼ ਭਾਸ਼ਣ ਦੇ ਕੇ ਨਹੀਂ ਕਰਵਾਈ ਜਾ ਸਕਦੀ।

ਕਿਸਾਨ ਨੂੰ ਵਿਕਲਪਕ ਫ਼ਸਲ + ਯਕੀਨੀ ਬਾਜ਼ਾਰ + ਉਚਿਤ ਕੀਮਤ + ਖਰੀਦ + ਪ੍ਰੋਸੈਸਿੰਗ + ਸਟੋਰੇਜ ਦੀ ਪੂਰੀ ਵਿਵਸਥਾ ਦੇਣੀ ਪਵੇਗੀ।

ਮੱਕੀ, ਕਪਾਹ, ਦਾਲਾਂ, ਤੇਲ ਬੀਜ ਅਤੇ ਹੋਰ ਫ਼ਸਲਾਂ ਨੂੰ ਸਿਰਫ਼ ਖੇਤ ਤੱਕ ਨਹੀਂ, ਸਗੋਂ ਫੂਡ ਪ੍ਰੋਸੈਸਿੰਗ ਅਤੇ ਮੁੱਲ ਵਧਾਉਣ ਵਾਲੀ ਉਦਯੋਗਿਕ ਚੇਨ ਨਾਲ ਜੋੜਨਾ ਹੋਵੇਗਾ।

ਕਿਸਾਨ ਦੀ ਆਮਦਨ ਸੁਰੱਖਿਅਤ ਹੋਵੇਗੀ ਤਾਂ ਹੀ ਪਾਣੀ ਬਚਾਉਣ ਵਾਲਾ ਖੇਤੀ ਮਾਡਲ ਟਿਕਾਊ ਬਣੇਗਾ।

ਇਸ ਵੇਲੇ ਭਾਵਨਾਤਮਕ ਰਾਜਨੀਤੀ ਤੋਂ ਉੱਪਰ ਤੱਥਾਂ ਦੀ ਰਾਜਨੀਤੀ ਨੂੰ ਦਿਸ਼ਾ ਦੇਣ ਦੀ ਲੋੜ ਹੈ। ਪੰਜਾਬ ਦੇ ਦਰਿਆ ਅਤੇ ਧਰਤੀ ਹੇਠਲਾ ਪਾਣੀ ਸਾਡੀ ਅਗਲੀ ਪੀੜ੍ਹੀ ਦੀ ਅਮਾਨਤ ਹਨ।

SYL ਸਮੇਤ ਪਾਣੀ ਦੇ ਮਸਲਿਆਂ ਨੂੰ ਚੋਣਾਂ ਸਮੇਂ ਭਾਵਨਾਵਾਂ ਭੜਕਾਉਣ ਦਾ ਸਾਧਨ ਬਣਾਉਣ ਦੀ ਬਜਾਏ ਤੱਥਾਂ, ਹਾਈਡ੍ਰੋਲੋਜੀਕਲ ਡਾਟਾ, ਸੰਵਿਧਾਨਕ ਪ੍ਰਬੰਧਾਂ ਅਤੇ ਕਾਨੂੰਨੀ ਸਥਿਤੀ ਦੇ ਆਧਾਰ 'ਤੇ ਹੱਲ ਵੱਲ ਵਧਣਾ ਪਵੇਗਾ।

ਪੰਜਾਬ ਦੇ ਹਿੱਤਾਂ ਦੀ ਰੱਖਿਆ ਕਰਦਿਆਂ ਸੰਵਾਦ ਅਤੇ ਸਹਿਕਾਰੀ ਸੰਘਵਾਦ ਦਾ ਰਸਤਾ ਅਪਣਾਉਣਾ ਹੀ ਦੂਰਅੰਦੇਸ਼ੀ ਹੈ।

ਸਰਹੱਦੀ ਪੰਜਾਬ ਨੂੰ ਸੁਰੱਖਿਆ ਦੇ ਨਾਲ ਵਿਕਾਸ ਵੀ ਏਜੰਡੇ ਦਾ ਹਿੱਸਾ ਹੋਣਾ ਚਾਹੀਦਾ ਹੈ। ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਪਠਾਨਕੋਟ, ਫ਼ਿਰੋਜ਼ਪੁਰ ਅਤੇ ਫ਼ਾਜ਼ਿਲਕਾ ਵਰਗੇ ਜ਼ਿਲ੍ਹੇ ਦੇਸ਼ ਦੀ ਸੁਰੱਖਿਆ ਦੀ ਕੀਮਤ ਚੁਕਾਉਂਦੇ ਹਨ।

ਹੁਣ ਇਨ੍ਹਾਂ ਖੇਤਰਾਂ ਨੂੰ Border Security ਤੋਂ Border Development ਵੱਲ ਲਿਜਾਣ ਦੀ ਲੋੜ ਹੈ।

ਉਦਯੋਗ, ਫੂਡ ਪ੍ਰੋਸੈਸਿੰਗ, ਲੌਜਿਸਟਿਕਸ, ਕੋਲਡ ਚੇਨ, ਨਿਰਯਾਤ, ਸੜਕ ਅਤੇ ਰੇਲ ਸੰਪਰਕ ਅਤੇ ਨੌਜਵਾਨਾਂ ਲਈ ਹੁਨਰ ਤੇ ਰੁਜ਼ਗਾਰ—ਇਹ ਸਰਹੱਦੀ ਜ਼ਿਲ੍ਹਿਆਂ ਨੂੰ ਪੰਜਾਬ ਦੀ ਆਰਥਿਕ ਤਾਕਤ ਵਿੱਚ ਬਦਲ ਸਕਦੇ ਹਨ।

ਜੋ ਪੰਜਾਬ ਦੇਸ਼ ਦੀ ਸਰਹੱਦ ਦੀ ਰਾਖੀ ਕਰਦਾ ਹੈ, ਉਸ ਪੰਜਾਬ ਨੂੰ ਵਿਕਾਸ ਦੀ ਸਰਹੱਦ 'ਤੇ ਵੀ ਅੱਗੇ ਲਿਆਉਣਾ ਪਵੇਗਾ।

ਵਿਰਾਸਤ ਨੂੰ ਵੋਟ ਬੈਂਕ ਨਹੀਂ, ਪੰਜਾਬ ਦੀ Soft Power ਬਣਾਈਏ। ਪੰਜਾਬ ਦੀ ਸਿੱਖ ਵਿਰਾਸਤ, ਇਤਿਹਾਸਕ ਗੁਰਧਾਮ, ਸ੍ਰੀ ਕਰਤਾਰਪੁਰ ਸਾਹਿਬ, ਸ੍ਰੀ ਹਰਿਮੰਦਰ ਸਾਹਿਬ ਨਾਲ ਜੁੜੀ ਆਧਿਆਤਮਿਕ ਵਿਰਾਸਤ, ਮਲੇਰਕੋਟਲਾ ਦੀ ਸਾਂਝੀ ਵਿਰਾਸਤ ਅਤੇ ਦੁਨੀਆ ਭਰ ਵਿੱਚ ਵੱਸਦਾ ਪੰਜਾਬੀ ਡਾਇਸਪੋਰਾ ਪੰਜਾਬ ਦੀ ਅਸਾਧਾਰਣ ਤਾਕਤ ਹੈ।

ਇਸ ਵਿਰਾਸਤ ਨੂੰ ਸਿਆਸੀ ਟਕਰਾਅ ਦਾ ਸਾਧਨ ਨਹੀਂ, ਸਗੋਂ ਹੈਰੀਟੇਜ ਟੂਰਿਜ਼ਮ, ਰੁਜ਼ਗਾਰ, ਨਿਵੇਸ਼ ਅਤੇ ਸੱਭਿਆਚਾਰਕ ਕੂਟਨੀਤੀ ਦਾ ਆਧਾਰ ਬਣਾਉਣਾ ਚਾਹੀਦਾ ਹੈ।

ਪੰਜਾਬ ਦਾ ਇਤਿਹਾਸ ਵੰਡਣ ਲਈ ਨਹੀਂ, ਦੁਨੀਆ ਨੂੰ ਪੰਜਾਬ ਦੀ ਸਾਂਝੀ ਵਿਰਾਸਤ ਦੱਸਣ ਲਈ ਵਰਤਿਆ ਜਾਣਾ ਚਾਹੀਦਾ ਹੈ।

ਸਿਆਸਤ ਨੂੰ ਵਾਅਦਿਆਂ ਤੋਂ ਜਵਾਬਦੇਹੀ ਤੱਕ ਲਿਜਾਣ ਦੀ ਲੋੜ ਹੈ। ਪੰਜਾਬ ਦੇ ਲੋਕਾਂ ਨੂੰ ਹੁਣ ਹਰ ਚੋਣ ਵਿੱਚ ਨਵਾਂ ਐਲਾਨ ਨਹੀਂ ਚਾਹੀਦਾ। ਉਹ ਪੁਰਾਣੇ ਐਲਾਨਾਂ ਦਾ ਹਿਸਾਬ ਮੰਗਦੇ ਹਨ।

ਪੰਜਾਬ ਦੇ ਲੋਕ ਅਸਲ ਜਵਾਬਦੇਹੀ ਅਤੇ ਸੁਸ਼ਾਸਨ ਚਾਹੁੰਦੇ ਹਨ। ਪੰਜਾਬ ਭਾਜਪਾ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਇਸ ਪ੍ਰਤੀ ਵਚਨਬੱਧ ਹੈ।

ਪੰਜਾਬ ਭਾਜਪਾ ਦੀ ਰਾਜਨੀਤੀ ਨਸ਼ੇ ਦੇ ਵਿਰੁੱਧ ਹੈ। ਗੈਂਗਸਟਰਵਾਦ ਦੇ ਵਿਰੁੱਧ ਹੈ। ਭ੍ਰਿਸ਼ਟਾਚਾਰ ਦੇ ਵਿਰੁੱਧ ਹੈ। ਬੇਰੁਜ਼ਗਾਰੀ ਦੇ ਵਿਰੁੱਧ ਹੈ। ਆਰਥਿਕ ਗਿਰਾਵਟ ਦੇ ਵਿਰੁੱਧ ਹੈ। ਪੰਜਾਬ ਨੂੰ ਵੰਡਣ ਵਾਲੀ ਰਾਜਨੀਤੀ ਦੇ ਵਿਰੁੱਧ ਹੈ ਅਤੇ ਇਹ ਹਰ ਪੰਜਾਬੀ ਲਈ ਸੁਰੱਖਿਆ, ਸਨਮਾਨ ਅਤੇ ਮੌਕੇ, ਖੁਸ਼ਹਾਲ, ਨਸ਼ਾ-ਮੁਕਤ, ਰੁਜ਼ਗਾਰਯੋਗ ਅਤੇ ਉਦਯੋਗਿਕ ਤੌਰ 'ਤੇ ਮਜ਼ਬੂਤ ਪੰਜਾਬ ਦੇ ਹੱਕ ਵਿੱਚ ਹੈ।

ਇਸ ਲਈ 2027 ਦੀ ਚੋਣ ਨੂੰ ਸਿਰਫ਼ ਸਰਕਾਰ ਬਦਲਣ ਦੀ ਚੋਣ ਬਣਾਉਣਾ ਪੰਜਾਬ ਨਾਲ ਨਿਆਂ ਨਹੀਂ ਹੋਵੇਗਾ। ਇਹ ਚੋਣ ਸਿਆਸਤ ਦੀ ਦਿਸ਼ਾ ਬਦਲਣ ਦੀ ਚੋਣ ਹੋਣੀ ਚਾਹੀਦੀ ਹੈ। ਇਹੀ ਨਵੇਂ ਪੰਜਾਬ ਲਈ ਦਿਸ਼ਾ ਹੈ। ਇਹੀ ਪੰਜਾਬ ਭਾਜਪਾ ਦਾ ਏਜੰਡਾ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ, 9781355522)**

# ਕਮਿਸ਼ਨ ਵੱਲੋਂ ਅਣਅਧਿਕਾਰਤ ਟਰੈਵਲ ਏਜੰਟਾਂ ਦੀ ਸੂਚੀ ਮੰਗੀ ਹੈ: ਗਿੱਲ

**ਚੌਂਕ ਮਹਿਤਾ,8 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਓਨ੍ਹਾ ਸਮੂਹ ਠੱਗ ਟ੍ਰੈਵਲ ਏਜੰਟਾਂ ਨੂੰ ਚੇਤਾਵਨੀ ਦਿੱਤੀ ਹੈ ਜੋ ਲੋਕਾਂ ਦੀ ਜ਼ਿੰਦਗੀ ਭਰ ਦੀ ਕਮਾਈ ਲੁੱਟ ਲੈਂਦੇ ਹਨ,ਤੇ ਨਿਆਂ ਵੀ ਨਹੀਂ ਦਿੰਦੇ ਹਨ।ਉਨਾ ਨੇ ਉਚੇਚੇ ਤੌਰ 'ਤੇ ਦੱਸਿਆ ਕਿ ਕਮਿਸ਼ਨ ਨੇ ਜਿਲਿਆਂ ਦੇ ਸਮੂਹ ਡਿਪਟੀ ਕਮਿਸ਼ਨਰਾਂ ਤੋਂ ਰਜਿਸਟਰਡ ਇੰਮੀਗ੍ਰੇਸ਼ਨ ਅਤੇ ਅਣ-ਅਧਿਕਾਰਤ ਤੌਰ ਤੇ ਦਫਤਰ ਖੋਲ੍ਹ ਲੋਕਾਂ ਦੇ ਧੀਆਂ ਪੁੱਤਾਂ ਨਾਲ ਧੋਖਾ ਕਰਨ ਵਾਲੇ ਲੋਕਾਂ ਦੇ ਨਾਵਾਂ ਦੀ ਸੂਚੀ ਸਮੇਤ ਅਪਰਾਧਿਕ ਪਿਛੋਕੜ ਵਾਲਾ ਵੇਰਵਾ ਮੰਗ ਲਿਆ ਹੈ।

ਗਿੱਲ ਨੇ ਦੱਸਿਆ ਕਿ ਬਿਨਾ ਲਾਈਸੰਸ ਦਫਤਰ ਖੋਲ੍ਹ ਕਬੂਤਰਬਾਜੀ ਦੇ ਧੰਦੇਂ 'ਚ ਸ਼ਾਮਲ ਲੋਕਾਂ ਵੱਲੋਂ ਭੋਲੇ ਭਾਲੇ ਲੋਕਾਂ ਦੇ ਦਸਤਾਵੇਜ਼ ਅਤੇ ਪਾਸਪੋਰਟ ਲੋਕਰਾਂ 'ਚ ਜਬਰੀ ਰੱਖਣ ਦੇ ਮਾਮਲੇ ਤੇ ਕਮਿਸ਼ਨ ਬਹੁਤ ਸਖਤ ਹੋ ਚੁੱਕਾ ਹੈ।

ਉਨਾ ਨੇ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ 'ਚ ਟ੍ਰੈਵਲ ਏਜੰਟੀ ਦਾ ਕੰਮ ਕਰ ਰਹੇ ਲੋਕਾਂ ਦੀ ਸੂਚੀ ਅਤੇ ਵੇਰਵੇ ਜ਼ਿਲ੍ਹੇ ਅੰਮ੍ਰਿਤਰ ਦੇ ਡਿਪਟੀ ਕਮਿਸ਼ਨ ਕੋਲੋਂ ਮੰਗ ਲਏ ਹਨ।

ਉਨ੍ਹਾ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਠੱਗ ਟ੍ਰੈਵਲ ਏਜੰਟਾਂ ਖਿਲਾਫ ਸ਼ਿਕਾਇਤ ਪੀੜਤ ਲੋਕ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਭੇਜ ਸਕਦੇ ਹਨ ਤਾਂ ਕਿ ਉਹਨਾ ਨੂੰ ਇਨਸਾਫ ਮਿਲ ਸਕੇ।



# ਬਾਬਾ ਸਾਹਿਬ ਦੁਆਰਾ ਮੰਗੀਆਂ ਦੋ ਵੋਟਾਂ ਵਿੱਚੋਂ ਇੱਕ ਵੋਟ ਤਾਂ ਤੁਹਾਡੇ ਗਾਂਧੀ ਨੇ ਪੂਨਾ ਪੈਕਟ ਦੇ ਰਾਹੀਂ ਖੋਹ ਲਈ

ਵਿਚਾਰ ਆਪੋ-ਆਪਣਾ



ਸਤਿਕਾਰਯੋਗ ਬਹੁਜਨ ਸਤਿਕਾਰਯੋਗ ਬਹੁਜਨ ਸਾਥੀਓ ਜ਼ੇਕਰ ਬੀਜੇਪੀ ਨੂੰ ਗਰੀਬਾਂ ਦਾ ਬਹੁਤਾ ਹੇਜ ਆਉਂਦਾ ਹੀ ਹੈ ਤਾਂ ਗੁਰੂ ਰਵਿਦਾਸ ਮਹਾਰਾਜ ਜੀ ਦਾ ਤੁਗਲਕਾ ਬਾਗ ਨੂੰ ਢਾਉਣਾ ਤੇ ਕਬਜ਼ਾ ਕਰਨਾ ਕਿਵੇਂ ਜਾਇਜ਼ ਠਹਿਰਾਇਆ ਜਾ ਸਕਦਾ ਹੈ ?ਚਲੋ ਮੰਨ ਲੈਦੇ ਆ ਤੁਸੀਂ ਗਲਤ ਕਰ ਲਈ ਪ੍ਰੰਤੂ ਉਹ ਸਾਡਾ ਧਾਰਮਿਕ ਸਥਾਨ ਹੈ ਉਥੇ ਕਦੇ ਕੋਈ ਕਮਰਾ ਬਣਾਇਆ ਤੁਸੀਂ ? ਇੱਕ ਗੱਲ ਹੋਰ ਜੇ ਤੁਸੀਂ ਗਰੀਬ ਜਨਤਾ ਦਾ ਕੋਈ ਫਾਇਦਾ ਕਰਨਾ ਚਾਹੁੰਦੇ ਹੋ ਤਾਂ ਕਾਲਜ ਅਤੇ ਯੂਨੀਵਰਸਿਟੀਆਂ ਵੀ ਖੋਹਲੋ ਜਿੱਥੇ ਸਾਡੇ ਬੱਚੇ ਪੜ੍ਹ ਕੇ ਆਪਣਾ ਰੁਜ਼ਗਾਰ ਕਮਾ ਸਕਣ ! ਭਾਜਪਾ ਸਰਕਾਰ ਨੇ ਦੇਸ਼ ਵਿੱਚੋਂ ਨੌਕਰੀਆਂ ਖਤਮ ਕਰ ਦਿੱਤੀਆਂ ਹਨ ਅਤੇ ਨੌਜਵਾਨਾਂ ਵਿੱਚ ਨਸ਼ਾ ਕੇਂਦਰ ਸਰਕਾਰ ਵੇਚ ਰਹੀ ਹੈ ।ਨਾਂ ਸਾਡੇ ਪੰਜਾਬ ਦਾ ਲੱਗ ਰਿਹਾ। ਹਾਂ ਇਹ ਗੱਲ ਠੀਕ ਹੈ ਕਿ ਦੁੱਧ ਧੋਤੀ ਪੰਜਾਬ ਸਰਕਾਰ ਵੀ ਨਹੀਂ ਹੈ।ਬਾਬਾ ਸਾਹਿਬ ਦੁਆਰਾ ਮੰਗੀਆਂ ਦੋ ਵੋਟਾਂ ਵਿੱਚੋਂ ਇੱਕ ਵੋਟ ਤਾਂ ਤੁਹਾਡੇ ਗਾਂਧੀ ਨੇ ਪੂਨਾ ਪੈਕਟ ਦੇ ਰਾਹੀਂ ਖੋਹ ਲਈ ਸੀ ਅਤੇ ਦੂਸਰੀ ਵੋਟ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਸਾਡੇ ਨੌਜਵਾਨ ਮੁੰਡਿਆਂ ਨੂੰ ਨਸ਼ਿਆਂ ਵਿੱਚ ਲਾ ਕੇ ਖੋਹਣ ਦਾ ਯਤਨ ਕੀਤਾ ਹੈ ਇਸ ਦਾ ਖਮਿਆ ਗਿਆ ਸਰਕਾਰ ਨੂੰ ਆਉਣ ਵਾਲੇ ਭਵਿੱਖ ਵਿੱਚ ਭੁਗਤਣਾ ਪਵੇਗਾ ਇਹ ਚੋਰ ਚਲਾਕੀਆਂ ਸਰਕਾਰ ਨੂੰ ਹੁਣ ਬੰਦ ਕਰ ਦੇਣੀਆਂ ਚਾਹੀਦੀਆਂ ਹਨ ਦਿੱਲੀ ਵਿੱਚ ਜੋ ਕੁਝ ਹੋ ਰਿਹਾ ਤੁਸੀਂ ਆਪਣੇ ਅੱਖੀ ਵੇਖਣਾ ਸ਼ੁਰੂ ਕਰ ਦਿੱਤਾ ਹੈ ਸਿਆਣੇ ਬਣੋ ਸਮਝਦਾ ਬਣੋ ਇਨਸਾਨ ਦੀ ਕਦਰ ਕਰਨਾ ਸਿੱਖੋ ਸਾਡੇ ਗੁਰੂ ਦਾ ਖੋਹਿਆ ਹੋਇਆ ਧਾਰਮਿਕ ਅਸਥਾਨ ਅਤੇ ਉਸਦੀ ਜਗਹਾ ਆਪਣੇ ਆਪ ਵਾਪਸ ਕਰ ਦਿਓ ਨਹੀਂ ਫਿਰ ਨਾ ਕਿਹੋ ਕੀ ਇਹ ਕੀ ਹੋ ਗਿਆ ! ਕਿਉਂਕਿ ਮਜ਼ਦੂਰ ਲੋਕ ਆਪਣੇ ਹੱਕ ਲੈਣਾ ਸਮਝ ਗਏ ਹਨ ਅਸੀਂ ਜਾਣਦੇ ਹਾਂ ਕਿ ਤੁਹਾਡੀ ਮਾਨਸਿਕਤਾ ਬਹੁਤ ਭੈੜੀ ਹੈ ਤੁਸੀਂ ਤੁਸੀਂ ਨਹੀਂ ਚਾਹੁੰਦੇ ਕਿ ਭਾਰਤ ਦੇ ਕਿਸੇ ਸਮੇਂ ਦੇ ਰਾਜੇ ਲੋਕ ਇਸ ਦੇਸ਼ ਵਿੱਚ ਦੁਬਾਰਾ ਤੋਂ ਆਪਣੇ ਆਜ਼ਾਦੀ ਮੰਗਣੀ ਸ਼ੁਰੂ ਕਰਨ ਇਹ ਇਸ ਦੇਸ਼ ਦੇ ਯੁਗਾਂ ਤੋਂ ਮੂਲ ਨਿਵਾਸੀ ਹਨ ਤੁਸੀਂ ਬਾਹਰੋਂ ਆਏ ਹੋ ਜੇਕਰ ਮੁਗਲ ਇੰਗਲੈਂਡ ਦੇ ਗੋਰੇ ਇਸ ਦੇਸ਼ ਵਿੱਚ ਜਾ ਸਕਦੇ ਹਨ ਤਾਂ ਤੁਸੀਂ ਕਿਉਂ ਨਹੀਂ ਇਸ ਦੇਸ਼ ਨੂੰ ਛੱਡ ਕੇ ਜਾ ਰਹੇ ? ਬਾਹਰੀ ਹਮਲਾਵਰਾਂ ਨੇ ਇਸ ਦੇਸ਼ ਨੂੰ ਲੁੱਟਿਆ ਤੇ ਕੁੱਟਿਆ ਪਰੰਤੂ ਇਥੇ ਕੁਝ ਨਾ ਕੁਝ ਜਰੂਰ ਅਜਿਹਾ ਕੀਤਾ ਜਿਸ ਨੂੰ ਭਾਰਤ ਦੇ ਲੋਕ ਯਾਦ ਕਰਦੇ ਹਨ ਤੁਸੀਂ ਇਸ ਦੇਸ਼ ਨੂੰ ਸਿਰਫ ਲੁੱਟਿਆ ਹੈ ਅਤੇ ਦੇਸ਼ ਦਾ ਕੁਝ ਨਹੀਂ ਸਵਾਰਿਆ ਤੁਸੀਂ ਭਾਰਤ ਦਾ ਸੰਵਿਧਾਨ ਖਤਮ ਕਰਕੇ ਇਥੇ ਮਨੋ ਸਿਮਰਤੀ ਲਾਉਣ ਲਈ ਪੱਬਾ ਭਾਰ ਹੋਏ ਬੈਠੇ ਹੋ ਬਹੁਤ ਸ਼ਰਮ ਦੀ ਗੱਲ ਹੈ ਤੁਹਾਡੇ ਵਾਸਤੇ ਭਾਰਤ ਦੇ ਲੋਕ ਤੁਹਾਡੀਆਂ ਚਾਲਾਂ ਤੋਂ ਜਾਣੂ ਹੋ ਚੁੱਕੇ ਹਨ ਤੁਹਾਨੂੰ ਵੀ ਸਿਆਣੇ ਹੋ ਕੇ ਆਪਣੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ ।ਭਾਰਤ ਦਾ ਹੀ ਨਹੀਂ ਵਿਸ਼ਵ ਦਾ ਸਭ ਤੋਂ ਵਧੀਆ ਧਰਮ ਮੇਰਾ ਭਾਵ ਮਹਾਤਮਾ ਬੁੱਧ ਦਾ ਧਰਮ ਹੈ ਤੁਸੀਂ ਭਾਰਤ ਦਾ ਇਤਿਹਾਸ ਮਿਟਾਉਣ ਦੀ ਬਹੁਤ ਕੋਸ਼ਿਸ਼ ਕੀਤੀ ਪ੍ਰੰਤੂ ਤੁਸੀਂ ਸਫਲ ਨਹੀਂ ਹੋਏ ।ਤੁਸੀਂ ਮਿਟਾਉਣ ਦੀ ਬਹੁਤ ਕੋਸ਼ਿਸ਼ ਕੀਤੀ ਹੈ ਉਹ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ ਹੈ ਤੁਸੀਂ ਇਹ ਨੂੰ ਸਭ ਕੁਝ ਸਮਝਦੇ ਅਤੇ ਜਾਣਦੇ ਹੋ ।ਇਹ ਦੇਸ ਭਾਰਤ ਦੇ ਸੰਵਿਧਾਨ ਨਾਲ ਚੱਲਣਾ ਚਾਹੀਦਾ ਹੈ ਤੁਹਾਡੀ ਮਨੂ ਸਿਮਰਤੀ ਨਾਲ ਨਹੀਂ। ਇਹ ਕਲਸ਼ ਯਾਤਰਾਵਾਂ ਤੁਹਾਡੀ ਡੁਬਦੀ ਬੇੜੀ ਨੂੰ ਪਾਰ ਨਹੀਂ ਲੰਘਾਉਣੀਗੀਆਂ ।ਮੰਦਰਾਂ ਵਿੱਚੋਂ ਪੁਜਾਰੀ ਨਿਕਲਦੇ ਹਨ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚੋਂ ਸਾਇੰਸਦਾਨ ਅਤੇ ਵਿਗਿਆਨੀ ਨਿਕਲਦੇ ਸਮਾਂ ਰਹਿੰਦੇ ਹੋਸ ਵਿੱਚ ਆਓ ਬਾਕੀ ਤੁਹਾਡੀਆਂ ਕੀਤੀਆਂ ਗਲਤੀਆਂ ਦਾ ਅਹਿਸਾਸ ਦਿੱਲੀ ਦੀਆਂ ਸੜਕਾਂ ਉੱਤੇ ਤੁਹਾਡੇ ਸਾਹਮਣੇ ਆਉਣਾ ਸ਼ੁਰੂ ਹੋ ਗਿਆ ਹੈ।

**-ਲੇਖਕ ਡਾਕਟਰ ਜਗਜੀਵਨ ਸਿੰਘ ਪ੍ਰਧਾਨ ਮਾਤਾ ਚੰਦ ਕੌਰ ਯਾਦਗਾਰੀ ਟਰਸਟ ਰਜਿਸਟਰਡ ਸ਼ੇਰਪੁਰ ਜਿਲਾ ਸੰਗਰੂਰ ਪੰਜਾਬ ।**

# ਤਰਸਿੱਕਾ ਨੂੰ ਸੁਤੰਤਰ ਵਿਕਾਸ ਬਲਾਕ ਬਣਾਉਣਾ ਸਰਕਾਰ ਦਾ ਇਤਿਹਾਸਕ ਫੈਸਲਾ: ਬਲਜੀਤ ਸਿੰਘ ਉਦੋ ਨੰਗਲ, ਰਜਵੰਤ ਕੌਰ

## ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਅਣਥੱਕ ਯਤਨਾਂ ਸਦਕਾ ਹਲਕੇ ਨੂੰ ਮਿਲਿਆ ਆਪਣਾ ਬਲਾਕ

**ਚੌਂਕ ਮਹਿਤਾ 8 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਤਰਸਿੱਕਾ ਨੂੰ ਮੁੜ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਦੇਣ ਦੇ ਇਤਿਹਾਸਕ ਫੈਸਲੇ ਦਾ ਸਵਾਗਤ ਕਰਦਿਆਂ ਬਲਜੀਤ ਸਿੰਘ ਉਦੋ ਨੰਗਲ ਜਨਰਲ ਸੈਕਟਰੀ ਪੰਜਾਬ, ਮੈਡਮ ਰਜਵੰਤ ਕੌਰ ਬਲਾਕ ਸੰਮਤੀ ਮੈਂਬਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਮੁੱਚੀ ਪੰਜਾਬ ਕੈਬਨਿਟ ਅਤੇ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦਾ ਵਿਸੇਸ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਤਰਸਿੱਕਾ ਨੂੰ ਹੁਣ ਪੂਰੀ ਤਰ੍ਹਾਂ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਮਿਲ ਗਿਆ ਹੈ, ਜਿਸ ਦਾ ਲਾਭ ਮੁੱਖ ਤੌਰ 'ਤੇ ਜੰਡਿਆਲਾ ਗੁਰੂ ਹਲਕੇ ਨੂੰ ਮਿਲੇਗਾ। ਪਹਿਲਾਂ ਇਹ ਪ੍ਰਬੰਧਕੀ ਤੌਰ 'ਤੇ ਤਿੰਨ ਵਿਧਾਨ ਸਭਾ ਹਲਕਿਆਂ ਵਿੱਚ ਵੰਡਿਆ ਹੋਇਆ ਸੀ, ਜਿਸ ਕਾਰਨ ਵਿਕਾਸ ਕਾਰਜਾਂ ਅਤੇ ਪ੍ਰਸਾਸਨਿਕ ਸੇਵਾਵਾਂ ਵਿੱਚ ਕਈ ਦਿੱਕਤਾਂ ਪੈਦਾ ਹੁੰਦੀਆਂ ਸਨ ।ਹੁਣ ਨਿਰੋਲ ਬਲਾਕ ਬਣਨ ਨਾਲ ਯੋਜਨਾਬੱਧ ਅਤੇ ਤੇਜ ਵਿਕਾਸ ਨੂੰ ਹੁਲਾਰਾ ਮਿਲੇਗਾ। ਬਲਜੀਤ ਸਿੰਘ ਉਦੋ ਨੰਗਲ ਜਨਰਲ ਸੈਕਟਰੀ ਪੰਜਾਬ, ਮੈਡਮ ਰਜਵੰਤ ਕੌਰ ਬਲਾਕ ਸੰਮਤੀ ਮੈਂਬਰ ਨੇ ਦੱਸਿਆ ਕਿ ਤਰਸਿੱਕਾ ਪਹਿਲਾਂ ਸਿਰਫ ਇੱਕ ਪ੍ਰਬੰਧਕੀ (ਐਡਮਿਨਿਸਟ੍ਰੇਟਿਵ) ਬਲਾਕ ਵਜੋਂ ਕੰਮ ਕਰਦਾ ਸੀ, ਜਿਸ ਕਾਰਨ ਪੰਚਾਇਤ ਅਤੇ ਪੇਂਡੂ ਵਿਕਾਸ ਵਿਭਾਗ ਨਾਲ ਸਬੰਧਤ ਕਈ ਪ੍ਰਸਾਸਨਿਕ ਸੇਵਾਵਾਂ ਲਈ ਇਲਾਕੇ ਦੇ ਲੋਕਾਂ ਨੂੰ ਹੋਰ ਥਾਵਾਂ ਦੇ ਚੱਕਰ ਕੱਟਣੇ ਪੈਂਦੇ ਸਨ। ਹੁਣ ਇਸ ਨੂੰ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਮਿਲਣ ਨਾਲ ਲੋਕਾਂ ਨੂੰ ਆਪਣੇ ਹੀ ਖੇਤਰ ਵਿੱਚ ਪ੍ਰਸਾਸਨਿਕ ਸੇਵਾਵਾਂ ਹੋਰ ਸੁਚਾਰੂ, ਤੇਜ ਅਤੇ ਪ੍ਰਭਾਵਸਾਲੀ ਢੰਗ ਨਾਲ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਤਰਸਿੱਕਾ ਬਲਾਕ ਦੀ ਸੁਤੰਤਰ ਤੌਰ 'ਤੇ ਬਹਾਲੀ ਲਈ ਲਗਾਤਾਰ ਕੀਤੇ ਗਏ ਅਣਥੱਕ ਯਤਨਾਂ ਦੇ ਸਿੱਟੇ ਵਜੋਂ ਪੰਜਾਬ ਕੈਬਨਿਟ ਨੇ ਇਸ ਇਤਿਹਾਸਕ ਫੈਸਲੇ 'ਤੇ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਪ੍ਰਸਾਸਨਿਕ ਫੈਸਲਾ ਨਹੀਂ, ਸਗੋਂ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਦੀ ਪੂਰਤੀ ਹੈ, ਜਿਸ ਨਾਲ ਸਮੁੱਚੇ ਇਲਾਕੇ ਵਿੱਚ ਖੁਸੀ ਦੀ ਲਹਿਰ ਹੈ। ਉਨ੍ਹਾਂ ਨੇ ਦੱਸਿਆ ਕਿ ਤਰਸਿੱਕਾ ਹੁਣ ਪੰਜਾਬ ਦਾ 155ਵਾਂ ਸੁਤੰਤਰ ਵਿਕਾਸ ਬਲਾਕ ਬਣ ਗਿਆ ਹੈ। ਇਸ ਨਾਲ ਤਰਸਿੱਕਾ ਅਤੇ ਇਸ ਨਾਲ ਲੱਗਦੇ ਕਰੀਬ 60 ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫਤਾਰ ਮਿਲੇਗੀ। ਨਾਲ ਹੀ ਪੰਚਾਇਤ ਅਤੇ ਪੇਂਡੂ ਵਿਕਾਸ ਵਿਭਾਗ ਨਾਲ ਸਬੰਧਤ ਸੇਵਾਵਾਂ ਸਥਾਨਕ ਪੱਧਰ 'ਤੇ ਹੀ ਉਪਲਬਧ ਹੋਣ ਕਾਰਨ ਲੋਕਾਂ ਦੇ ਸਮੇਂ ਅਤੇ ਖਰਚੇ ਦੋਵਾਂ ਦੀ ਬਚਤ ਹੋਵੇਗੀ, ਜਦਕਿ ਵਿਕਾਸ ਕਾਰਜਾਂ ਵਿੱਚ ਵੀ ਤੇਜੀ ਆਵੇਗੀ।





ਆਵਾਜ਼ਿ ਕੌਮ AWAZE QAUM International Newspaper & WEB TV

### ਵਾਰਡ ਨੰਬਰ 6 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

# ਮੁਟਿਆਰਾਂ ਤੇ ਵਿਆਹੀਆਂ ਔਰਤਾਂ ਨੇ ਪੁਰਾਤਨ ਪੰਜਾਬੀ ਸੱਭਿਆਚਾਰ ਨੂੰ ਕੀਤਾ ਯਾਦ







**ਤਲਵੰਡੀ ਸਾਬੋ, 8 ਅਗਸਤ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਸ਼ਹਿਰ ਦੇ ਵਾਰਡ ਨੰਬਰ 6 ਵਿੱਚ ਰਮਨਦੀਪ ਕੌਰ ਗਿੱਲ/ਅਮਨਦੀਪ ਕੌਰ ਗਿੱਲ ਦੇ ਘਰ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮੁਟਿਆਰਾਂ, ਵਿਆਹੀਆਂ ਔਰਤਾਂ ਅਤੇ ਪਰਿਵਾਰਕ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਔਰਤਾਂ ਨੇ ਰਵਾਇਤੀ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਂਦਿਆਂ ਪੁਰਾਤਨ ਗੀਤਾਂ ਨੂੰ ਜੀਵੰਤ ਕੀਤਾ। ਸਮਾਗਮ ਦੌਰਾਨ ਔਰਤਾਂ ਵੱਲੋਂ ਚਰਖਾ ਕੱਤਿਆ ਗਿਆ ਅਤੇ ਚਰਖੇ 'ਤੇ ਤੰਦ ਪਾ ਕੇ ਪੁਰਾਣੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ ਗਈ। ਇਸ ਮੌਕੇ ਮਾਹੌਲ ਪੂਰੀ ਤਰ੍ਹਾਂ ਪੰਜਾਬੀ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਮੌਕੇ ਗੱਲਬਾਤ ਕਰਦਿਆਂ ਜਸਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਆਪਣੇ ਅਮੀਰ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸੰਭਾਲ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸ ਰਹੀਆਂ ਪੰਜਾਬੀ ਕੁੜੀਆਂ ਨੂੰ ਵੀ ਅਜਿਹੇ ਤਿਉਹਾਰ ਜ਼ਰੂਰ ਮਨਾਉਣੇ ਚਾਹੀਦੇ ਹਨ, ਤਾਂ ਜੋ ਨਵੀਂ ਪੀੜ੍ਹੀ ਆਪਣੇ ਸੱਭਿਆਚਾਰ ਅਤੇ ਪੁਰਾਤਨ ਰਵਾਇਤਾਂ ਨਾਲ ਜੁੜੀ ਰਹੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਮਾੜੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਮਾਪਿਆਂ ਵੱਲੋਂ ਦਿੱਤੇ ਸੰਸਕਾਰਾਂ 'ਤੇ ਚੱਲਣ ਦਾ ਸੁਨੇਹਾ ਵੀ ਦਿੱਤਾ। ਵੀਰਪਾਲ ਕੌਰ ਨੇ ਦੱਸਿਆ ਕਿ ਪਿਛਲੇ 10-12 ਦਿਨਾਂ ਤੋਂ ਤੀਆਂ ਦਾ ਤਿਉਹਾਰ ਰਵਾਇਤੀ ਢੰਗ ਨਾਲ ਮਨਾਇਆ ਜਾ ਰਿਹਾ ਸੀ ਅਤੇ ਅੱਜ ਸਮਾਪਤੀ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਮੌਸਮ ਨੇ ਵੀ ਸਾਥ ਦਿੱਤਾ ਅਤੇ ਹਲਕੀ ਬਾਰਿਸ਼ ਕਾਰਨ ਮੌਸਮ ਸੁਹਾਵਣਾ ਹੋਣ ਨਾਲ ਸਮਾਗਮ ਦਾ ਆਨੰਦ ਹੋਰ ਵਧ ਗਿਆ। ਉਨ੍ਹਾਂ ਦੱਸਿਆ ਕਿ ਪਿਛਲੇ 5-6 ਸਾਲਾਂ ਤੋਂ ਲਗਾਤਾਰ ਇਹ ਤਿਉਹਾਰ ਘਰ ਵਿੱਚ ਮਨਾਇਆ ਜਾ ਰਿਹਾ ਹੈ ਅਤੇ ਅੱਗੇ ਵੀ ਇਸ ਪਰੰਪਰਾ ਨੂੰ ਜਾਰੀ ਰੱਖਿਆ ਜਾਵੇਗਾ। ਜਸਪ੍ਰੀਤ ਕੌਰ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਔਰਤਾਂ ਅਤੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਪਰਿਵਾਰਾਂ ਨੂੰ ਇਕੱਠਾ ਕਰਨ ਦਾ ਵੀ ਮੌਕਾ ਦਿੰਦੇ ਹਨ। ਵਿਆਹੀਆਂ ਧੀਆਂ ਵੀ ਆਪਣੇ ਪੇਕੇ ਪਰਿਵਾਰਾਂ ਨਾਲ ਮਿਲ ਕੇ ਪੁਰਾਣੀਆਂ ਯਾਦਾਂ ਤਾਜ਼ਾ ਕਰਦੀਆਂ ਹਨ ਅਤੇ ਆਪਸੀ ਪਿਆਰ ਤੇ ਸਾਂਝ ਹੋਰ ਮਜ਼ਬੂਤ ਹੁੰਦੀ ਹੈ। ਇਸ ਮੌਕੇ ਕਿਰਨਦੀਪ ਕੌਰ ਗਿੱਲ ਨੇ ਪੰਜਾਬੀ ਬੋਲੀਆਂ ਪਾ ਕੇ ਸਮਾਗਮ ਵਿੱਚ ਰੌਣਕਾਂ ਲਾ ਦਿੱਤੀਆਂ। ਉਨ੍ਹਾਂ ਦੀਆਂ ਬੋਲੀਆਂ 'ਤੇ ਹਾਜ਼ਰ ਔਰਤਾਂ ਅਤੇ ਮੁਟਿਆਰਾਂ ਨੇ ਖੂਬ ਨੱਚ ਕੇ ਤੀਆਂ ਦੇ ਤਿਉਹਾਰ ਦਾ ਆਨੰਦ ਮਾਣਿਆ। ਕਿਰਨਦੀਪ ਕੌਰ ਗਿੱਲ ਦੀਆਂ ਬੋਲੀਆਂ ਨੇ ਸਮਾਗਮ ਨੂੰ ਪੰਜਾਬੀ ਸੱਭਿਆਚਾਰਕ ਰੰਗ ਵਿੱਚ ਰੰਗ ਦਿੱਤਾ। ਇਸ ਮੌਕੇ 'ਤੇ ਮਲਕੀਤ ਕੌਰ,ਪਰਮਜੀਤ ਕੌਰ, ਕਿਰਨਦੀਪ ਕੌਰ ਗਿੱਲ ਸਰਬਜੀਤ ਕੌਰ, ਮਨਪ੍ਰੀਤ ਕੌਰ, ਸੰਦੀਪ ਕੌਰ, ਜਸਕੀਰਤ ਕੌਰ, ਜਸਦੀਪ ਕੌਰ, ਵੀਰਪਾਲ ਕੌਰ ਹਾਜ਼ਰ ਸਨ।ਅਖੀਰ ਵਿੱਚ ਰਮਨਦੀਪ ਕੌਰ ਅਤੇ ਅਮਨਦੀਪ ਕੌਰ ਗਿੱਲ ਨੇ ਘਰ ਆਏ ਹੋਇਆਂ ਦਾ ਸਾਰਿਆਂ ਦਾ ਧੰਨਵਾਦ ਕੀਤਾ।

### ਵਰ੍ਹਦੇ ਮੀਂਹ 'ਚ ਪਿੰਡ ਚੰਨਣਕੇ ਲੋਕ ਮਿਲਣੀ

# ਸਰਕਾਰ ਵੱਲੋਂ ਹਰ ਵਾਅਦਾ ਪੂਰਾ ਕਰਨ ਦੀ ਵਚਨਬੱਧਤਾ-ਤਲਬੀਰ ਸਿੰਘ ਗਿੱਲ

**ਚੌਕ ਮਹਿਤਾ, 8 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਵਰ੍ਹਦੇ ਮੀਂਹ ਵਿੱਚ ਲੋਕ ਮਿਲਣੀ ਦੌਰਾਨ ਪਿੰਡ ਚੰਨਣਕੇ ਵਿਖੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਵੱਲੋਂ ਆਯੋਜਿਤ ਕੀਤੀ ਗਈ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਪੂਰੀ ਇਮਾਨਦਾਰੀ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਕੰਮ ਕਰ ਰਹੀ ਹੈ।ਉਨਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਰਕਾਰੀ ਸਹੂਲਤਾਂ ਅਤੇ ਲੋਕ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਕਾਰਵਾਈ ਵਰਗੇ ਖੇਤਰਾਂ ਵਿਚ ਮਹੱਤਵਪੂਰਨ ਕੰਮ ਕੀਤੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡਾਂ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ, ਕਿਸਾਨਾਂ ਦੀ ਭਲਾਈ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਕਈ ਅਹਿਮ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਬਾਰੇ ਘਰ-ਘਰ ਜਾ ਕੇ ਲੋਕਾਂ ਨੂੰ ਜਾਣੂ ਕਰਵਾਉਣ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਇੱਕਜੁੱਟ ਹੋ ਕੇ ਕੰਮ ਕਰਨ। ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਪਿੰਡ ਵਾਸੀਆਂ ਦੀਆਂ ਦੁੱਖ ਤਕਲੀਫਾਂ ਨੂੰ ਬਹੁਤ ਹੀ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਵੱਲੋਂ ਤਲਬੀਰ ਸਿੰਘ ਗਿੱਲ ਨੂੰ ਪਿੰਡ ਚੰਨਣਕੇ ਵਿੱਚ ਆ ਕੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਤੇ ਚੇਅਰਮੈਨ ਸਿੰਕਦਰ ਸਿੰਘ ਖਿਦੋਵਾਲੀ, ਚੇਅਰਮੈਨ ਸਿੰਕਦਰ ਸਿੰਘ ਭੋਏਵਾਲ,ਸਰਪੰਚ ਮੇਜਰ ਸਿੰਘ ਰੰਧਾਵਾ ਨਵੇਂ ਚੰਨਣਕੇ, ਬਚਿੱਤਰ ਸਿੰਘ ਮੱਤੇਵਾਲ, ਸ਼ਿਵ ਭੀਲੋਵਾਲ, ਦੀਦਾਰ ਸਿੰਘ ਸਹੋਤਾ ਚੰਨਣਕੇ,ਬਲਜਿੰਦਰ ਸਿੰਘ ਪੰਚਾਇਤ ਸੈਕਟਰੀ, ਮੈਂਬਰ ਨੀਸ਼ਾਨ ਸਿੰਘ ਮਾਂਗਾ, ਸਾਬਕਾ ਸਰਪੰਚ ਰਣਧੀਰ ਸਿੰਘ ਮਾਂਗਾ, ਸਮਾਜ ਸੇਵੀ ਬਲਾਕ ਪ੍ਰਧਾਨ ਮੈਡਮ ਰਾਜਦੀਪ ਕੌਰ ਨਾਥ ਦੀ ਖੂੰਹੀ ਚੰਨਣਕੇ, ਮੈਂਬਰ ਹੀਰਾ ਸਿੰਘ, ਮੈਂਬਰ ਸਰਬਜੀਤ ਸਿੰਘ, ਮੈਂਬਰ ਤੇਜਿੰਦਰ ਸਿੰਘ, ਮੈਂਬਰ ਕਰਤਾਰ ਸਿੰਘ, ਮੈਂਬਰ ਹਰਜਿੰਦਰ ਕੌਰ,ਪ੍ਰਧਾਨ ਲਖਵਿੰਦਰ ਸਿੰਘ, ਪ੍ਰਧਾਨ ਜਗੀਰ ਸਿੰਘ, ਬਾਬਾ ਸਾਹਿਬ ਸਿੰਘ ਸਾਬੀ,ਪ੍ਰਧਾਨ ਰਵਿੰਦਰ ਬਾਵਾ, ਕਰਨ ਰਾਮ ਗੜੀਆ, ਆਦਿ ਆਗੂ ਹਾਜਰ ਸਨ।



# ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵਿੱਚ ਹੋਈਆਂ ਨਵੀਆਂ ਨਿਯੁਕਤੀਆਂ



ਸ. ਜੋਰਾ ਸਿੰਘ ਭੁੱਲਰ



ਸ. ਸੁਰਿੰਦਰ ਸਿੰਘ ਬੱਸੀ



ਸ. ਪ੍ਰੀਤਮ ਸਿੰਘ ਕੁੱਸਾ



ਸ. ਅਮਰਿੰਦਰ ਸਿੰਘ ਮੰਡੀਆ

ਚੰਡੀਗੜ੍ਹ-: 8 ਜੁਲਾਈ () ਅਕਾਲੀ ਦਲ ਪੁਨਰ-ਸੁਰਜੀਤ ਦੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਨਿਰਦੇਸ਼ ਅਨੁਸਾਰ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ।ਜਿੰਨਾ ਵਿੱਚ ਮੀਤ ਪ੍ਰਧਾਨ, ਜਨਰਲ ਸਕੱਤਰ, ਜਥੇਬੰਦਕ ਸਕੱਤਰ, ਸੰਯੁਕਤ ਸਕੱਤਰ, ਪਰਚਾਰ ਸਕੱਤਰ ਅਤੇ ਸਕੱਤਰਾਂ ਸਮੇਤ ਚਾਰ ਜਿਲ੍ਹਾ ਪ੍ਰਧਾਨ ਸ਼ਾਮਲ ਹਨ।ਇਹਨਾਂ ਨਿਯੁਕਤੀਆਂ ਨਾਲ ਜਥੇਬੰਦਕ ਢਾਂਚੇ ਨੂੰ ਹੋਰ ਵੀ ਸੁਚਾਰੂ ਰੂਪ ਮਿਲੇਗਾ। ਬਣਾਏ ਗਏ ਅਹੁਦੇਦਾਰਾਂ ਦੀ ਸੂਚੀ ਇਸ ਤਰਾਂ ਹੈ-: ਮੀਤ ਪ੍ਰਧਾਨ-ਸ. ਹਰਜਿੰਦਰ ਸਿੰਘ (ਰਾਮਗੜ੍ਹ ਸੰਧੂਆਂ) ਚੇਅਰਮੈਨ ਗੁਰਸੰਤ ਸਿੰਘ (ਭੂਟਾਲ ਕਲਾਂ) ਭੀਮ ਸੈਨ ਗਰਗ (ਮੂਣਕ) ਰਾਮ ਨਿਵਾਸ ਗਰਗ (ਖਨੌਰੀ) ਮਦਨ ਸਿੰਘ ਕਲੇਰ (ਰਾਏਧਰਾਨਾ) ਵਿਸਾਖਾ ਸਿੰਘ (ਮਕੋਰੜ ਸਾਹਿਬ) ਅਮਰਜੀਤ ਸਿੰਘ (ਛਾਜਲੀ) ਸੁਖਪਾਲ ਸਿੰਘ (ਗੁਜਰਾਂ) ਹਰਦੇਵ ਸਿੰਘ (ਕਾਲਾਝਾੜ) ਕੁਲਵੰਤ ਸਿੰਘ ਗਹਿਲਾਂ (ਸੰਗਰੂਰ) ਸਰਪੰਚ ਮੱਖਣ ਸ਼ਰਮਾ (ਉਭਾਵਾਲ) ਬਿੰਦਰਪਾਲ ਸ਼ਰਮਾ (ਨਮੋਲ) ਕੁਲਦੀਪ ਸਿੰਘ ਬੁੱਗਰ (ਬੁੱਗਰ) ਬਲਵਿੰਦਰ ਸਿੰਘ ਮਾੜੂ (ਚੀਮਾ) ਮੱਖਣ ਸਿੰਘ (ਜੱਖੇਪਲ) ਰੂਪ ਸਿੰਘ ਸ਼ੇਰੋਂ ਰੇਸ਼ਮ ਸਿੰਘ (ਠੱਠੀ ਭਾਈ) ਬਲਬੀਰ ਸਿੰਘ ਬੈਂਸ (ਬਹਿਰਾਮਪੁਰ) ਬਾਬੂ ਜੀਵਨ ਗਰਗ (ਸੰਗਰੂਰ) ਹਰਦੇਵ ਸਿੰਘ ਜਵੰਧਾ (ਧੂਰੀ) ਬਲਦੇਵ ਸਿੰਘ (ਭੰਮਾਬੱਧੀ) ਸੰਦੀਪ ਦਾਨੀਆ (ਸੰਗਰੂਰ) ਭਗਵਾਨ ਸਿੰਘ (ਢੰਡੋਲੀ) ਚਰਨ ਸਿੰਘ (ਕੰਧਵਾਲਾ)

**ਜਨਰਲ ਸਕੱਤਰ**-ਚੇਅਰਮੈਨ ਪਾਲ ਸਿੰਘ (ਹਰੀਗੜ੍ਹ ਗਹਿਲਾਂ) ਚੇਅਰਮੈਨ ਮਹੀਪਾਲ ਸਿੰਘ (ਭੁੱਲਣ) ਲਾਜਪਤ ਰਾਏ (ਸੁਨਾਮ)

**ਜਥੇਬੰਦਕ ਸਕੱਤਰ**-ਰਘਵੀਰ ਸਿੰਘ (ਬਨਾਰਸੀ) ਜਗਦੀਸ਼ ਸਿੰਘ (ਬਲਿਆਲ) ਮਿੱਠੂ ਸਿੰਘ (ਰੇਤਗੜ੍ਹ) ਅਮਰ ਸਿੰਘ (ਬਾਸੀਅਰਖ) ਨਿਹਾਲ ਸਿੰਘ (ਨੰਦਗੜ੍ਹ) ਚਰਨਜੀਤ ਸਿੰਘ (ਦੀਨਾ ਸਾਹਿਬ) ਰਸ਼ਪਾਲ ਸਿੰਘ (ਬਰਕੰਦੀ) ਬਲਜਿੰਦਰ ਸਿੰਘ ਗੋਗੀ (ਚੰਨੋ)

**ਸੰਯੁਕਤ ਸਕੱਤਰ**-ਦਾਰਾ ਸਿੰਘ ਮਾਨ (ਗੱਗੜਪੁਰ) ਸੁਖਦੇਵ ਸਿੰਘ (ਸਾਬਕਾ ਸਰਪੰਚ ਅਮਰੂ ਕੋਟੜਾ) ਭੋਲਾ ਸਿੰਘ ਨਹਿਰੂ (ਤੋਗਾਵਾਲ) ਸਰਪੰਚ ਦਲਵੀਰ ਸਿੰਘ (ਦੁੱਗਾਂ)

**ਪ੍ਰਚਾਰ ਸਕੱਤਰ**-ਸ ਗੁਰਪ੍ਰੀਤਮ ਸਿੰਘ ਮੋਗਾ

**ਸਕੱਤਰ**-ਚੇਅਰਮੈਨ ਸਤਪਾਲ ਸਿੰਘ (ਅਨਦਾਨਾ) ਓਮ ਪ੍ਰਕਾਸ਼ (ਅਨਦਾਨਾ) ਨਾਇਬ ਸਿੰਘ (ਰੋਗਲਾ) ਗੁਰਚਰਨ ਸਿੰਘ ਢੀਂਡਸਾ (ਖੜਿਆਲ) ਮਾ. ਸੁਖਦਰਸ਼ਨ ਸਿੰਘ (ਸਤੌਜ) ਕਰਮ ਸਿੰਘ (ਸੰਗਤੀ ਵਾਲਾ) ਅਜੈਬ ਸਿੰਘ (ਗਹਿਲਾਂ)

**ਜਿਲ੍ਹਾ ਪ੍ਰਧਾਨ**-ਅਮਰਿੰਦਰ ਸਿੰਘ ਮੰਡੀਆਂ (ਪੁੱਤਰ ਜਥੇਦਾਰ ਜੈਪਾਲ ਸਿੰਘ ਮੰਡੀਆਂ)(ਜਿਲ੍ਹਾ ਪ੍ਰਧਾਨ ਮਲੇਰਕੋਟਲਾ) ਪ੍ਰੀਤਮ ਸਿੰਘ ਕੁੱਸਾ (ਜਿਲ੍ਹਾ ਪ੍ਰਧਾਨ ਮੋਗਾ) ਸ. ਸੁਰਿੰਦਰ ਸਿੰਘ ਬੱਸੀ (ਜਿਲ੍ਹਾ ਪ੍ਰਧਾਨ ਮੋਹਾਲੀ ਸ਼ਹਿਰੀ) ਸ. ਜੋਰਾ ਸਿੰਘ ਭੁੱਲਰ (ਚੱਪੜਚਿੜੀ) ਜਿਲ੍ਹਾ ਪ੍ਰਧਾਨ ਮੋਹਾਲੀ (ਦਿਹਾਤੀ

ਮੀਡੀਆ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤੀ ਗਈ।

# ਵਾਤਾਵਰਨ ਬਚਾਉਣ ਲਈ ਪੌਦੇ ਲਾਉਣ ਦੀ ਮੁਹਿੰਮ ਜਾਰੀ



ਫ਼ਿਰੋਜ਼ਪੁਰ, 08 ਅਗਸਤ (ਮਨੋਹਰ ਲਾਲ) :— ਪੰਜਾਬ ਦੇ ਵਾਤਾਵਰਨ ਨੂੰ ਬਚਾਉਣ ਲਈ ਫ਼ਿਰੋਜ਼ਪੁਰ ਸ਼ਹਿਰ ਅਤੇ ਦਰਿਆ ਸਤਲੁਜ ਦੇ ਨਜਦੀਕ ਲਗਦੇ ਓਲਦ ਸਿਟੀ ਬੰਧ ਕੱਚਾ ਬੰਧ ਪਿੰਡ ਹੁਸੈਨੀਵਾਲਾ ਤੋਂ ਪਿੰਡ ਹਬੀਬ ਕੇ ਪੁਲ ਦਰਮਿਆਨ ਕੇ.ਜੀ.ਐਸ ਫਾਊਂਡੇਸ਼ਨ ਦੇ ਸੰਸਥਾਪਕ ਸ਼੍ਰੀ ਕੁਲਜੀਤ ਸਿੰਘ ਦੀ ਅਗਵਾਈ ਵਿੱਚ ਜੰਗੀ ਪੱਧਰ ਤੇ ਪੌਦੇ ਲਗਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਪ੍ਰਦੀਪ ਧਵਨ, ਪੈਟਰਨ ਦੇਸ਼ ਬੰਧੂ ਤੁਲੀ, ਮੀਤ ਪ੍ਰਧਾਨ ਅਵਤਾਰ ਸਿੰਘ ਭੋਲਾ, ਮੀਤ ਪ੍ਰਧਾਨ ਪ੍ਰਵੀਨ ਤਲਵਾੜ, ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ, ਸੀਨੀਅਰ ਆਗੂ ਯੋਗਿੰਦਰ ਨਾਥ ਕੱਕੜ, ਗਤਿੰਦਰ ਕੁਮਾਰ ਕਮਲ ਕੈਸ਼ੀਅਰ, ਅਵਤਾਰ ਸਿੰਘ ਸਾਬਕਾ ਖਜ਼ਾਨਾ ਅਫ਼ਸਰ ਨੇ ਕੇ.ਜੀ.ਐਸ ਫਾਊਂਡੇਸ਼ਨ ਵੱਲੋਂ ਲਗਾਏ ਜਾ ਰਹੇ ਪੌਦਿਆਂ ਦੀ ਮੁਹਿੰਮ ਵਿੱਚ ਹਾਜਰੀ ਭਰੀ ਅਤੇ ਹਥੀ ਪੌਦੇ ਲਗਾਏ। ਇਸ ਮੌਕੇ ਅਵਤਾਰ ਸਿੰਘ ਭੋਲਾ ਅਤੇ ਮੁਹਿੰਦਰ ਸਿੰਘ ਧਾਲੀਵਾਲ ਨੇ ਬੋਲਦਿਆਂ ਕਿਹਾ ਕਿ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਇਸ ਪੌਦੇ ਲਾਉਣ ਦੀ ਮੁਹਿੰਮ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣਗੇ। ਉਨ੍ਹਾਂ ਫ਼ਿਰੋਜ਼ਪੁਰ ਦੇ ਦਰਿਆ ਸਤਲੁਜ ਦੇ ਨਜਦੀਕ ਲਗਦੇ ਪਿੰਡਾਂ ਦੇ ਲੋਕਾਂ ਅਤੇ ਪੰਚਾਂ ਸਰਪੰਚਾਂ ਨੂੰ ਬੇਨਤੀ ਕੀਤੀ ਕਿ ਆਉਣ ਵਾਲ਼ੇ ਦਿਨਾਂ ਵਿਚ ਬਾਰਸ਼ਾਂ ਕਾਰਣ ਭਿਆਨਕ ਤਬਾਹੀ ਤੋਂ ਬਚਾਓ ਲਈ ਇਸ ਬੰਧ ਨੂੰ ਮਜ਼ਬੂਤ ਬਣਾਉਣ ਲਈ ਪੌਦੇ ਲਾਉਣ ਦੀ ਮੁਹਿੰਮ ਵਿੱਚ ਸ਼ਾਮਿਲ ਹੋਈਏ ਅਤੇ ਪੌਦਿਆਂ ਦੀ ਸਾਂਭ ਸੰਭਾਲ ਵਿੱਚ ਯੋਗਦਾਨ ਪਾਈਏ। ਉਨ੍ਹਾਂ ਪੰਜਾਬ ਸਰਕਾਰ, ਨਹਿਰੀ ਵਿਭਾਗ, ਵਣ ਵਿਭਾਗ ਅਤੇ ਜਿਲ੍ਹਾ ਪ੍ਰਸ਼ਾਸ਼ਨ ਨੂੰ ਬੇਨਤੀ ਕੀਤੀ ਕਿ ਵਾਤਾਵਰਨ ਬਚਾਉਣ ਲਈ ਨੌਜਵਾਨ ਬੱਚਿਆਂ ਵੱਲੋਂ ਕੇ.ਜੀ.ਐਸ ਫਾਊਂਡੇਸ਼ਨ ਦੇ ਝੰਡੇ ਹੇਠ ਪੌਦੇ ਲਾਉਣ ਦੀ ਮੁਹਿੰਮ ਨੂੰ ਸਫ਼ਲ ਬਣਾਉਣ ਅਤੇ ਲੋਕਾਂ ਨੂੰ ਭਾਰੀ ਬਾਰਸ਼ਾਂ ਦੇ ਨੁਕਸਾਨ ਤੋਂ ਬਚਾਉਣ ਲਈ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ। ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਨੇ ਵਿਸ਼ਵਾਸ਼ ਦਵਾਇਆ ਕਿ ਫ਼ੋਰਮ ਹਰ ਤਰ੍ਹਾਂ ਵਾਤਾਵਰਨ ਬਚਾਉਣ ਲਈ ਯੋਗਦਾਨ ਪਾਵੇਗੀ। ਇਸ ਮੌਕੇ ਕੁਲਜੀਤ ਸਿੰਘ ਫਾਉਂਡਰ ਕੇ.ਜੀ.ਐਸ ਫਾਊਂਡੇਸ਼ਨ, ਸੁਖ਼ਬਾਜ਼ ਸਿੰਘ, ਮਨਪ੍ਰੀਤ ਸਿੰਘ, ਰੁਕਮੰਦੀਪ ਸਿੰਘ, ਗੁਰਮੀਤ ਸਿੰਘ, ਦਲੀਪ ਕੁਮਾਰ, ਗੁਰਜੀਤ ਸਿੰਘ, ਸੁਖਵਿੰਦਰ ਸਿੰਘ ਆਦਿ ਨੇ ਪੌਦੇ ਲਗਾਏ ਅਤੇ ਪੌਦਿਆਂ ਦੀ ਸਾਂਭ ਸੰਭਾਲ ਦਾ ਯਕੀਨ ਦਵਾਇਆ। ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਮੌਕੇ

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ



**ਚੌਕ ਮਹਿਤਾ, 8 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਂਸ਼ੀ), ਤਲਵੰਡੀ ਸਾਬੋ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ।ਸਮਾਗਮ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ, ਵੱਖ-ਵੱਖ ਤਖ਼ਤ ਸਾਹਿਬਾਨਾਂ ਦੇ ਨੁਮਾਇੰਦੇ, ਸੰਪਰਦਾਵਾਂ ਦੇ ਮੁਖੀ, ਸੰਤ-ਮਹਾਂਪੁਰਖ, ਸਿੰਘ ਸਭਾਵਾਂ ਦੇ ਅਹੁਦੇਦਾਰ, ਐੱਸ.ਜੀ.ਪੀ.ਸੀ. ਮੈਂਬਰ, ਧਾਰਮਿਕ ਵਿਦਵਾਨ ਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਗੁਰਮਤਿ ਵਿਚਾਰਾਂ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਦਮਦਮੀ ਟਕਸਾਲ ਦੇ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਸੰਗਤ ਨੂੰ ਗੁਰਬਾਣੀ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਸੰਬੋਧਨ ਦੌਰਾਨ ਦਮਦਮੀ ਟਕਸਾਲ ਨੂੰ ਸਿੱਖ ਪੰਥ ਦੀ ਮਹਾਨ ਵਿਦਿਅਕ ਅਤੇ ਸ਼ਹੀਦੀ ਪਰੰਪਰਾ ਦਾ ਪ੍ਰਤੀਕ ਦੱਸਦਿਆਂ ਕਿਹਾ ਕਿ ਬਾਬਾ ਦੀਪ ਸਿੰਘ ਜੀ ਤੋਂ ਲੈ ਕੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਤੱਕ ਟਕਸਾਲ ਨੇ ਗੁਰਬਾਣੀ, ਸਿੱਖੀ ਅਤੇ ਗੁਰੂ ਘਰ ਦੀ ਮਰਿਆਦਾ ਦੀ ਰੱਖਿਆ ਲਈ ਅਦੁੱਤੀ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਅੱਜ ਵੀ ਗੁਰਬਾਣੀ ਦੀ ਸ਼ੁੱਧ ਸੰਥਿਆ, ਧਾਰਮਿਕ ਸਿੱਖਿਆ ਅਤੇ ਪੰਥਕ ਏਕਤਾ ਲਈ ਨਿਰੰਤਰ ਸੇਵਾ ਨਿਭਾ ਰਹੀ ਹੈ ਅਤੇ ਸਮੂਹ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਥਕ ਸੰਸਥਾਵਾਂ ਦੀ ਅਗਵਾਈ ਹੇਠ ਇਕਜੁੱਟ ਰਹਿਣ ਦਾ ਸੱਦਾ ਦਿੱਤਾ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਦਮਦਮੀ ਟਕਸਾਲ ਗੁਰਬਾਣੀ ਦੀ ਸ਼ੁੱਧ ਸੰਥਿਆ, ਸਿੱਖ ਵਿਦਿਆ ਅਤੇ ਪ੍ਰਚਾਰ ਦੀ ਮਹਾਨ ਪਰੰਪਰਾ ਦਾ ਕੇਂਦਰ ਹੈ। ਉਨ੍ਹਾਂ ਕਿਹਾ ਕਿ ਬਾਬਾ ਦੀਪ ਸਿੰਘ ਜੀ ਦੀਆਂ ਕੁਰਬਾਨੀਆਂ ਸਦਕਾ ਟਕਸਾਲ ਨੇ ਸਦੀਆਂ ਤੋਂ ਗੁਰਬਾਣੀ ਦੇ ਸ਼ੁੱਧ ਉਚਾਰਣ, ਅਰਥ-ਬੋਧ ਅਤੇ ਗੁਰਮਤਿ ਸਿੱਖਿਆ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਸੰਗਤ ਨੂੰ ਗੁਰਬਾਣੀ, ਦਮਦਮੀ ਟਕਸਾਲ ਦੀ ਵਿਦਿਅਕ ਪਰੰਪਰਾ ਅਤੇ ਪੰਥਕ ਏਕਤਾ ਦੀ ਰੱਖਿਆ ਲਈ ਇਕੱਠੇ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸੰਤ ਬਾਬਾ ਕਾਕਾ ਸਿੰਘ ਬੂੰਗਾ ਮਸਤੂਆਣਾ, ਸੰਤ ਬਾਬਾ ਚਮਕੌਰ ਸਿੰਘ ਭਦੌੜ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ), ਬਾਬਾ ਬੇਅੰਤ ਸਿੰਘ ਮਸਤੂਆਣਾ ਸਾਹਿਬ, ,ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਸੰਤ ਬਾਬਾ ਸੁਰਜੀਤ ਸਿੰਘ ਮਹਿਰੋਂ ਵਾਲੇ, ਸੰਤ ਬਾਬਾ ਗੁਰਮੀਤ ਸਿੰਘ ਤਿਲੋਕੇ ਵਾਲੇ ਅਤੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਸਮੇਤ ਹੋਰ ਸੰਤ-ਮਹਾਂਪੁਰਖਾਂ ਅਤੇ ਪੰਥਕ ਬੁਲਾਰਿਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ, ਗੁਰਮਤਿ ਸਿੱਖਿਆ ਦੇ ਪ੍ਰਚਾਰ ਅਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਬੁਲਾਰਿਆਂ ਨੇ ਦਮਦਮੀ ਟਕਸਾਲ ਵੱਲੋਂ ਪਿਛਲੇ 320 ਸਾਲਾਂ ਤੋਂ ਗੁਰਬਾਣੀ ਵਿਦਿਆ, ਸੰਥਿਆ, ਪ੍ਰਚਾਰ ਅਤੇ ਪੰਥ ਦੀ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਵੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੌਰਾਨ ਹਾਜ਼ਰ ਪ੍ਰਮੁੱਖ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਦਾ ਦਮਦਮੀ ਟਕਸਾਲ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦਾ ਮੰਚ ਸੰਚਾਲਨ ਗਿਆਨੀ ਸਾਹਿਬ ਸਿੰਘ ਨੇ ਕੀਤਾ। ਇਸ ਮੌਕੇ ਸੰਤ ਬਾਬਾ ਬਲਵਿੰਦਰ ਸਿੰਘ ਤਰਨਾ ਦਲ, ਸੰਤ ਬਾਬਾ ਜਰਨੈਲ ਸਿੰਘ ਧਿੰਗੜ ਵਾਲੇ, ਸੰਤ ਬਾਬਾ ਹਰਿੰਦਰਪਾਲ ਸਿੰਘ ਮਹਿਰਾਜ ਵਾਲੇ, ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਸੰਤ ਬਾਬਾ ਦਰਸ਼ਨ ਸਿੰਘ ਫੱਤਾ ਮਲੂਕਾ, ਸੰਤ ਬਾਬਾ ਅਮਨਦੀਪ ਸਿੰਘ ਜੀ ਸੱਤੋ ਕੀ ਗਲੀ ਵਾਲੇ, ਬਾਬਾ ਪ੍ਰੀਤਮ ਸਿੰਘ ਮਲੜੀ ਵਾਲੇ, ਬਾਬਾ ਮੁਖਤਿਆਰ ਸਿੰਘ ਸਪਰੋੜ ਵਾਲੇ, ਸੰਤ ਬਾਬਾ ਮੇਜਰ ਸਿੰਘ, ਸੰਤ ਬਾਬਾ ਕੁੰਦਨ ਸਿੰਘ, ਸੰਤ ਮਨਮੋਹਨ ਸਿੰਘ ਬਾਰਨ ਵਾਲਿਆਂ ਵੱਲੋਂ ਭਾਈ ਕੁਲਦੀਪ ਸਿੰਘ, ਬਾਬਾ ਸੁਖਵਿੰਦਰ ਸਿੰਘ ਗੁ.ਅੰਗੀਠਾ ਸਾਹਿਬ ਮਸਤੂਆਣਾ, ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ, ਜਥੇਦਾਰ ਸੁਖਦੇਵ ਸਿੰਘ ਮੁਖ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਗਿਆਨੀ ਗੁਰਪ੍ਰੀਤ ਸਿੰਘ ਵੈਦ, ਭਾਈ ਗੁਰਵਿੰਦਰ ਸਿੰਘ, ਭਾਈ ਹਰਭਜਨ ਸਿੰਘ ਪੱਪੂ,, ਭਾਈ ਸਤਨਾਮ ਸਿੰਘ, ਭਾਈ ਜਗਸੀਰ ਸਿੰਘ ਮਾਂਗੇਆਣਾ ਤੇ ਭਾਈ ਗੁਰਪ੍ਰੀਤ ਸਿੰਘ ਝੱਬਰ ਦੋਨੋਂ ਮੈਂਬਰ ਐੱਸ.ਜ਼ੀ.ਪੀ.ਸੀ., ਗਿ.ਨਾਇਬ ਸਿੰਘ, ਭਾਈ ਆਤਮਾ ਸਿੰਘ, ਜਥੇਦਾਰ ਜਗਤਾਰ ਸਿੰਘ ਸੇਖੂ, ਭਾਈ ਚਮਕੌਰ ਸਿੰਘ, ਬਾਬਾ ਗੁਰਜੰਟ ਸਿੰਘ ਰੋੜੀ, ਜਥੇਦਾਰ ਗੁਰਮੀਤ ਸਿੰਘ, ਜਥੇਦਾਰ ਕੁਲਦੀਪ, ਸਰਪੰਚ ਕਸ਼ਮੀਰ ਮਹਿਤਾ, ਵਿਧਾਇਕ ਬਲਜ਼ਿੰਦਰ ਕੌਰ ਦੇ ਪਿਤਾ ਜਥੇਦਾਰ ਦਰਸ਼ਨ ਸਿੰਘ, ਭਾਈ ਕੁਲਦੀਪ ਸਿੰਘ ਮੈਂਬਰ ਐੱਚ.ਐੱਸ.ਜ਼ੀ.ਪੀ.ਸੀ., ਭਾਈ ਗੁਰਭੇਜ਼ ਸਿੰਘ ਜੋਧਪੁਰ, ਭਾਈ ਰਸ਼ਪਾਲ ਸਿੰਘ, ਭਾਈ ਹਰਸ਼ਦੀਪ ਸਿੰਘ ਰੰਧਾਵਾ ਤੇ ਡਾ.ਅਵਤਾਰ ਸਿੰਘ ਬੁੱਟਰ(ਦੋਨੋਂ ਮੈਂਬਰ ਚੀਫ ਖਾਲਸਾ ਦੀਵਾਨ)ਆਦਿ ਮੌਜੂਦ ਸਨ।

**ਸਿੱਖ ਪੰਥ ਦੀ ਵਿਦਿਅਕ ਤੇ ਸ਼ਹੀਦੀ ਵਿਰਾਸਤ ਦਾ ਪ੍ਰਤੀਕ ਦਮਦਮੀ ਟਕਸਾਲ ਵਿਖੇ ਗੁਰਬਾਣੀ ਦੀ ਸ਼ੁੱਧ ਸੰਥਿਆ ਦੀ ਸੇਵਾ ਅੱਜ ਵੀ ਜਾਰੀ-ਪ੍ਰਧਾਨ ਧਾਮੀ**

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਫਿਰੋਜ਼ਪੁਰ ਇਕਾਈ ਵੱਲੋਂ

# ਅਹਿਮ ਮੀਟਿੰਗ, ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਚਰਚਾ



**ਫ਼ਿਰੋਜ਼ਪੁਰ, 08 ਅਗਸਤ (ਮਨੋਹਰ ਲਾਲ) :—** ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਫਿਰੋਜ਼ਪੁਰ ਟੀਮ ਵੱਲੋਂ ਅੱਜ ਜਿਲ੍ਹਾ ਸਕੱਤਰ ਧਕੇਲ ਸਿੰਘ ਦੇ ਗ੍ਰਹਿ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਜਿਲ੍ਹਾ ਯੂਥ ਪ੍ਰਧਾਨ ਗੁਰਦੀਪ ਸਿੰਘ, ਜਰਨਲ ਸਕੱਤਰ ਕਰਨਵੀਰ ਸਿੰਘ ਖਾਲਸਾ ਅਤੇ ਮੀਤ ਪ੍ਰਧਾਨ ਡਾਕਟਰ ਅਵਤਾਰ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ। ਮੀਟਿੰਗ ਦੌਰਾਨ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਇਸਦਾ ਵਿਸਥਾਰ ਕਰਨ ਸੰਬੰਧੀ ਵਿਸਥਾਰਪੂਰਵਕ ਚਰਚਾ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਯੂਥ ਵਿੰਗ, ਇਸਤਰੀ ਵਿੰਗ, ਅਤੇ ਪਿੰਡਾਂ ਪੱਧਰ ਦੀਆਂ ਕਮੇਟੀਆਂ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤਾਂ ਜੋ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੇਠਲੇ ਪੱਧਰ ਤੱਕ ਲਿਜਾਇਆ ਜਾ ਸਕੇ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸੁੱਚਾ ਸਿੰਘ ਨਾਗੀ ਗੁਰੂਹਰਸਹਾਏ ਤੋਂ ਉਚੇਚੇ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿੱਚ ਹਾਜ਼ਰ ਸਾਰੇ ਮੈਂਬਰਾਂ ਨੇ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਅਹਿਦ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਜ਼ਗਾਰ ਤੋਂ ਆਤਮਨਿਰਭਰਤਾ ਵੱਲ ਵੱਧ ਰਹੀਆਂ ਪੇਂਡੂ ਔਰਤਾਂ, ਐਚਐਮਈਐਲ ਨੇ ਸਵੈ-ਸਹਾਇਤਾ ਸਮੂਹਾਂ ਨੂੰ ਦਿੱਤਾ ਨਵਾਂ ਮੌਕਾ

## 11 ਮਹਿਲਾ ਸਵੈ-ਸਹਾਇਤਾ ਸਮੂਹ ਤਿਆਰ ਕਰ ਰਹੇ ਹਨ 20,000 ਤੋਂ ਵੱਧ ਸਕੂਲ ਬੈਗ, ਲੱਖਾਂ ਰੁਪਏ ਦੀ ਆਮਦਨ ਹੋਣ ਦਾ ਅਨੁਮਾਨ










**ਤਲਵੰਡੀ ਸਾਬੋ, 08 ਅਗਸਤ (ਗੁਰਜੰਟ ਸਿੰਘ ਨਥੇਹਾ)-** ਸਮਾਵੇਸ਼ੀ ਅਤੇ ਟਿਕਾਊ ਭਾਈਚਾਰਕ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ, ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਪੇਂਡੂ ਔਰਤਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸ ਪਹਿਲਕਦਮੀ ਤਹਿਤ ਰਿਫਾਈਨਰੀ ਦੇ ਆਸ-ਪਾਸ ਦੇ ਪਿੰਡਾਂ ਵਿੱਚ ਮਹਿਲਾ ਸਵੈ-ਸਹਾਇਤਾ ਸਮੂਹਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਉਦਯਮ-ਅਧਾਰਿਤ ਰੋਜ਼ਗਾਰ ਦੇ ਮੌਕਿਆਂ ਅਤੇ ਬਾਜ਼ਾਰ ਨਾਲ ਜੋੜਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸੇ ਯਤਨ ਤਹਿਤ ਪੱਕਾ ਕਲਾਂ, ਗਿਆਣਾ, ਸੇਖੂ, ਕਮਾਲੂ, ਚੱਠਾ ਅਤੇ ਜੱਜਲ ਸਮੇਤ ਆਸ-ਪਾਸ ਦੇ ਹੋਰ ਪਿੰਡਾਂ ਦੇ ਲਗਭਗ 11 ਮਹਿਲਾ-ਅਗਵਾਈ ਵਾਲੇ ਸਵੈ-ਸਹਾਇਤਾ ਸਮੂਹਾਂ ਨੂੰ ਸਕੂਲ ਬੈਗ ਤਿਆਰ ਕਰਨ ਦੇ ਕੰਮ ਨਾਲ ਜੋੜਿਆ ਗਿਆ ਹੈ। ਇਨ੍ਹਾਂ ਸਮੂਹਾਂ ਵੱਲੋਂ 20,000 ਤੋਂ ਵੱਧ ਸਕੂਲ ਬੈਗ ਤਿਆਰ ਕੀਤੇ ਜਾ ਰਹੇ ਹਨ। ਇਸ ਪਹਿਲਕਦਮੀ ਰਾਹੀਂ ਮਹਿਲਾ ਸਮੂਹਾਂ ਲਈ ਲੱਖਾਂ ਰੁਪਏ ਦੀ ਆਮਦਨ ਪੈਦਾ ਹੋਣ ਦਾ ਅਨੁਮਾਨ ਹੈ। ਇਹ ਪਹਿਲਕਦਮੀ ਪੇਂਡੂ ਔਰਤਾਂ ਲਈ ਸਿਰਫ਼ ਆਮਦਨ ਦਾ ਸਾਧਨ ਹੀ ਨਹੀਂ ਹੈ, ਸਗੋਂ ਉਨ੍ਹਾਂ ਨੂੰ ਆਪਣੇ ਹੁਨਰ ਦੀ ਵਰਤੋਂ ਕਰਦਿਆਂ ਇੱਕ ਸੰਗਠਿਤ ਆਰਥਿਕ ਗਤੀਵਿਧੀ ਨਾਲ ਜੁੜਨ ਅਤੇ ਆਪਣੇ ਪਰਿਵਾਰ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਦਾ ਮੌਕਾ ਵੀ ਪ੍ਰਦਾਨ ਕਰ ਰਹੀ ਹੈ। ਮਹਿਲਾਵਾਂ ਦੇ ਹੁਨਰ ਨੂੰ ਮਿਲਿਆ ਬਾਜ਼ਾਰ, 115 ਸਕੂਲਾਂ ਵਿੱਚ ਹੋਵੇਗੀ ਸਕੂਲ ਬੈਗ ਦੀ ਵੰਡ ਇਸ ਪਹਿਲਕਦਮੀ ਦੀ ਖਾਸ ਗੱਲ ਇਹ ਹੈ ਕਿ ਐਚਐਮਈਐਲ ਨੇ ਮਹਿਲਾਵਾਂ ਨੂੰ ਸਿਰਫ਼ ਸਿਖਲਾਈ ਅਤੇ ਉਤਪਾਦਨ ਤੱਕ ਸੀਮਿਤ ਨਹੀਂ ਰੱਖਿਆ, ਸਗੋਂ ਉਨ੍ਹਾਂ ਦੇ ਉਤਪਾਦਾਂ ਲਈ ਸਥਾਈ ਬਾਜ਼ਾਰ ਉਪਲਬਧ ਕਰਵਾਉਣ ਵੱਲ ਵੀ ਮਹੱਤਵਪੂਰਨ ਕਦਮ ਚੁੱਕਿਆ ਹੈ। ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਜਾ ਰਹੇ ਸਕੂਲ ਬੈਗ ਐਚਐਮਈਐਲ ਵੱਲੋਂ 115 ਸਰਕਾਰੀ ਸਕੂਲਾਂ ਵਿੱਚ ਵੰਡੇ ਜਾਣਗੇ। ਇਸ ਨਾਲ ਇੱਕ ਪਾਸੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਜ਼ਾਰਾਂ ਵਿਦਿਆਰਥੀਆਂ ਨੂੰ ਲਾਭ ਮਿਲੇਗਾ, ਜਦਕਿ ਦੂਜੇ ਪਾਸੇ ਪੇਂਡੂ ਮਹਿਲਾ ਉਦਯਮੀਆਂ ਵੱਲੋਂ ਤਿਆਰ ਕੀਤੇ ਉਤਪਾਦਾਂ ਲਈ ਇੱਕ ਯਕੀਨੀ ਬਾਜ਼ਾਰ ਵੀ ਤਿਆਰ ਹੋਵੇਗਾ। ਇਸ ਤਰ੍ਹਾਂ ਇਹ ਪਹਿਲਕਦਮੀ 'ਰੋਜ਼ਗਾਰ ਸਿਰਜਣਾ' ਅਤੇ 'ਵਿਦਿਅਕ ਸਹਾਇਤਾ' ਨੂੰ ਇੱਕ-ਦੂਜੇ ਨਾਲ ਜੋੜਦੀ ਹੈ। ਮਹਿਲਾਵਾਂ ਵੱਲੋਂ ਤਿਆਰ ਕੀਤੇ ਉਤਪਾਦ ਸਿੱਧੇ ਬੱਚਿਆਂ ਤੱਕ ਪਹੁੰਚਣਗੇ, ਜਿਸ ਨਾਲ ਸਥਾਨਕ ਪੱਧਰ 'ਤੇ ਉਤਪਾਦਨ, ਸਥਾਨਕ ਆਮਦਨ ਅਤੇ ਸਮਾਜਿਕ ਵਿਕਾਸ ਦਾ ਇੱਕ ਮਜ਼ਬੂਤ ਮਾਡਲ ਵਿਕਸਿਤ ਹੋ ਰਿਹਾ ਹੈ। ਆਮਦਨ ਦੇ ਨਾਲ ਵੱਧ ਰਿਹਾ ਆਤਮਵਿਸ਼ਵਾਸ ਸਵੈ-ਸਹਾਇਤਾ ਸਮੂਹਾਂ ਨਾਲ ਜੁੜ ਕੇ ਮਹਿਲਾਵਾਂ ਹੁਣ ਸਿਰਫ਼ ਘਰੇਲੂ ਜ਼ਿੰਮੇਵਾਰੀਆਂ ਤੱਕ ਸੀਮਿਤ ਨਾ ਰਹਿ ਕੇ ਆਰਥਿਕ ਗਤੀਵਿਧੀਆਂ ਵਿੱਚ ਵੀ ਸਰਗਰਮ ਭੂਮਿਕਾ ਨਿਭਾ ਰਹੀਆਂ ਹਨ। ਸਕੂਲ ਬੈਗ ਬਣਾਉਣ ਵਰਗੀਆਂ ਗਤੀਵਿਧੀਆਂ ਰਾਹੀਂ ਉਨ੍ਹਾਂ ਨੂੰ ਉਤਪਾਦਨ, ਗੁਣਵੱਤਾ, ਸਮਾਂ ਪ੍ਰਬੰਧਨ, ਟੀਮਵਰਕ ਅਤੇ ਕਾਰੋਬਾਰੀ ਸੰਚਾਲਨ ਵਰਗੇ ਵਿਹਾਰਕ ਹੁਨਰ ਸਿੱਖਣ ਦਾ ਮੌਕਾ ਮਿਲ ਰਿਹਾ ਹੈ। ਨਿਯਮਿਤ ਆਮਦਨ ਦੇ ਮੌਕਿਆਂ ਨਾਲ ਮਹਿਲਾਵਾਂ ਵਿੱਚ ਆਰਥਿਕ ਆਜ਼ਾਦੀ, ਫੈਸਲਾ ਲੈਣ ਦੀ ਸਮਰੱਥਾ ਅਤੇ ਆਤਮਵਿਸ਼ਵਾਸ ਵੀ ਮਜ਼ਬੂਤ ਹੋ ਰਿਹਾ ਹੈ। ਸਮੂਹ-ਅਧਾਰਿਤ ਕਾਰਜਪ੍ਰਣਾਲੀ ਉਨ੍ਹਾਂ ਨੂੰ ਮਿਲ ਕੇ ਕੰਮ ਕਰਨ, ਜ਼ਿੰਮੇਵਾਰੀਆਂ ਸਾਂਝੀਆਂ ਕਰਨ ਅਤੇ ਸਮੂਹਿਕ ਤੌਰ 'ਤੇ ਆਰਥਿਕ ਮੌਕਿਆਂ ਦਾ ਲਾਭ ਉਠਾਉਣ ਦੇ ਯੋਗ ਬਣਾ ਰਹੀ ਹੈ। ਇਸ ਪਹਿਲਕਦਮੀ ਦਾ ਪ੍ਰਭਾਵ ਸਿਰਫ਼ 11 ਸਵੈ-ਸਹਾਇਤਾ ਸਮੂਹਾਂ ਤੱਕ ਸੀਮਿਤ ਨਹੀਂ ਹੈ। ਜਦੋਂ ਪੇਂਡੂ ਮਹਿਲਾਵਾਂ ਆਮਦਨ ਕਮਾਉਂਦੀਆਂ ਹਨ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਹੁੰਦੀਆਂ ਹਨ, ਤਾਂ ਇਸ ਦਾ ਸਕਾਰਾਤਮਕ ਪ੍ਰਭਾਵ ਉਨ੍ਹਾਂ ਦੇ ਪਰਿਵਾਰਾਂ ਅਤੇ ਪੂਰੇ ਭਾਈਚਾਰੇ 'ਤੇ ਵੀ ਪੈਂਦਾ ਹੈ। ਮਹਿਲਾਵਾਂ ਦੀ ਵੱਧ ਰਹੀ ਆਰਥਿਕ ਭਾਗੀਦਾਰੀ ਨਾਲ ਪਰਿਵਾਰ ਦੀ ਆਮਦਨ ਵਿੱਚ ਯੋਗਦਾਨ, ਬੱਚਿਆਂ ਦੀ ਸਿੱਖਿਆ, ਜੀਵਨ ਪੱਧਰ ਵਿੱਚ ਸੁਧਾਰ ਅਤੇ ਭਵਿੱਖ ਲਈ ਆਰਥਿਕ ਸੁਰੱਖਿਆ ਨੂੰ ਉਤਸ਼ਾਹ ਮਿਲਦਾ ਹੈ। ਐਚਐਮਈਐਲ ਦੀ ਇਹ ਪਹਿਲਕਦਮੀ ਪੇਂਡੂ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ, ਸਥਾਨਕ ਉਦਯਮਿਤਾ ਨੂੰ ਉਤਸ਼ਾਹਿਤ ਕਰਨ ਅਤੇ ਸਿੱਖਿਆ ਤੇ ਰੋਜ਼ਗਾਰ ਨੂੰ ਇੱਕ ਸਾਂਝੇ ਵਿਕਾਸ ਮਾਡਲ ਨਾਲ ਜੋੜਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਅਤੇ ਸਾਰਥਕ ਕਦਮ ਹੈ। ਇਹ ਪਹਿਲ ਇਸ ਗੱਲ ਨੂੰ ਦਰਸਾਉਂਦੀ ਹੈ ਕਿ ਜੇਕਰ ਮਹਿਲਾਵਾਂ ਨੂੰ ਹੁਨਰ, ਮੌਕਾ ਅਤੇ ਬਾਜ਼ਾਰ ਨਾਲ ਜੁੜਾਅ ਪ੍ਰਦਾਨ ਕੀਤਾ ਜਾਵੇ, ਤਾਂ ਉਹ ਨਾ ਸਿਰਫ਼ ਆਪਣੇ ਪਰਿਵਾਰਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰ ਸਕਦੀਆਂ ਹਨ, ਸਗੋਂ ਪੂਰੇ ਭਾਈਚਾਰੇ ਦੇ ਟਿਕਾਊ ਵਿਕਾਸ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 08 ਅਗਸਤ (ਮਨੋਹਰ ਲਾਲ) :— ਤਖਤ ਸ੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਸ਼ੀ) ਤਲਵੰਡੀ ਸਾਬੋ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਇਕ ਅਗਸਤ ਤੋਂ ਚੱਲ ਰਿਹਾ ਮਹਾਨ ਗੁਰਮਤਿ ਸਮਾਗਮ ਅੱਜ 7 ਅਗਸਤ ਨੂੰ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮ—ਧਾਮ ਨਾਲ ਸੰਪੂਰਨ ਹੋਇਆ। ਇਸ ਸਮਾਗਮ ਦੇ ਸਬੰਧ ਵਿਚ 5 ਅਗਸਤ ਨੂੰ ਆਰੰਭ ਕੀਤੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ 7 ਅਗਸਤ ਦਿਨ ਸ਼ੁਕਰਵਾਰ ਨੂੰ ਸਵੇਰੇ 9:30 ਵਜੇ ਪਾਏ ਗਏ। ਇਸ ਤੋਂ ਬਾਅਦ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਹਾਨ ਸਮਾਗਮ ਦਾ ਆਯੋਜਨ ਕੀਤਾ ਗਿਆ।

**ਧਾਰਮਿਕ ਸਖਸ਼ੀਅਤਾਂ ਨੇ ਗੁਰਬਾਣੀ ਦਾ ਸਰਵਣ ਕਰਨ ਦਾ ਦਿੱਤਾ ਹੋਕਾ**

ਇਹ ਮਹਾਨ ਸਮਾਗਮ ਮਹਾਂਪੁਰਖ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਾ ਅਤੇ ਸੰਤ ਸਮਾਜ ਦੇ ਦਿਸ਼ਾ ਨਿਰਦੇਸ਼ ਹੇਠ ਚੱਲਿਆ। ਇਸ ਮੌਕੇ ਤੇ ਮਹਾਂਪੁਰਖ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਜਿਨਾਂ ਦੀ ਥੋੜੀ ਸਿਹਤ ਖਰਾਬ ਹੋਣ ਕਰਕੇ ਉਹ ਸਮਾਗਮ ਵਿੱਚ ਨਹੀਂ ਪਹੁੰਚ ਸਕੇ ਜਿਨਾਂ ਨੇ ਗਿਆਨੀ ਸਾਹਿਬ ਸਿੰਘ, ਗਿਆਨੀ ਗੁਰਪ੍ਰੀਤ ਸਿੰਘ, ਗਿਆਨੀ ਸਤਨਾਮ ਸਿੰਘ, ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਸਮੇਤ ਭਾਰੀ ਜਥੇ ਸਮੇਤ ਭੇਜਿਆ। ਇਸ ਮੌਕੇ ਤੇ ਖਾਸ ਤੌਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਿੰਘ ਸਾਹਿਬ ਭਾਈ ਹਰਜਿੰਦਰ ਸਿੰਘ ਧਾਮੀ ਪਹੁੰਚੇ। ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਹਰਜਿੰਦਰ ਸਿੰਘ ਧਾਮੀ ਨੇ ਬੋਲਦਿਆ ਕਿਹਾ ਕਿ ਦਮਦਮੀ ਟਕਸਾਲ ਜੋ ਕਿ ਸ਼ਹੀਦੀਆਂ ਨਾਲ ਭਰੀ ਹੈ ਜਿਸ ਦੇ ਪਹਿਲੇ ਮੁਖੀ ਧੰਨ ਧੰਨ ਬਾਬਾ ਦੀਪ ਸਿੰਘ ਜੀ ਸਨ ਜਿਨਾਂ ਨੇ ਆਪਣੀ ਲਾਸਾਨੀ ਸ਼ਹੀਦੀ ਦਿੱਤੀ, ਇਸ ਤੋਂ ਇਲਾਵਾ ਅਮਰ ਸ਼ਹੀਦ ਭਾਈ ਮਨੀ ਸਿੰਘ ਜੀ ਸਨ ਜਿਨਾਂ ਨੇ ਬੰਦ ਬੰਦ ਕਟਵਾਏ। ਉਨ੍ਹਾਂ ਅੱਗੇ ਕਿਹਾ ਕਿ ਅੱਜ ਧੰਨ ਸ੍ਰੀ ਗੁਰੂ ਹਰਕ੍ਰਿਸ਼ਨ ਜੀ ਦਾ ਜਨਮ ਦਿਹਾੜਾ ਹੈ ਨਾਲ ਹੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਗ੍ਰੰਥ ਸਾਹਿਬ ਜੀ ਦਾ ਸੰਪੂਰਨਤਾ ਦਿਵਸ ਤੇ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਆਏ ਹੋਏ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਸਮੂਹ ਆਈਆਂ ਸੰਗਤਾਂ ਦਾ ਅਤੇ ਦਮਦਮੀ ਟਕਸਾਲ ਸੇਵਕ ਜਥੇਦਾਰ ਧੰਨਵਾਦ ਕੀਤਾ। ਇਸ ਮੌਕੇ ਪੰਜਾਬ ਹਰਿਆਣਾ ਤੋਂ ਭਾਰੀ ਗਿਣਤੀ ਵਿੱਚ ਅਹੁਦੇਦਾਰ ਹਾਜਰ ਸਨ ਜਿਨਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਹਰਜਿੰਦਰ ਸਿੰਘ ਧਾਮੀ ਅਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਨਿਭਾਈ। ਇਸ ਮੌਕੇ ਤੇ ਸਟੇਜ ਸਕੱਤਰ ਦੀ ਸੇਵਾ ਗਿਆਨੀ ਸਾਹਿਬ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਾਹਿਬ ਗਿਆਨੀ ਟੇਕ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਨੇ ਆਈਆਂ ਸੰਗਤਾਂ ਨੂੰ ਹਰ ਸਮੇਂ ਗੁਰਬਾਣੀ ਸਰਵਣ ਕਰਦੇ ਰਹਿਣ ਦੀ ਅਪੀਲ ਕੀਤੀ ਤਾਂ ਜ਼ੋ ਮਨੁੱਖੀ ਜਾਮੇ ਦੌਰਾਨ ਅਸੀਂ ਗੁਰੂ ਨਾਲ ਜੁੜ ਕੇ ਆਪਣਾ ਇਹ ਜੀਵਨ ਤੇ ਅਗਲਾ ਜੀਵਨ ਸੰਭਾਲ ਸਕੀਏ। ਇਸ ਮੌਕੇ ਪੱਤਰਕਾਰ ਸ੍ਰੀ ਮਨੋਹਰ ਲਾਲ ਸਿੰਘ ਵੱਲੋਂ ਨਿਭਾਏ ਜਾ ਰਹੇ ਰੋਲ ਦੀ ਪ੍ਰਸੰਸਾ ਕਰਦੇ ਹੋਏ ਉਨ੍ਹਾਂ ਨੂੰ ਸੇਵਕ ਜਥੇ ਦਾ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ

ਇਸ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਸਾਬਕਾ ਜਥੇਦਾਰ ਤਖਤ ਸ੍ਰੀ ਅਕਾਲ ਤਖਤ ਸਾਹਿਬ, ਸੰਤ ਬਾਬਾ ਕਾਕਾ ਸਿੰਘ ਮਸਤੂਆਣਾ ਸਾਹਿਬ, ਸੰਤ ਬਾਬਾ ਚਮਕੌਰ ਸਿੰਘ ਭਦੌੜ, ਸੰਤ ਬਾਬਾ ਬੇਅੰਤ ਸਿੰਘ ਮਸਤੂਆਣਾ ਸਾਹਿਬ, ਸੰਤ ਬਾਬਾ ਹਜ਼ੂਰਾ ਸਿੰਘ ਬਠਿੰਡਾ, ਸੰਤ ਬਾਬਾ ਅਮਰਜੀਤ ਸਿੰਘ, ਗਿਆਨੀ ਸੁਰਜੀਤ ਸਿੰਘ, ਸੰਤ ਬਾਬਾ ਗੁਰਮੀਤ ਸਿੰਘ ਕਿਲੇਵਾਲਾ, ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੋਲਾ, ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ਸਾਬਕਾ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਸ੍ਰੀ ਤਖਤ ਸ੍ਰੀ ਦਮਦਮਾ ਸਾਹਿਬ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਗਿਆਨੀ ਹਜ਼ੂਰਾ ਸਿੰਘ, ਭਾਈ ਭਰਪੂਰ ਸਿੰਘ ਸਾਬਕਾ ਸਕੱਤਰ ਐਸ.ਜੀ.ਪੀ.ਸੀ, ਭਾਈ ਜਗਸੀਰਸਿੰਘ ਮੈਂਬਰ ਐਸ.ਜੀ.ਪੀ.ਸੀ, ਜਥੇਦਾਰ ਬਲਦੇਵ ਸਿੰਘ ਢੋਟੀਵਿੰਡ, ਸੰਤ ਬਾਬਾ ਗੁਰਮੀਤ ਸਿੰਘ ਮੈਂਬਰ ਐਸ.ਜੀ.ਪੀ.ਸੀ, ਭਾਈ ਗੁਰਪ੍ਰੀਤ ਸਿੰਘ ਮੈਂਬਰ ਐਸ.ਜੀ.ਪੀ.ਸੀ, ਬਾਬਾ ਬਲਵਿੰਦਰ ਸਿੰਘ, ਬਾਬਾ ਮਨਮੋਹਨ ਸਿੰਘ, ਕੁਲਦੀਪ ਸਿੰਘ ਅੰਮ੍ਰਿਤਸਰ, ਬਾਬਾ ਮੁਖਤਿਆਰ ਸਿੰਘ ਸਪੋਰਟ ਵਾਲੇ, ਜਥੇਦਾਰ ਕੁਲਦੀਪ ਸਿੰਘ ਤਰਨਾ ਦਲ ਕੋਟ ਦੁੰਨਾ, ਸੰਤ ਬਾਬਾ ਕਾਕਾ ਸਿੰਘ ਬੁੰਗਾ ਮਸਤੂਆਣਾ ਮਹਿਤਾ, ਬਾਬਾ ਇਕਬਾਲ ਸਿੰਘ ਬੜੂ ਮਹਿਤਾ ਵਾਲੇ, ਜਥੇਦਾਰ ਬਾਬਾ ਸੁਖਦੇਵ ਸਿੰਘ ਵੀਰ ਸਿੰਘ ਬੜੂ ਸਾਹਿਬ, ਸੰਤ ਬਾਬਾ ਪ੍ਰੀਤਮ ਸਿੰਘ ਮਲੜੀ ਵਾਲੇ, ਸੰਤ ਬਾਬਾ ਅਮਰਜੀਤ ਸਿੰਘ ਹਰਖੋ ਵਾਲੇ, ਪ੍ਰਿੰਸੀਪਲ ਹਰਵਿੰਦਰ ਸਿੰਘ ਗੁਰਮਤਿ ਵਿਦਿਆਲਾ ਗੁਰੂ ਕੀ ਕਾਸ਼ੀ, ਸੰਤ ਬਾਬਾ ਅਮਨਦੀਪ ਸਿੰਘ, ਭਾਈ ਮਨੀ ਸਿੰਘ ਟਕਸਾਲ ਦੇ ਮੁਖੀ, ਸੰਤ ਬਾਬਾ ਦਰਸ਼ਨ ਸਿੰਘ, ਸੁਰਜੀਤ ਸਿੰਘ ਮਹਿਤਾ, ਬਾਬਾ ਮੇਜਰ ਸਿੰਘ, ਸੰਤ ਬਾਬਾ ਕੁੰਦਨ ਸਿੰਘ ਪੱਕਾ ਸ਼ਹੀਦ, ਭਾਈ ਕੁਲਦੀਪ ਸਿੰਘ, ਗਿਆਨੀ ਆਲਮ ਸਿੰਘ ਕਥਾਵਾਚਕ ਤਖਤ ਸ੍ਰੀ ਦਮਦਮੀ ਟਕਸਾਲ ਮਹਿਤਾ, ਜਗਤਾਰ ਸਿੰਘ ਤਖਤ ਸ੍ਰੀ ਦਮਦਮਾ ਮਹਿਤਾ, ਗੁਰਤੇਜ਼ ਸਿੰਘ ਜ਼ੋਧਪੁਰ ਬਠਿੰਡਾ, ਗਿਆਨੀ ਸਤਨਾਮ ਸਿੰਘ, ਭਾਈ ਗੁਰਬਾਜ ਸਿੰਘ, ਭਾਈ ਪ੍ਰਭਜੋਤ ਸਿੰਘ, ਭਾਈ ਗੁਰਕ੍ਰਿਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ, ਭਾਈ ਹਰਚੰਦ ਸਿੰਘ, ਜ਼ਸਕਰਨ ਸਿੰਘ ਸੰਧੂ ਪ੍ਰਧਾਨ ਜ਼ਿਲ੍ਹਾ ਬਠਿੰਡਾ ਦਮਦਮੀ ਟਕਸਾਲ, ਸੰਤ ਬਾਬਾ ਅਮਰ ਸਿੰਘ ਕੀਰਤੀ, ਗੁਰਬਚਨ ਸਿੰਘ, ਸੰਤ ਬਾਬਾ ਦਰਸ਼ਨ ਸਿੰਘ, ਪ੍ਰੋ: ਗੁਰਜੀਤ ਸਿੰਘ ਗੁਰੂ ਕੀ ਕਾਸ਼ੀ ਯੂਨੀਵਰਸਿਟੀ, ਭਾਈ ਤੇਜਬੀਰ ਸਿੰਘ ਸ੍ਰੀ ਅੰਮ੍ਰਿਤਸਰ ਅਮਰਜੀਤ ਸਿੰਘ ਭਰਾਤਾ ਸ਼ਹੀਦ ਭਾਈ ਮਨਵੀਰ ਸਿੰਘ ਸੰਧੂ, ਗਿਆਨੀ ਗੁਰਪ੍ਰੀਤ ਸਿੰਘ ਜ਼ਿਲ੍ਹਾ ਪ੍ਰਧਾਨ ਦਮਦਮੀ ਟਕਸਾਲ, ਕਰਮਜੀਤ ਸਿੰਘ ਡਿਪਟੀ, ਅਵਤਾਰ ਸਿੰਘ, ਸੁਖਜੀਤ ਸਿੰਘ, ਗੁਰਦੇਵ ਸਿੰਘ, ਭਾਈ ਭੁਪਿੰਦਰ ਸਿੰਘ ਸੇਖੂਪੁਰ, ਜਥੇਦਾਰ ਬਾਬਾ ਜੱਜ ਸਿੰਘ ਜਲਾਲਾਬਾਦ, ਭਾਈ ਮਨਦੀਪ ਸਿੰਘ, ਭਾਈ ਗੁਰਮੀਤ ਸਿੰਘ ਦਮਦਮੀ ਸਮਾਜ ਕਿਸ਼ਨਗੜ੍ਹ ਰਾਜਸਥਾਨ, ਜਥੇਦਾਰ ਭਾਈ ਬੋਹੜਾ, ਜਥੇਦਾਰ ਹਰਭਜਨ ਸਿੰਘ ਪੱਪੂ, ਗਿਆਨੀ ਗੁਰਇੰਦਰ ਸਿੰਘ ਰਾਜੋਕੇ, ਗਿਆਨੀ ਦਲੀਪ ਸਿੰਘ, ਜਥੇਦਾਰ ਦਰਸ਼ਨ ਸਿੰਘ ਜਗ੍ਹਾ ਰਾਮ ਤੀਰਥ ਸ਼ਹੀਦ ਪਰਿਵਾਰ, ਜਥੇਦਾਰ ਭਾਈ ਚਮਕੌਰ ਸਿੰਘ, ਇਕਬਾਲ ਸਿੰਘ ਸ਼ਾਹ, ਕਸ਼ਮੀਰ ਸਿੰਘ ਸਰਪੰਚ ਮਹਿਤਾ, ਭਾਈ ਪੂਰਨ ਸਿੰਘ ਜਲਾਲਾਬਾਦ, ਜਥੇਦਾਰ ਭਾਈ ਜਰਨੈਲ ਸਿੰਘ ਤਲਵੰਡੀ ਭਾਈ, ਜਥੇਦਾਰ ਜ਼ੋਗਿੰਦਰ ਸਿੰਘ ਮਦਰੇ, ਜਥੇਦਾਰ ਜ਼ਸਵਿੰਦਰ ਸਿੰਘ ਪਟਿਆਲਾ, ਭਾਈ ਰਛਪਾਲ ਸਿੰਘ ਝੋਕ ਮੋਹੜੇ, ਸੰਤ ਬਾਬਾ ਬਲਜਿੰਦਰ ਸਿੰਘ ਤਰਨਾ ਦਲ ਕੈਲਿਆਂ ਵਾਲੇ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕੀ ਕਾਸ਼ੀ, ਜਥੇਦਾਰ ਬਾਬਾ ਜੱਜ ਸਿੰਘ ਜਲਾਲਾਬਾਦ, ਭਾਈ ਭੁਪਿੰਦਰ ਸਿੰਘ ਸੇਖੂਪੁਰ ਪਟਿਆਲਾ, ਬਾਬਾ ਗਿਆਨ ਸਿੰਘ ਹੈਡ ਗ੍ਰੰਥੀ ਮੰਜੀ ਸਾਹਿਬ, ਠਾਣਾ ਸਿੰਘ ਚੱਠਾ ਤਲਵੰਡੀ ਸਾਬੋ, ਸੂਬਾ ਸਿੰਘ ਐਮ.ਸੀ ਤਲਵੰਡੀ ਸਾਬੋ, ਹਰਬੰਸ ਸਿੰਘ ਐਮ.ਸੀ ਤਲਵੰਡੀ ਸਾਬੋ, ਸ੍ਰੀ ਹਰਜਿੰਦਰ ਸਿੰਘ, ਬਾਬਾ ਗੁਰਦੇਵ ਸਿੰਘ, ਸੰਤ ਬਾਬਾ ਬਲਜਿੰਦਰ ਸਿੰਘ ਤਰਨਾ ਦਲ, ਸੰਤ ਬਾਬਾ ਜਰਨੈਲ ਸਿੰਘ, ਸੰਤ ਬਾਬਾ ਹਰਿੰਦਰਪਾਲ ਸਿੰਘ ਮਹਰਾਜ, ਜਥੇਦਾਰ ਆਤਮਾ ਸਿੰਘ ਪ੍ਰਧਾਨ ਮਾਲਵਾ ਜ਼ੋਨ ਦਮਦਮੀ ਟਕਸਾਲ, ਬਾਬਾ ਬੇਅੰਤ ਸਿੰਘ ਮਸਤੂਆਣਾ ਸਾਹਿਬ, ਬਾਬਾ ਸੁਖਵਿੰਦਰ ਸਿੰਘ ਗੁ: ਅਗੀਠਾ ਸਾਹਿਬ, ਗਿਆਨੀ ਗੁਰਤੇਜ਼ ਸਿੰਘ ਖੜਿਆਲ ਜ਼ੋ ਭਾਈ ਅਮਰਜੀਤ ਸਿੰਘ ਮਰਿਯਾਦਾ ਜੀ ਵੱਲੋਂ ਹਾਜ਼ਰੀ ਲਗਵਾ ਰਹੇ ਸਨ। ਇਸ ਮੌਕੇ ਸੰਤ ਬਾਬਾ ਅਮਰਜੀਤ ਸਿੰਘ, ਗਿਆਨੀ ਗੁਰਪਿਆਰ ਸਿੰਘ ਖਿਆਲੀ ਵਾਲੇ, ਭਾਈ ਮੋਹਕਮ ਸਿੰਘ ਜ਼ੋਗਾਨੰਦ ਵਿਦਿਆਰਥੀ ਦਮਦਮੀ ਟਕਸਾਲ ਭਟੌੜ ਵਾਲੇ, ਸੰਤ ਬਾਬਾ ਚਮਕੌਰ ਸਿੰਘ, ਗਿਆਨੀ ਸਤਨਾਮ ਸਿੰਘ, ਸੰਤ ਬਾਬਾ ਮਲਕੀਤ ਸਿੰਘ, ਗਿਆਨੀ ਤੇਜਬੀਰ ਸਿੰਘ, ਜਥੇਦਾਰ ਆਤਮਾ ਸਿੰਘ ਪ੍ਰਧਾਨ ਮਾਲਵਾ ਜ਼ੋਨ, ਜਥੇਦਾਰ ਗੁਰਮੀਤ ਸਿੰਘ ਤਲਵੰਡੀ ਸਾਬੋ ਕਾਨੂੰਨੀ ਤੇ ਮੀਡੀਆ ਸਲਾਹਕਾਰ ਪੰਜਾਬ ਅਤੇ ਹਰਿਆਣਾ, ਭਾਈ ਜਗਨੂਰ ਸਿੰਘ ਮੀਤ ਪ੍ਰਧਾਨ ਮਾਲਵਾ, ਜਥੇਦਾਰ ਜਗਤਾਰ ਸਿੰਘ ਸੇਖੂ ਜ਼ਿਲ੍ਹਾ ਪ੍ਰਧਾਨ ਬਠਿੰਡਾ, ਜਥੇਦਾਰ ਕੁਲਦੀਪ ਸਿੰਘ ਪ੍ਰਧਾਨ ਹਰਿਆਣਾ, ਬਾਬਾ ਗੁਰਜੰਟ ਸਿੰਘ ਚੇਅਰਮੈਨ ਧਰਮ ਪ੍ਰਚਾਰ ਅਤੇ ਮੀਤ ਪ੍ਰਧਾਨ ਹਰਿਆਣਾ, ਬਾਬਾ ਬੂਟਾ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ, ਭਾਈ ਜਗਜੀਤ ਸਿੰਘ ਸ਼ਹਿਰੀ ਪ੍ਰਧਾਨ ਬਠਿੰਡਾ, ਭਾਈ ਇੰਦਰਜੀਤ ਸਿੰਘ ਮੀਤ ਸ਼ਹਿਰੀ ਪ੍ਰਧਾਨ ਬਠਿੰਡਾ, ਗਿਆਨੀ ਬਚਨ ਸਿੰਘ ਮੱਲਣ ਪ੍ਰਧਾਨ ਜੈਤੋ, ਗਿਆਨੀ ਜਸਪ੍ਰੀਤ ਸਿੰਘ ਮੀਤ ਪ੍ਰਧਾਨ ਗਿਦੜਬਾਹਾ, ਭਾਈ ਗੁਰਨਾਮ ਸਿੰਘ ਪ੍ਰਧਾਨ ਫਤਿਆਬਾਦ ਹਰਿਆਣਾ, ਭਾਈ ਪ੍ਰਗਟ ਸਿੰਘ ਹਲਕਾ ਪ੍ਰਧਾਨ ਕਾਲਿਆਂਵਾਲੀ, ਗੁਰਮੀਤ ਸਿੰਘ ਸੁਖਚੈਨ ਬਲਾਕ ਪ੍ਰਧਾਨ ਬੜਾਗੁੜਾ, ਕੁਲਦੀਪ ਸਿੰਘ ਮੀਤ ਪ੍ਰਧਾਨ ਬੜਾਗੁੜਾ, ਬਾਬਾ ਬੱਗਾ ਸਿੰਘ ਬਲਾਕ ਪ੍ਰਧਾਨ, ਮੱਖਣ ਸਿੰਘ ਪ੍ਰਧਾਨ ਸਰਦੂਲਗੜ੍ਹ, ਭਾਈ ਕੁਲਦੀਪ ਸਿੰਘ ਪ੍ਰਧਾਨ ਅੰਮ੍ਰਿਤਸਰ, ਭਾਈ ਸੁਖਲਾਲ ਸਿੰਘ ਬਾਸਰਕੇ, ਅਵਤਾਰ ਸਿੰਘ ਤਰਨਤਾਰਨ, ਗਿਆਨੀ ਗੁਰਪ੍ਰੀਤ ਸਿੰਘ ਵੈਦ ਗੁਰਦਾਸਪੁਰ, ਡਾ: ਅਵਤਾਰ ਸਿੰਘ ਬੁੱਟਰ ਪਠਾਨਕੋਟ, ਕਰਮਜੀਤ ਸਿੰਘ ਡਿਪਟੀ ਪਗਰਾਪੁਰ ਜਲੰਧਰ, ਗਿਆਨੀ ਤਰਲੋਚਨ ਸਿੰਘ ਸਹਾਏਪੁਰ ਹੁਸ਼ਿਆਰਪੁਰ, ਸੁਖਜੀਤ ਸਿੰਘ ਢਪਈ ਕਪੂਰਥਲਾ, ਬਾਬਾ ਸੁਖਦੇਵ ਸਿੰਘ ਸਿਧਾਣਾ ਸਾਹਿਬ ਸੰਗਰੂ, ਬਲਰਾਜ ਸਿੰਘ ਭਿੰਡਰ ਕਲਾਂ ਮੋਗਾ, ਸਤਪਾਲ ਸਿੰਘ ਭੂਰੇ ਬਰਨਾਲਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਮਹਿੰਦਰ ਸਿੰਘ ਨਾਰੀਕੇ ਮਲੇਰਕੋਟਲਾ, ਪੂਰਨ ਸਿੰਘ ਜਲਾਲਾਬਾਦ ਫ਼ਾਜ਼ਿਲਕਾ, ਹਰਪਾਲ ਸਿੰਘ ਮੱਲਾਂਵਾਲਾ ਫ਼ਿਰੋਜ਼ਪੁਰ, ਸੁਖਵਿੰਦਰ ਸਿੰਘ ਸਰਪੰਚ ਸੁਖਲਾ ਅਬਲੂ ਸ੍ਰੀ ਮੁਕਤਸਰ ਸਾਹਿਬ, ਪਿਆਰਾ ਸਿੰਘ ਝਲੀਆਂ ਰੂਪਨਗਰ, ਭੋਲਾ ਸਿੰਘ ਬੁਢੀਮਾਲਾ ਫਰੀਦਕੋਟ, ਭਾਈ ਸਤਵਿੰਦਰ ਸਿੰਘ ਭੜੀ ਸ੍ਰੀ ਫਤਹਿਗੜ੍ਹ ਸਾਹਿਬ, ਦਵਿੰਦਰ ਸਿੰਘ ਸ਼ਹੀਦ ਭਗਤ ਸਿੰਘ ਨਗਰ, ਜਸਵਿੰਦਰ ਸਿੰਘ ਮਾਂਗਟ ਪਟਿਆਲਾ, ਭਾਈ ਸਿਮਰਨਜੀਤ ਸਿੰਘ ਸੋਹੜਾ ਮੁਹਾਲੀ, ਭਾਈ ਤਰਲੋਚਨ ਸਿੰਘ ਨਾਭਾ ਸਾਹਿਬ ਚੰਡੀਗੜ੍ਹ, ਗੁਰਪਿਆਰ ਸਿੰਘ ਸਰਦੂਲਗੜ੍ਹ, ਹਰਜਿੰਦਰ ਸਿੰਘ ਜ਼ਿਲ੍ਹਾ ਪ੍ਰਚਾਰਕ ਮਾਨਸਾ, ਭਾਈ ਨਿਰਮਲ ਸਿੰਘ ਢਾਡੀ ਜਥਾ ਧਰਮ ਪ੍ਰਚਾਰ ਮੋਗਾ, ਗੁਰਤੇਜ਼ ਸਿੰਘ ਪ੍ਰੈਸ ਸਕੱਤਰ ਮਾਲਵਾ ਜ਼ੋਨ, ਜਗਰਾਜ ਸਿੰਘ ਪ੍ਰੈਸ ਸਕੱਤਰ ਜ਼ਿਲ੍ਹਾ ਬਠਿੰਡਾ, ਮਨੋਜ਼ ਕੁਮਾਰ ਬਲਾਕ ਪ੍ਰਧਾਨ ਰਾਮ, ਜਥੇਦਾਰ ਸਤਪਾਲ ਸਿੰਘ ਜ਼ੋਤਾ ਜ਼ਿਲ੍ਹਾ ਮੋਗਾ, ਭਾਈ ਸ਼ਿੰਗਾਰਾ ਸਿੰਘ ਚੇਅਰਮੈਨ ਗੁਰੂਹਰਸਹਾਏ, ਭਾਈ ਨਿਰਮਲ ਸਿੰਘ ਪ੍ਰਧਾਨ ਰਾਮਪੁਰਾ ਫੂਲ, ਬਾਬਾ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਤੇ ਕਰਵਾਏ ਧਾਰਮਿਕ ਸਮਾਗਮ





**ਫ਼ਿਰੋਜ਼ਪੁਰ, 8 ਅਗਸਤ (ਮਨੋਹਰ ਲਾਲ) :—** ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਅਵਤਾਰ ਗੁਰਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਸੇਵਾ ਸਵਰਗੀ ਸਰਦਾਰ ਲਾਲ ਸਿੰਘ ਪਾਪੜਾਂ ਅਤੇ ਸਵਰਗੀ ਸਰਦਾਰ ਪ੍ਰੇਮ ਸਿੰਘ ਹਾਂਡਾ ਦੇ ਪਰਿਵਾਰਾਂ ਵੱਲੋਂ ਕਰਵਾਈ ਗਈ। ਉਪਰੰਤ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਏ ਗਏ, ਜਿਸ ਵਿਚ ਭਾਈ ਅਵਤਾਰ ਸਿੰਘ ਫੌਜੀ, ਬੀਬੀ ਕੁਲਤਾਰ ਕੌਰ, ਬੀਬੀ ਪਰਵਿੰਦਰ ਕੌਰ ਮੱਕੜ ਨੇ ਕੀਰਤਨ ਗਾਇਨ ਕੀਤਾ, ਉਪਰੰਤ ਅਰਦਾਸ ਬੇਨਤੀ ਕੀਤੀ ਗਈ। ਪ੍ਰਬੰਧਕਾਂ ਨੇ ਦੱਸਿਆ ਕਿ ਧਾਰਮਿਕ ਸਮਾਗਮਾਂ ਵਿਚ ਪਹੁੰਚੀ ਸੰਗਤ ਨੂੰ ਚਾਹ ਦੇ ਲੰਗਰ ਛਕਾਏ ਗਏ ਅਤੇ ਚਾਹ ਦੇ ਲੰਗਰਾਂ ਤੋਂ ਬਾਅਦ ਭਾਈ ਨਿਰਮਲਜੀਤ ਸਿੰਘ ਖਾਲਸਾ ਫਿਰੋਜ਼ਪੁਰ ਵਾਲੇ ਵੱਲੋਂ ਕੀਰਤਨ ਅਤੇ ਕਥਾ ਵਿਚਾਰ ਨਾਲ ਸੰਗਤਾਂ ਨੂੰ ਜੋੜਿਆ ਗਿਆ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਅਰਦਾਸ ਉਪਰੰਤ ਭਾਈ ਸਾਹਿਬ ਭਾਈ ਲਖਬੀਰ ਸਿੰਘ ਜੀ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਜਿਲਾ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਡਾ, ਭਾਈ ਲਖਵੀਰ ਸਿੰਘ ਏਕ ਨੂਰ ਖਾਲਸਾ, ਅਸ਼ੋਕ ਸਚਦੇਵਾ ਪ੍ਰਧਾਨ ਨਗਰ ਕੌਂਸਲ ਫਿਰੋਜ਼ਪੁਰ, ਸਾਹਿਲ ਸਚਦੇਵਾਂ, ਭਾਈ ਕੁਲਵੰਤ ਸਿੰਘ ਪ੍ਰਧਾਨ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ, ਸਤਨਾਮ ਸਿੰਘ ਸਾਜਨ, ਭਾਈ ਬਸੰਤ ਸਿੰਘ ਅਤੇ ਹੋਰ ਆਈਆਂ ਹੋਈਆਂ ਸੰਗਤਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਰਪਾਉ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕ ਕਮੇਟੀ ਵੱਲੋਂ ਭਾਈ ਕੁਲਵੰਤ ਸਿੰਘ ਲਾਂਗਰੀ ਜੱਥੇ ਨੂੰ ਸਨਮਾਨਿਤ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ, ਪ੍ਰਸ਼ਿਵੰਦਰ ਸਿੰਘ ਪਾਪੜਾਂ ਵਾਲੇ, ਸਰਬਜੀਤ ਸਿੰਘ ਪਾਪੜਾ ਵਾਲੇ, ਹਰਦੀਪ ਸਿੰਘ ਭੱਲਾ, ਅਜੇ ਮੋਗਾ ਬੱਲੀ, ਸੋਨੂ ਬਾਵਾ, ਤਜਿੰਦਰ ਸਿੰਘ, ਇਕਬਾਲ ਸਿੰਘ ਸਾਭਾ, ਕਮਲਜੀਤ ਸਿੰਘ ਸ਼ੇਰ, ਜਗਜੀਤ ਸਿੰਘ ਅਤੇ ਹੋਰ ਮੈਂਬਰ ਸਾਹਿਬਾਨਾਂ ਵੱਲੋਂ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੂੰ ਵਸਤਰ ਅਤੇ ਸਿਰਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਅਖੀਰ ਵਿੱਚ ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਵੱਲੋਂ ਗੁਰੂ ਸਾਹਿਬ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਸਾਰੀ ਸੰਗਤ ਆਪਣੀ ਸਿੱਖ ਕੌਮ ਦੇ ਸਾਰੇ ਗੁਰੂਆਂ ਦੇ ਸ਼ਹੀਦ ਸਿੰਘਾਂ ਦੇ ਦਿਹਾੜੇ ਮਨਾ ਕੇ ਆਪਣੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਆਉਣ ਵਾਲੀ ਪੀੜੀ ਗੁਰੂ ਘਰ ਨਾਲ ਜੁੜ ਸਕੇ। ਅਖੀਰ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਵੱਲੋਂ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਤੇ ਸੰਗਤਾਂ ਨੂੰ ਵਧਾਈ ਦਿੱਤੀ ਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਹਰ ਬੱਚੇ ਨੂੰ ਦੇਖਭਾਲ ਦਾ ਹੱਕ, ਹਰ ਮਾਂ ਨੂੰ ਸਹਿਯੋਗ ਦੀ ਲੋੜ - ਵਿਧਾਇਕ ਡਾ. ਈਸ਼ਾਂਕ ਕੁਮਾਰ

**ਹੁਸ਼ਿਆਰਪੁਰ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਹਿਲਾ ਸਸ਼ਕਤੀਕਰਨ ਦੇ ਖੇਤਰ ਵਿੱਚ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਕਰਦਿਆਂ, ਚੱਬੇਵਾਲ ਹਲਕੇ ਦੀਆਂ 55 ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਕਮਿਊਨਿਟੀ ਸੈਂਟਰ, ਚੱਬੇਵਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਧਾਇਕ ਡਾ. ਈਸ਼ਾਂਕ ਕੁਮਾਰ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ। ਵਿਧਾਇਕ ਨੇ ਸਾਰੀਆਂ ਨਵ-ਨਿਯੁਕਤ ਵਰਕਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਭਵਿੱਖ ਦੀਆਂ ਜ਼ਿੰਮੇਵਾਰੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਸਮਾਜ ਦੀ ਮਜ਼ਬੂਤ ਨੀਂਹ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ, ਕਿਉਂਕਿ ਉਹ ਮਾਵਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਰਵਪੱਖੀ ਵਿਕਾਸ ਨਾਲ ਸਿੱਧੇ ਤੌਰ 'ਤੇ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬਾਲ ਵਿਕਾਸ ਅਤੇ ਮਹਿਲਾ ਭਲਾਈ ਨਾਲ ਸਬੰਧਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਹਰ ਯੋਗ ਲਾਭਪਾਤਰੀ ਤੱਕ ਬਿਹਤਰ ਸਹੂਲਤਾਂ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਵਧਾਈ ਦਿੰਦਿਆਂ ਵਿਧਾਇਕ ਨੇ ਕਿਹਾ, "ਇਹ ਤੁਹਾਡੇ ਦੁਆਰਾ ਜਨਸੇਵਾ ਦੇ ਇੱਕ ਅਰਥਪੂਰਨ ਸਫ਼ਰ ਦੀ ਸ਼ੁਰੂਆਤ ਹੈ। ਤੁਹਾਡੀ ਮਿਹਨਤ, ਸੰਵੇਦਨਸ਼ੀਲਤਾ ਅਤੇ ਸਮਰਪਣ ਸਾਡੇ ਬੱਚਿਆਂ ਦੇ ਸਿਹਤਮੰਦ ਅਤੇ ਉਜਵਲ ਭਵਿੱਖ ਦੀ ਨੀਂਹ ਮਜ਼ਬੂਤ ਕਰਨ ਦੇ ਨਾਲ-ਨਾਲ ਸਾਡੀਆਂ ਮਾਵਾਂ ਨੂੰ ਸਹਿਯੋਗ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ, ਡਾ. ਈਸ਼ਾਂਕ ਕੁਮਾਰ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣ ਅਤੇ ਪਿੰਡਾਂ ਵਿੱਚ ਲੋਕਾਂ ਨਾਲ ਨਜ਼ਦੀਕੀ ਤਾਲਮੇਲ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਹ ਵਰਕਰ ਆਪਣੇ-ਆਪਣੇ ਖੇਤਰਾਂ ਵਿੱਚ ਬੱਚਿਆਂ ਦੇ ਪੋਸ਼ਣ, ਸ਼ੁਰੂਆਤੀ ਸਿੱਖਿਆ ਅਤੇ ਮਾਵਾਂ ਦੀ ਭਲਾਈ ਲਈ ਮਹੱਤਵਪੂਰਨ ਯੋਗਦਾਨ ਪਾਉਣਗੀਆਂ। ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੇ ਸਮਾਜ ਦੀ ਸੇਵਾ ਕਰਨ ਦਾ ਮੌਕਾ ਦੇਣ ਲਈ ਪੰਜਾਬ ਸਰਕਾਰ ਅਤੇ ਵਿਧਾਇਕ ਡਾ. ਈਸ਼ਾਂਕ ਕੁਮਾਰ ਦਾ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਮਾਵਾਂ ਅਤੇ ਬੱਚਿਆਂ ਦੀ ਭਲਾਈ ਲਈ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੀਆਂ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਗਗਨਦੀਪ ਸਿੰਘ, ਸੀ.ਡੀ.ਪੀ.ਓ. ਮਨਪ੍ਰੀਤ ਸਿੰਘ, ਸੁਪਰਵਾਈਜ਼ਰ ਹਰਜਿੰਦਰ ਕੌਰ, ਅਰਸ਼ਦੀਪ ਕੌਰ, ਪਰਮਿੰਦਰ ਕੌਰ ਅਤੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਹਾਜ਼ਰ ਸਨ।


AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 13 ਅਗਸਤ ਤੋਂ 12 ਸਤੰਬਰ ਤੱਕ ਵੋਟਰ

# ਆਪਣੇ ਇਤਰਾਜ਼ ਤੇ ਦਾਅਵੇ ਪੇਸ਼ ਕਰ ਸਕਦੇ ਹਨ








## ਸਵੀਪ ਟੀਮ 093 ਦਿਹਾਤੀ ਬਠਿੰਡਾ ਵੱਲੋਂ ਐਸ. ਆਈ.ਆਰ. 2026 'ਤੇ ਵਿਸ਼ੇਸ਼

ਅੰਗਰੇਜ਼ਾਂ ਦੀ ਗੁਲਾਮੀ ਤੋਂ ਬਾਅਦ ਜਦ 1947 ਵਿੱਚ ਭਾਰਤ ਆਜ਼ਾਦ ਹੋਇਆ ਤਾਂ 26 ਜਨਵਰੀ 1950 ਵਿੱਚ ਭਾਰਤੀ ਸੰਵਿਧਾਨ ਲਾਗੂ ਹੋਇਆ ਤੇ ਸੰਵਿਧਾਨ ਅਨੁਸਾਰ ਹੀ ਹਰ ਨਾਗਰਿਕ ਨੂੰ ਵੋਟ ਪਾਉਣ ਦਾ ਅਧਿਕਾਰ ਮਿਲਿਆ ਹੋਇਆ ਹੈ। ਇਹ ਅਧਿਕਾਰ ਭਾਰਤੀ ਸੰਵਿਧਾਨ ਦੇ ਅਨੁਛੇਦ 236 ਦੇ ਤਹਿਤ ਦਿੱਤਾ ਗਿਆ ਹੈ। ਭਾਰਤ ਵਿੱਚ ਵੋਟ ਦੇ ਅਧਿਕਾਰ ਦੀ ਉਮਰ 21 ਸਾਲ ਸੀ, ਪਰ 1989 ਵਿੱਚ ਇਹ ਉਮਰ 21 ਸਾਲ ਤੋਂ ਘਟਾ ਕੇ 18 ਸਾਲ ਕਰ ਦਿੱਤੀ ਗਈ ਹੈ। ਭਾਰਤੀ ਇਲੈਕਸ਼ਨ ਕਮਿਸ਼ਨ ਵੋਟਰਜ ਨੂੰ ਵੋਟ ਕਾਰਡ ਵਿੱਚ ਸੋਧ ਕਰਵਾਉਣ ਦੇ ਸਾਲ ਵਿੱਚ ਕਈ ਪ੍ਰਕਾਰ ਦੇ ਮੌਕੇ ਤੇ ਅਨੇਕਾਂ ਪਾਰਕਾਰ ਦੀਆਂ ਸਹੂਲਤਾਂ ਦਿੰਦਾ ਹੈ। ਜਿਸ ਦਾ ਮਕਸਦ ਇਹ ਹੁੰਦਾ ਹੈ ਕਿ ਵੋਟਰ ਜਾਗਰੂਕ ਹੋ ਸਕਣ ਅਤੇ ਆਪਣੇ ਵੋਟ ਦੀ ਸਹੀ ਤੇ ਦਰੁਸਤ ਵਰਤੋਂ ਕਰ ਸਕਣ। ਇਸ ਕਰਕੇ ਇਲੈਕਸ਼ਨ ਕਮਿਸ਼ਨ ਸਾਲ ਵਿੱਚ ਸਮੇਂ ਸਮੇਂ ਤੇ ਵੋਟਰਾਂ ਨੂੰ ਮੌਕਾ ਦਿੰਦਾ ਹੈ ਕਿ ਜੇਕਰ ਕਿਸੇ ਵੋਟਰ ਦੇ ਵੋਟ ਕਾਰਡ ਵਿੱਚ ਕਿਸੇ ਪ੍ਰਕਾਰ ਦੀ ਦਰੁਸਤੀ ਕਰਵਾਉਣ ਅਤੇ ਅਪਡੇਸ਼ਨ ਜਾਂ ਕਿਸੇ ਪ੍ਰਕਾਰ ਦੀ ਨਵੀਂ ਵੋਟ ਬਣਨ ਜਾਂ ਫਿਰ ਪਰਿਵਾਰ ਵਿੱਚ ਕਿਸੇ ਦੀ ਮੌਤ ਕਾਰਨ ਵੋਟ ਕਟਵਾਉਣ ਵਾਲੀ ਹੁੰਦੀ ਹੈ ਤਾਂ ਵੋਟਰ ਇਹਨਾਂ ਮੌਕਿਆਂ ਦਾ ਲਾਭ ਉਠਾ ਸਕਣ ਪਰ ਇਸ ਵਾਰ ਤਾਂ ਇਲੈਕਸ਼ਨ ਕਮਿਸ਼ਨ ਨੇ ਐਸ.ਆਈ.ਆਰ. 2026 ਦੇ ਤਹਿਤ ਸਾਰੀ ਵੋਟਰ ਸੂਚੀ ਦੀ ਗਹਿਰੀ ਸੁਧਾਈ ਕਰਵਾ ਦਿੱਤੀ ਹੈ। ਜਿਸ ਵਿੱਚ ਹੁਣ ਤੱਕ ਵੋਟਰ ਆਪਣੇ ਫਾਰਮ ਬੂਥ ਲੈਵਲ ਅਫਸਰ ਕੋਲ ਜਮਾ ਕਰਵਾ ਚੁੱਕੇ ਹਨ। ਇਲੈਕਸ਼ਨ ਕਮਿਸ਼ਨ ਵੱਲੋਂ ਇਸ ਤੋਂ ਪਹਿਲਾਂ ਇਹ ਵੋਟਰ ਸੂਚੀ ਦੀ ਗਹਿਰੀ ਸੁਧਾਈ 2003 ਵਿੱਚ ਕਰਵਾਈ ਗਈ ਸੀ ਹੁਣ 23 ਸਾਲ ਬਾਅਦ ਫਿਰ ਇਹ ਐਸ.ਆਈ. ਆਰ. 2026 ਦੇ ਤਹਿਤ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਵਿਸ਼ੇਸ਼ ਗਹਿਰੀ ਸੁਧਾਈ ਕਰਵਾਈ ਗਈ ਹੈ। ਐਸ. ਆਈ.ਆਰ. ਦੇ ਤਹਿਤ ਬੂਥ ਲੈਵਲ ਅਫਸਰ ਗਲੀ ਗਲੀ ਘਰ ਘਰ ਜਾ ਕੇ ਸਾਰੇ ਵੋਟਰਾਂ ਦੇ ਐਸ.ਆਈ. ਆਰ. ਸਬੰਧੀ ਫਾਰਮ ਵੰਡ ਕੇ ਆਏ ਅਤੇ ਫਿਰ ਸਮਾਂ ਦੇ ਕੇ ਭਰੇ ਹੋਏ ਫਾਰਮ ਗਲੀ ਗਲੀ ਘਰ ਘਰ ਜਾ ਕੇ ਸਾਰੇ ਵੋਟਰਾਂ ਤੋਂ ਮੌਜੂਦਾ ਸਮੇਂ ਦੀਆਂ ਫੋਟੋਆਂ ਲਗਵਾ ਕੇ ਵਾਪਸ ਜਮਾ ਕਰਵਾਏ ਗਏ ਸਨ। ਹੁਣ ਤੱਕ ਵੋਟਰਾਂ ਵੱਲੋਂ ਜਮਾ ਕਰਵਾਏ ਗਏ ਫਾਰਮਾਂ ਦੇ ਅਨੁਸਾਰ ਪੰਜਾਬ ਵਿੱਚ 13 ਅਗਸਤ ਨੂੰ ਛਪਣ ਜਾ ਰਹੀ ਖਰੜਾ ਵੋਟਰ ਸੂਚੀ ਵਿੱਚ 1,93000 ਦੇ ਲਗਭਗ ਵੋਟਰਾਂ ਦੇ ਨਾਮ ਸ਼ਾਮਿਲ ਕੀਤੇ ਗਏ ਹਨ। ਲਗਭਗ 20.66 ਲੱਖ ਵੋਟਾਂ ਨੂੰ ਫਾਰਮ ਨਾ ਭਰਨ ਕਾਰਨ ਇਸ ਖਰੜਾ ਵੋਟਰ ਸੂਚੀ ਵਿੱਚੋਂ ਬਾਹਰ ਕਰ ਦਿੱਤਾ ਗਿਆ ਹੈ। ਇਹਨਾਂ ਵਿੱਚੋਂ 5.74 ਲੱਖ ਵੋਟਰਾਂ ਦੀ ਮੌਤ ਹੋ ਚੁੱਕੀ ਹੈ । 1.19 ਲੱਖ ਵੋਟਰ ਡੁਪਲੀਕੇਟ, 9.44 ਲੱਖ ਵੋਟਰ ਸ਼ਿਫਟ ਹੋ ਚੁੱਕੇ ਹਨ। ਇਸ ਦਾ ਭਾਵ ਇਹ ਹੈ ਕਿ ਵੋਟਰ ਕਿਸੇ ਹੋਰ ਸਟੇਟ ਜਾਂ ਕਿਸੇ ਹੋਰ ਥਾਂ ਤੇ ਰਿਹਾਸ਼ ਕਰ ਚੁੱਕੇ ਹਨ। 4.12 ਲੱਖ ਵੋਟਰਾਂ ਨਾਲ ਸੰਪਰਕ ਨਹੀਂ ਹੋ ਸਕਿਆ। ਹੁਣ ਕਮਿਸ਼ਨ 13 ਅਗਸਤ ਨੂੰ ਖਰੜਾ ਵੋਟਰ ਸੂਚੀ ਛਪਵਾ ਕੇ ਈ.ਆਰ.ਓ. ਤੱਕ ਜਾਂ ਫਿਰ ਬੀ.ਐਲ.ਓ. ਤੱਕ ਜਾਂ ਫਿਰ ਇਸ ਤਰ੍ਹਾਂ ਵੀ ਜਾਪ ਰਿਹਾ ਹੈ ਕਿ ਇਸ ਖਰੜਾ ਵੋਟਰ ਸੂਚੀ ਦੀ ਪਹੁੰਚ ਹਰ ਵੋਟਰ ਤੱਕ ਕਰਵਾਈ ਜਾਵੇਗੀ। ਹੁਣ ਜੇਕਰ ਕਿਸੇ ਵੀ ਵੋਟਰ ਨੂੰ ਇਸ ਵੋਟਰ ਸੂਚੀ ਵਿੱਚ ਛਪੇ ਨਾਵਾਂ ਸਬੰਧੀ ਕਿਸੇ ਪ੍ਰਕਾਰ ਦਾ ਕੋਈ ਇਤਰਾਜ ਹੈ ਤਾਂ ਉਹ ਆਪਣੇ ਇਤਰਾਜ਼ ਜਾਂ ਦਾਅਵੇ 13 ਅਗਸਤ ਤੋਂ ਲੈ ਕੇ 12 ਸਤੰਬਰ2026 ਤੱਕ ਆਪਣੇ ਇਤਰਾਜ਼ ਸਬੰਧਤ ਅਧਿਕਾਰੀਆਂ ਨੂੰ ਪੇਸ਼ ਕਰ ਸਕਦੇ ਹਨ। ਅਧਿਕਾਰੀ ਵੋਟਰਾਂ ਦੇ ਸਬੂਤਾਂ ਦੇ ਆਧਾਰ ਤੇ ਇਸ ਸਬੰਧੀ ਕਿਸੇ ਪ੍ਰਕਾਰ ਦੀ ਕੋਈ ਸੋਧ ਹੋਈ ਤਾਂ ਉਹ ਸੋਧ ਕਰ ਸਕਦੇ ਹਨ ਤੇ ਵੋਟਰਾਂ ਨੂੰ ਵੀ ਸੂਚਿਤ ਕੀਤਾ ਜਾਂਦਾ ਹੈ,ਜੇਕਰ ਇਸ ਖਰੜਾ ਵੋਟਰ ਸੂਚੀ ਵਿੱਚ ਕਿਸੇ ਪ੍ਰਕਾਰ ਦੀ ਸੋਧ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਇਸ ਰਹਿੰਦੇ ਸਮੇਂ ਵਿੱਚ ਆਪਣੇ ਬੂਥ ਦੀ ਵੋਟਰ ਸੂਚੀ ਵਿੱਚ ਸੰਬੰਧਿਤ ਸੋਧ ਕਰਵਾ ਸਕਦੇ ਹਨ। ਇਹਨਾਂ ਇਤਰਾਜ਼ਾਂ ਦਾ ਨਿਪਟਾਰਾ ਕਰਵਾ ਕੇ ਅਕਤੂਬਰ ਵਿੱਚ ਛਪਣ ਵਾਲੀ ਅਸਲ ਤੇ ਫਾਈਨਲ ਵੋਟਰ ਸੂਚੀ ਵਿੱਚ ਆਪਣਾ ਸਹੀ ਤੇ ਦਰੁਸਤ ਨਾਮ ਛਪਵਾ ਸਕਦੇ ਹਨ ਇਹਨਾਂ ਤੋਂ ਬਾਅਦ ਕਿਸੇ ਵੀ ਵੋਟਰ ਦਾ ਇਤਰਾਜ਼ ਨਹੀਂ ਸੁਣਿਆ ਜਾਵੇਗਾ। ਇਸ ਕਰਕੇ 093, ਰੂਰਲ ਬਠਿੰਡਾ ਦੇ ਸਾਰੇ ਹੀ ਵੋਟਰਾਂ ਨੂੰ ਨਿਮਰਤਾ ਸਹਿਤ ਦੱਸਿਆ ਜਾਂਦਾ ਹੈ ਕਿ ਇਹਨਾਂ ਮਿਤੀਆਂ ਦੇ ਅਨੁਸਾਰ ਹੀ ਧਿਆਨ ਰੱਖ ਕੇ ਆਪਣੇ ਇਤਰਾਜ਼ ਤੇ ਦਾਅਵੇ ਪੇਸ਼ ਕਰ ਸਕਦੇ ਹਨ। 093 ਦਿਹਾਤੀ ਬਠਿੰਡਾ ਦੀ ਸਵੀਪ ਟੀਮ ਵੱਲੋਂ ਵੀ ਇਸ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ ਤੇ ਵੋਟਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਤਰ੍ਹਾਂ ਹੀ ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਅਤੇ 093 ਦੇ ਦਿਹਾਤੀ ਬਠਿੰਡਾ ਦੇ ਈ. ਆਰ.ਓ.ਸਾਹਿਬ ਵੱਲੋਂ ਵੀ ਆਪਣੇ ਖੇਤਰ ਵਿੱਚ ਹਰ ਪ੍ਰਕਾਰ ਦੀਆਂ ਅਨਾਉਂਸਮੈਂਟ ਕਰਵਾ ਕੇ, ਪੋਸਟਰ ਲਗਾ ਕੇ, ਇਲਾਕੇ ਵਿੱਚ ਭੀੜ ਵਾਲੀਆਂ ਥਾਵਾਂ ਤੇ ਗਲੀਆਂ ਦੇ ਖਾਸ ਮੋੜਾਂ ਤੇ ਫਲੈਕਸਾਂ ਲਗਵਾ ਕੇ, ਪ੍ਰਿੰਟ ਮੀਡੀਆ ਵਿੱਚ ਆਰਟੀਕਲ ਅਤੇ ਖਬਰਾਂ ਛਪਵਾ ਕੇ, ਸੋਸ਼ਲ ਮੀਡੀਆ ਤੇ ਵੀ ਇਸ ਸਬੰਧੀ ਪ੍ਰਚਾਰ ਕਰਵਾ ਕੇ 093 ਦਿਹਾਤੀ ਬਠਿੰਡਾ ਦੇ ਵੋਟਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਵੋਟਰਾਂ ਦੇ ਇਤਰਾਜ ਅਤੇ ਦਾਅਵੇ ਪ੍ਰਾਪਤ ਕਰਨ ਸਬੰਧੀ ਵੱਖ-ਵੱਖ ਟੀਮਾਂ ਵੀ ਬਣਾ ਦਿੱਤੀਆਂ ਗਈਆਂ ਹਨ। ਇਸ ਸਬੰਧੀ 093 ਦਿਹਾਤੀ ਬਠਿੰਡਾ ਦੇ ਸਾਰੇ ਹੀ ਵੋਟਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਅਤੇ ਅਪੀਲ ਕੀਤੀ ਜਾ ਰਹੀ ਹੈ ਕਿ ਸਬੰਧਤ ਸਮੇਂ ਵਿੱਚ ਆਪਣੇ ਇਤਰਾਜ਼ ਅਤੇ ਦਾਵੇ ਜਮਾ ਕਰਵਾ ਦੇਣ ਤਾਂ ਜੋ ਅਕਤੂਬਰ ਵਿੱਚ ਛਪਣ ਜਾ ਰਹੀ ਵੋਟਰ ਸੂਚੀ ਵਿੱਚ ਕਿਸੇ ਪ੍ਰਕਾਰ ਦੀ ਕੋਈ ਦੇਰੀ ਨਾ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV



**ਮੋਤੀ ਰਾਮ ਸੁਪਰਵਾਈਜ਼ਰ ਸੈਕਟਰ ਨੰਬਰ 10,**
**093 ਦਿਹਾਤੀ ਬਠਿੰਡਾ**
**ਮੋਬ: ਨੰਬਰ- 94171-14600**
**ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ**
**+918968727272, +918968407272**

# ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਵੱਲੋਂ 'ਏ.ਡਬਲਿਊ.ਐੱਸ. ਬਿਲਡਰ ਸੈਂਟਰ' ਸਮਾਗਮ ਦਾ ਸਫਲ ਆਯੋਜਨ; 500 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਹਿੱਸਾ







**ਤਲਵੰਡੀ ਸਾਬੋ, 8 ਅਗਸਤ (ਗੁਰਜੰਟ ਸਿੰਘ ਨਥੇਹਾ)**-ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਵੱਲੋਂ 'ਟਰੇਨਿੰਗ ਅਤੇ ਪਲੇਸਮੈਂਟ ਸੈੱਲ' ਦੇ ਸਹਿਯੋਗ ਨਾਲ 'ਏ.ਡਬਲਿਊ.ਐੱਸ. ਬਿਲਡਰ ਸੈਂਟਰ' ਸਿਰਲੇਖ ਅਧੀਨ ਇੱਕ ਵਿਸ਼ੇਸ਼ ਆਫ਼ਲਾਈਨ ਸਮਾਗਮ ਦਾ ਸਫਲਤਾ ਨਾਲ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਬੀ.ਸੀ.ਏ. ਅਤੇ ਬੀ.ਟੈਕ ਦੇ 500 ਤੋਂ ਵੱਧ ਵਿਦਿਆਰਥੀਆਂ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ। ਇਸ ਸਮਾਗਮ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਅਮੇਜ਼ਨ ਵੈੱਬ ਸਰਵਿਸਿਜ਼, ਕਲਾਊਡ ਕੰਪਿਊਟਿੰਗ ਅਤੇ ਆਧੁਨਿਕ ਤਕਨਾਲੋਜੀ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਪੂਰੇ ਪ੍ਰੋਗਰਾਮ ਦਾ ਕੁਸ਼ਲ ਸੰਚਾਲਨ ਡਾ. ਉਪਿੰਦਰ ਕੌਰ ਅਤੇ ਮਿਸਟਰ ਮਲਿਕ ਮੁਜ਼ੰਮਿਲ ਦੁਆਰਾ ਕੀਤਾ ਗਿਆ। ਸਮਾਗਮ ਦੌਰਾਨ ਪਹੁੰਚੀ ਐਮਾਜ਼ਾਨ ਦੀ ਤਕਨੀਕੀ ਟੀਮ ਅਤੇ ਉਦਯੋਗਿਕ ਮਾਹਿਰਾਂ ਨੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਰਚਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਲਾਊਡ-ਬੇਸਡ ਹੱਲਾਂ ਅਤੇ ਅੱਜ ਦੇ ਡਿਜੀਟਲ ਯੁੱਗ ਵਿੱਚ ਇਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਦੌਰਾਨ ਵਿਦਿਆਰਥੀਆਂ ਨੇ ਨਾ ਕੇਵਲ ਤਕਨੀਕੀ ਬਾਰੀਕੀਆਂ ਸਮਝੀਆਂ, ਸਗੋਂ ਐਮਾਜ਼ਾਨ ਦੇ ਪੇਸ਼ੇਵਰਾਂ ਨਾਲ ਗੱਲਬਾਤ ਕਰਕੇ ਆਈ.ਟੀ. ਖੇਤਰ ਦੀਆਂ ਮੌਜੂਦਾ ਲੋੜਾਂ, ਵਿਹਾਰਕ ਵਰਤੋਂ ਅਤੇ ਭਵਿੱਖ ਵਿੱਚ ਉਪਲਬਧ ਕਰੀਅਰ ਦੇ ਸੁਨਹਿਰੀ ਮੌਕਿਆਂ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਇਹ ਸਮਾਗਮ ਵਿਦਿਆਰਥੀਆਂ ਦੀ ਕਿਤਾਬੀ ਪੜ੍ਹਾਈ ਨੂੰ ਉਦਯੋਗਿਕ ਜ਼ਰੂਰਤਾਂ ਨਾਲ ਜੋੜਨ ਵਿੱਚ ਬਹੁਤ ਲਾਹੇਵੰਦ ਸਾਬਤ ਹੋਇਆ। ਮਾਹਿਰਾਂ ਵੱਲੋਂ ਦਿੱਤੀ ਗਈ ਜਾਣਕਾਰੀ ਨਾਲ ਵਿਦਿਆਰਥੀਆਂ ਨੂੰ ਆਪਣੇ ਤਕਨੀਕੀ ਹੁਨਰ ਨੂੰ ਨਿਖਾਰਨ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਹੋਣ ਦਾ ਵਧੀਆ ਮੰਚ ਮਿਲਿਆ। ਵਿਦਿਆਰਥੀਆਂ ਨੇ ਇਸ ਗਿਆਨਮਈ ਅਤੇ ਰੋਚਕ ਸੈਸ਼ਨ ਵਿੱਚ ਕਾਫ਼ੀ ਦਿਲਚਸਪੀ ਦਿਖਾਈ ਅਤੇ ਇਸ ਨੂੰ ਆਪਣੇ ਕਰੀਅਰ ਲਈ ਇੱਕ ਅਹਿਮ ਮੀਲ ਦਾ ਪੱਥਰ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵੰਤ ਮਾਨ ਸਰਕਾਰ ਵੱਲੋਂ 3 ਲੱਖ ਪ੍ਰਵਾਸੀਆਂ ਦੇ ਬਣਾਏ ਜਾਣ ਵਾਲੇ ਰਾਸ਼ਨ ਕਾਰਡ ਨਹੀਂ ਬਣਨ ਦਿਆਂਗੇ-: ਸਮੂਹ ਜਥੇਬੰਦੀਆਂ

**ਹੁਸ਼ਿਆਰਪੁਰ, 7 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਧਰਤੀ 'ਤੇ ਪੰਜਾਬ ਸਰਕਾਰ ਵੱਲੋਂ ਗੈਰ-ਪੰਜਾਬੀਆਂ ਦਾ ਗ.ਲਬਾ ਪਾਉਣ ਦੀ ਨਾਪਾਕ ਸਾਜ਼ਿਸ਼ ਅਧੀਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 3 ਲੱਖ ਪ੍ਰਵਾਸੀਆਂ ਦੇ ਰਾਸ਼ਨ ਕਾਰਡ ਬਣਾਉਣ ਦੇ ਐਲਾਨ ਦਾ ਭਾਰੀ ਵਿਰੋਧ ਕਰਦਿਆਂ ਹੋਇਆਂ ਸਮੂਹ ਸਿੱਖ, ਕਿਸਾਨ, ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਗੁਰਦੁਆਰਾ ਸਿੰਘ ਸਭਾ, ਰੇਲਵੇ ਰੋਡ, ਹੁਸ਼ਿਆਰਪੁਰ ਤੋਂ ਬੱਸ ਸਟੈਂਡ ਹੁਸ਼ਿਆਰਪੁਰ ਤੱਕ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਜਥੇਬੰਦੀਆਂ ਦੇ ਆਗੂਆਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੀ ਧਰਤੀ 'ਤੇ ਬਸਤੀਵਾਦ ਅਧੀਨ ਨਾਪਾਕ ਸਾਜ਼ਿਸ਼ਾਂ ਰਚ ਰਹੀ ਹੈ ਅਤੇ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਹੁਕਮਾਂ ਅਧੀਨ ਪੰਜਾਬ ਦੀ ਧਰਤੀ 'ਤੇ ਪ੍ਰਵਾਸੀਆਂ ਨੂੰ ਵਸਾਉਣ ਅਤੇ ਪੰਜਾਬ ਦੇ ਲੋਕਾਂ ਨੂੰ ਪੰਜਾਬ ਦੀ ਧਰਤੀ 'ਤੇ ਘੱਟ-ਗਿਣਤੀ ਕਰਨ ਵਿੱਚ ਲੱਗੀ ਹੋਈ ਹੈ, ਜਿਸ ਤਹਿਤ ਵੱਖੋ-ਵੱਖਰੀਆਂ ਪੰਜਾਬ ਮਾਰੂ ਨੀਤੀਆਂ ਲਿਆਂਦੀਆਂ ਜਾ ਰਹੀਆਂ ਹਨ, ਜਿਸ ਨਾਲ ਪੰਜਾਬ ਨੂੰ ਆਰਥਿਕ, ਰਾਜਨੀਤਿਕ, ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਤੌਰ 'ਤੇ ਗੰਧਲਾ ਅਤੇ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੱਲ ਸਿਰਫ਼ ਪ੍ਰਵਾਸੀਆਂ ਦੇ ਰਾਸ਼ਨ ਕਾਰਡ ਬਣਨ ਦੀ ਨਹੀਂ ਹੈ, ਗੱਲ ਪੰਜਾਬ ਦੇ ਸਾਧਨਾਂ 'ਤੇ, ਸੋਮਿਆਂ 'ਤੇ ਪੈ ਰਹੀ ਲੁੱਟ-ਕਸੁੱਟ ਦੀ ਹੈ। ਪ੍ਰਵਾਸੀਆਂ ਦੇ 3 ਲੱਖ ਰਾਸ਼ਨ ਕਾਰਡ ਬਣਾਉਣ ਪਿੱਛੇ ਪੰਜਾਬ ਸਰਕਾਰ ਦੀ ਮਨਸ਼ਾ ਹੈ ਕਿ 20-25 ਲੱਖ ਦੇ ਕਰੀਬ ਪ੍ਰਵਾਸੀਆਂ ਨੂੰ ਪੰਜਾਬ ਦੀ ਧਰਤੀ 'ਤੇ ਪੱਕੇ ਤੌਰ 'ਤੇ ਵਸਾਇਆ ਜਾਵੇ। ਪੰਜਾਬ ਦੀ ਧਰਤੀ 'ਤੇ ਪ੍ਰਵਾਸੀ ਲੋਕਾਂ ਦੀ ਵੱਧ ਰਹੀ ਗਿਣਤੀ ਚਿੰਤਾ ਦਾ ਵਿਸ਼ਾ ਹੈ ਅਤੇ ਪੰਜਾਬ ਦਾ ਭਵਿੱਖ ਖ਼ਤਰੇ ਵਿਚ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇੱਕ ਸਾਂਝੀ ਇਕੱਤਰਤਾ ਕਰਕੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੱਡੇ ਪੱਧਰ 'ਤੇ ਸਰਕਾਰ ਦੀ ਇਸ ਨਾਪਾਕ ਨੀਤੀ ਦਾ ਵਿਰੋਧ ਕੀਤਾ ਜਾਵੇਗਾ। ਇਸ ਮੌਕੇ "ਪ੍ਰਵਾਸੀਆਂ ਦੇ ਰਾਸ਼ਨ ਕਾਰਡ ਬਣਾਉਣੇ ਬੰਦ ਕਰੋ÷, "ਪ੍ਰਵਾਸੀਆਂ ਦੀਆਂ ਵੋਟਾਂ ਬਣਾਉਣੀਆਂ ਬੰਦ ਕਰੋ÷, "ਪੰਜਾਬ ਪੰਜਾਬੀਆਂ ਦਾ" ਆਦਿ ਨਾਅਰੇ ਲਗਾਏ ਗਏ। ਇਸ ਮੌਕੇ ਮਿਸਲ ਪੰਜ-ਆਬ ਤੋਂ ਗੁਰਪ੍ਰੀਤ ਸਿੰਘ ਖੁੱਡਾ, ਜਸਵੀਰ ਸਿੰਘ ਸੀਕਰੀ, ਆਵਾਜ਼-ਏ-ਕੌਮ ਤੋਂ ਨੋਬਲਜੀਤ ਸਿੰਘ ਬੁੱਲ੍ਹੋਵਾਲ,ਲੋਰੈਂਸ ਚੌਧਰੀ ਕ੍ਰਿਸਚਨ ਫਰੰਟ ਪੰਜਾਬ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਗੁਰਦੀਪ ਸਿੰਘ ਖੁਣਖੁਣ, ਗੁਰਨਾਮ ਸਿੰਘ ਸਿੰਗੜੀਵਾਲਾ, ਹਰਵਿੰਦਰ ਸਿੰਘ ਹੀਰਾ, ਸ਼ਹੀਦ ਭਗਤ ਸਿੰਘ ਵੈਲਫ਼ੇਅਰ ਸੁਸਾਇਟੀ ਤੋਂ ਰਵਿੰਦਰ ਸਿੰਘ ਕਾਹਲੋਂ, ਡਾ. ਹਰਲੀਨ ਸਿੰਘ, ਅਮਰਜੀਤ ਸਿੰਘ ਨਿੱਝਰ, ਬਾਬਾ ਬੂਟਾ ਸਿੰਘ ਮਸਾਣੀਆਂ, ਬਾਬਾ ਉਂਕਾਰ ਸਿੰਘ, ਕਮਲਜੀਤ ਸਿੰਘ ਦਿਓਵਾਲ, ਪਰਮਜੀਤ ਸਿੰਘ ਪਿੰਕੂ, ਅਮਰਜੀਤ ਸਿੰਘ ਹੁਸ਼ਿਆਰਪੁਰ, ਪਰਮਜੀਤ ਸਿੰਘ ਹੁਸ਼ਿਆਰਪੁਰ, ਗੁਰਬਾਜ਼ ਸਿੰਘ ਦਸੂਹਾ, ਜਸਪਾਲ ਸਿੰਘ ਬਾਕਰਪੁਰ, ਹਰਜਿੰਦਰ ਸਿੰਘ ਗਿੱਲਾਂ ਆਦਿ ਹਾਜ਼ਰ ਸਨ।

### ਗੁਰਦੁਆਰਾ ਨੌਵੇਂ ਪਾਤਸ਼ਾਹ, ਗੁਰੂ ਤੇਗ ਬਹਾਦਰ ਨਗਰ ਜਲੰਧਰ ਵਿਖੇ

# ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਜਲੰਧਰ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿੱਖ ਧਰਮ ਦੇ ਅੱਠਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਗੁਰਦੁਆਰਾ ਨੌਵੇਂ ਪਾਤਸ਼ਾਹ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਵਿਖੇ ਸੰਗਤਾਂ ਵੱਲੋਂ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਦੌਰਾਨ ਸਿੱਖ ਵਿਦਵਾਨ ਅਤੇ ਸਿੱਖ ਚਿੰਤਕ ਸਰਦਾਰ ਭਗਵਾਨ ਸਿੰਘ ਜੌਹਲ ਨੇ ਸੰਗਤਾਂ ਨਾਲ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਵਿੱਤਰ ਜੀਵਨ, ਉਨ੍ਹਾਂ ਦੀ ਨਿਮਰਤਾ, ਸੇਵਾ, ਪਰਉਪਕਾਰ ਅਤੇ ਮਨੁੱਖਤਾ ਪ੍ਰਤੀ ਕੀਤੇ ਮਹਾਨ ਕਾਰਜਾਂ ਸਬੰਧੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਗੁਰੂ ਸਾਹਿਬ ਜੀ ਦੇ ਜੀਵਨ ਤੋਂ ਸੇਵਾ, ਨਿਮਰਤਾ ਅਤੇ ਮਨੁੱਖਤਾ ਦੀ ਭਲਾਈ ਲਈ ਪ੍ਰੇਰਨਾ ਲੈਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ ਜੀ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਰੂਹਾਨੀ ਕੀਰਤਨ ਦਾ ਸੰਗਤਾਂ ਨੇ ਬੜੀ ਸ਼ਰਧਾ ਨਾਲ ਸਰਵਣ ਕੀਤਾ ਅਤੇ ਗੁਰਬਾਣੀ ਦੀਆਂ ਇਲਾਹੀ ਧੁਨਾਂ ਨਾਲ ਸਮੁੱਚਾ ਵਾਤਾਵਰਨ ਗੁਰਮਈ ਹੋ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਪ੍ਰਤੀ ਆਪਣੀ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਵਿਦਵਾਨ ਅਤੇ ਚਿੰਤਕ ਸਰਦਾਰ ਭਗਵਾਨ ਸਿੰਘ ਜੌਹਲ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਕਮਲਜੀਤ ਸਿੰਘ ਅਬਰਾਏ, ਅਸਥਾਨ ਦੇ ਸਰਪ੍ਰਸਤ ਸਰਦਾਰ ਜਸਵਿੰਦਰ ਸਿੰਘ ਮੱਕੜ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ਼ਰ ਸਨ। ਸਮੁੱਚੇ ਸਮਾਗਮ ਦੌਰਾਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ, ਨਿਮਰਤਾ ਅਤੇ ਸੇਵਾ ਦੇ ਮਾਰਗ ਨੂੰ ਅਪਣਾਉਣ ਅਤੇ ਮਨੁੱਖਤਾ ਦੀ ਭਲਾਈ ਲਈ ਕਾਰਜ ਕਰਨ ਦਾ ਸੰਦੇਸ਼ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### 15 ਅਗਸਤ ਦੇ ਜਸ਼ਨਾਂ ਦਾ ਬਾਈਕਾਟ ਕਰਕੇ

# ਮਨੁੱਖੀ ਅਧਿਕਾਰਾਂ ਦੀ ਉਲੰਘਣਾ ਖ਼ਿਲਾਫ਼ ਆਵਾਜ਼ ਬੁਲੰਦ ਕਰੀਏ : ਗੁਰਚਰਨ ਸਿੰਘ ਗੁਰਾਇਆ

**ਫਰੈਂਕਫਰਟ, 8 ਅਗਸਤ (ਸਰਬਜੀਤ ਸਿੰਘ ਬਨੂੜ)**-ਵਰਲਡ ਸਿੱਖ ਪਾਰਲੀਮੈਂਟ ਨੇ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ, ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 15 ਅਗਸਤ ਨੂੰ ਭਾਰਤ ਦੇ ਆਜ਼ਾਦੀ ਦਿਵਸ ਮੌਕੇ ਹੋਣ ਵਾਲੇ ਸਰਕਾਰੀ ਜਸ਼ਨਾਂ ਦਾ ਬਾਈਕਾਟ ਕਰਕੇ ਭਾਰਤ ਅੰਦਰ ਘੱਟਗਿਣਤੀਆਂ ਦੇ ਹੱਕਾਂ, ਮਨੁੱਖੀ ਅਧਿਕਾਰਾਂ, ਨਿਆਂ ਅਤੇ ਸਿਆਸੀ ਆਜ਼ਾਦੀ ਨਾਲ ਜੁੜੇ ਮੁੱਦਿਆਂ ਵੱਲ ਕੌਮਾਂਤਰੀ ਭਾਈਚਾਰੇ ਦਾ ਧਿਆਨ ਖਿੱਚਣ ਲਈ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਨ।



ਵਰਲਡ ਸਿੱਖ ਪਾਰਲੀਮੈਂਟ ਦੇ ਕੋ-ਕੋਆਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ ਅਤੇ ਭਾਈ ਗੁਰਪਾਲ ਸਿੰਘ ਨੇ ਪ੍ਰੈੱਸ ਦੇ ਨਾਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਕਿ 15 ਅਗਸਤ ਨੂੰ ਸਿਰਫ਼ ਸਰਕਾਰੀ ਜਸ਼ਨਾਂ ਦੇ ਚਸ਼ਮੇ ਨਾਲ ਦੇਖਣ ਦੀ ਬਜਾਏ ਇਹ ਸਵਾਲ ਵੀ ਪੁੱਛਿਆ ਜਾਣਾ ਚਾਹੀਦਾ ਹੈ ਕਿ ਆਜ਼ਾਦੀ ਦੇ ਕਈ ਦਹਾਕਿਆਂ ਬਾਅਦ ਭਾਰਤ ਦੇ ਹਰ ਨਾਗਰਿਕ ਅਤੇ ਹਰ ਘੱਟਗਿਣਤੀ ਨੂੰ ਬਰਾਬਰੀ, ਨਿਆਂ, ਸੁਰੱਖਿਆ ਅਤੇ ਆਪਣੇ ਧਾਰਮਿਕ ਤੇ ਸਿਆਸੀ ਹੱਕਾਂ ਦੀ ਵਰਤੋਂ ਕਰਨ ਦੀ ਆਜ਼ਾਦੀ ਕਿੰਨੀ ਹੱਦ ਤੱਕ ਮਿਲੀ ਹੈ।

ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਅਸਲ ਪਰਖ ਸਿਰਫ਼ ਚੋਣਾਂ ਕਰਵਾਉਣ ਨਾਲ ਨਹੀਂ ਹੁੰਦੀ, ਸਗੋਂ ਇਸ ਗੱਲ ਨਾਲ ਹੁੰਦੀ ਹੈ ਕਿ ਸਰਕਾਰ ਨਾਲ ਅਸਹਿਮਤੀ ਰੱਖਣ ਵਾਲੇ ਵਿਅਕਤੀ, ਘੱਟਗਿਣਤੀ ਕੌਮਾਂ, ਪੱਤਰਕਾਰ, ਮਨੁੱਖੀ ਅਧਿਕਾਰ ਕਾਰਕੁਨ ਅਤੇ ਵੱਖਰੇ ਸਿਆਸੀ ਵਿਚਾਰ ਰੱਖਣ ਵਾਲੇ ਲੋਕ ਬਿਨਾਂ ਡਰ ਅਤੇ ਦਬਾਅ ਦੇ ਆਪਣੀ ਆਵਾਜ਼ ਕਿੰਨੀ ਆਜ਼ਾਦੀ ਨਾਲ ਉਠਾ ਸਕਦੇ ਹਨ।

**ਲੋਕਤੰਤਰ ਦੀ ਅਸਲ ਪਰਖ ਚੋਣਾਂ ਨਹੀਂ, ਅਸਹਿਮਤੀ ਅਤੇ ਘੱਟਗਿਣਤੀਆਂ ਦੇ ਹੱਕਾਂ ਦੀ ਸੁਰੱਖਿਆ ਨਾਲ ਹੁੰਦੀ ਹੈ : ਵਰਲਡ ਸਿੱਖ ਪਾਰਲੀਮੈਂਟ**

15 ਅਗਸਤ ਦੇ ਸੰਦਰਭ ਵਿੱਚ ਵਰਲਡ ਸਿੱਖ ਪਾਰਲੀਮੈਂਟ ਨੇ ਕਈ ਅਹਿਮ ਮੁੱਦਿਆਂ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਕੀ ਦੇਸ਼ ਦੀ ਨਿਆਂ ਪ੍ਰਣਾਲੀ ਵਿੱਚ ਗਰੀਬਾਂ, ਦਲਿਤਾਂ ਅਤੇ ਘੱਟਗਿਣਤੀਆਂ ਨੂੰ ਬਰਾਬਰ ਅਤੇ ਸਮੇਂ ਸਿਰ ਨਿਆਂ ਮਿਲ ਰਿਹਾ ਹੈ ? ਕੀ ਮੀਡੀਆ ਅਤੇ ਪੱਤਰਕਾਰ ਸਰਕਾਰੀ ਜਾਂ ਸਿਆਸੀ ਦਬਾਅ ਤੋਂ ਬਿਨਾਂ ਆਪਣੀ ਗੱਲ ਕਹਿਣ ਲਈ ਪੂਰੀ ਤਰ੍ਹਾਂ ਆਜ਼ਾਦ ਹਨ ? ਇਸੇ ਤਰ੍ਹਾਂ ਔਰਤਾਂ, ਖ਼ਾਸ ਕਰਕੇ ਹਾਸ਼ੀਏ 'ਤੇ ਰਹਿੰਦੇ ਵਰਗਾਂ ਵਿਰੁੱਧ ਹੋਣ ਵਾਲੇ ਜਿਨਸੀ ਅਪਰਾਧਾਂ ਦੇ ਮਾਮਲਿਆਂ ਵਿੱਚ ਕੀ ਹਰ ਪੀੜਤ ਨੂੰ ਨਿਰਪੱਖ ਅਤੇ ਸਮੇਂ ਸਿਰ ਨਿਆਂ ਮਿਲ ਰਿਹਾ ਹੈ ?

ਆਗੂਆਂ ਨੇ ਕਿਹਾ ਕਿ ਇਨ੍ਹਾਂ ਸਵਾਲਾਂ ਦੇ ਜਵਾਬ ਸਿਰਫ਼ ਸਰਕਾਰੀ ਦਾਅਵਿਆਂ ਦੇ ਆਧਾਰ 'ਤੇ ਨਹੀਂ, ਸਗੋਂ ਜ਼ਮੀਨੀ ਹਕੀਕਤ, ਅਦਾਲਤੀ ਫ਼ੈਸਲਿਆਂ, ਮਨੁੱਖੀ ਅਧਿਕਾਰ ਸੰਸਥਾਵਾਂ ਦੀਆਂ ਰਿਪੋਰਟਾਂ ਅਤੇ ਪ੍ਰਭਾਵਿਤ ਲੋਕਾਂ ਦੇ ਤਜਰਬਿਆਂ ਦੀ ਕਸੌਟੀ 'ਤੇ ਪਰਖੇ ਜਾਣੇ ਚਾਹੀਦੇ ਹਨ।

ਵਰਲਡ ਸਿੱਖ ਪਾਰਲੀਮੈਂਟ ਦੇ ਆਗੂਆਂ ਨੇ ਦੋਸ਼ ਲਾਇਆ ਕਿ ਵਿਦੇਸ਼ਾਂ ਵਿੱਚ ਭਾਰਤ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰਨ ਵਾਲੇ ਕੁਝ ਸਿੱਖ ਕਾਰਕੁਨਾਂ ਉੱਤੇ ਵੱਖ-ਵੱਖ ਢੰਗਾਂ ਨਾਲ ਦਬਾਅ ਬਣਾਉਣ ਅਤੇ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਨ ਦੀਆਂ ਕੋਸ਼ਿਸ਼ਾਂ ਹੁੰਦੀਆਂ ਰਹੀਆਂ ਹਨ। ਉਨ੍ਹਾਂ ਨੇ ਭਾਰਤੀ ਖੁਫੀਆ ਏਜੰਸੀਆਂ ਅਤੇ ਉਨ੍ਹਾਂ ਨਾਲ ਕਥਿਤ ਤੌਰ 'ਤੇ ਜੁੜੇ ਵਿਅਕਤੀਆਂ ਦੀ ਭੂਮਿਕਾ ਸਬੰਧੀ ਵੀ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਵਿਦੇਸ਼ੀ ਧਰਤੀ 'ਤੇ ਸਿੱਖ ਕਾਰਕੁਨਾਂ ਨੂੰ ਡਰਾਉਣ ਜਾਂ ਦਬਾਅ ਹੇਠ ਲਿਆਉਣ ਦੀਆਂ ਕਥਿਤ ਕਾਰਵਾਈਆਂ ਦੀ ਨਿਰਪੱਖ ਜਾਂਚ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ।

ਭਾਈ ਗੁਰਚਰਨ ਸਿੰਘ ਗੁਰਾਇਆ ਨੇ 15 ਅਗਸਤ ਨੂੰ ਰੋਸ ਅਤੇ 'ਕਾਲਾ ਦਿਵਸ' ਵਜੋਂ ਮਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਲੋਕ ਘੱਟਗਿਣਤੀਆਂ ਦੇ ਹੱਕਾਂ, ਮਨੁੱਖੀ ਅਧਿਕਾਰਾਂ, ਨਿਆਂ ਅਤੇ ਸਿਆਸੀ ਆਜ਼ਾਦੀ ਦੇ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਂਦੇ ਹਨ, ਉਹ 15 ਅਗਸਤ ਦੇ ਸਰਕਾਰੀ ਜਸ਼ਨਾਂ ਦਾ ਬਾਈਕਾਟ ਕਰਕੇ ਸ਼ਾਂਤਮਈ ਅਤੇ ਲੋਕਤੰਤਰੀ ਰੋਸ ਰਾਹੀਂ ਆਪਣੀ ਆਵਾਜ਼ ਕੌਮਾਂਤਰੀ ਭਾਈਚਾਰੇ ਤੱਕ ਪਹੁੰਚਾਉਣ।

ਉਨ੍ਹਾਂ ਸਪੱਸ਼ਟ ਕੀਤਾ ਕਿ "ਸਾਡਾ ਸੰਘਰਸ਼ ਕਿਸੇ ਕੌਮ, ਧਰਮ ਜਾਂ ਆਮ ਲੋਕਾਂ ਨਾਲ ਵੈਰ ਦਾ ਨਹੀਂ, ਸਗੋਂ ਹੱਕ, ਨਿਆਂ, ਬਰਾਬਰੀ ਅਤੇ ਸਵੈ-ਨਿਰਣੇ ਦੇ ਅਧਿਕਾਰ ਲਈ ਹੈ।" ਉਨ੍ਹਾਂ ਸਮੂਹ ਸਿੱਖ ਸੰਗਤਾਂ ਅਤੇ ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਨੂੰ ਅਪੀਲ ਕੀਤੀ ਕਿ ਉਹ 15 ਅਗਸਤ ਨੂੰ ਭਾਰਤੀ ਸਫ਼ਾਰਤਖ਼ਾਨਿਆਂ ਅਤੇ ਕੌਂਸਲੇਟਾਂ ਸਾਹਮਣੇ ਹੋਣ ਵਾਲੇ ਸ਼ਾਂਤਮਈ ਰੋਸ ਮੁਜ਼ਾਹਰਿਆਂ ਵਿੱਚ ਸ਼ਾਮਲ ਹੋਣ ਅਤੇ ਅਨੁਸ਼ਾਸਨ ਤੇ ਲੋਕਤੰਤਰੀ ਮਰਿਆਦਾ ਕਾਇਮ ਰੱਖਦਿਆਂ ਆਪਣੀ ਆਵਾਜ਼ ਬੁਲੰਦ ਕਰਨ।

# ਗੁਰਦੁਆਰਾ ਸਿੰਘ ਸਭਾ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਗਿਆ



ਜੰਡਿਆਲਾ ਗੁਰੂ 8 ਅਗਸਤ ( ਕੁਲਵੰਤ ਸਿੰਘ ਵਿਰਦੀ ) ਬੀਤੀ ਰਾਤ ਗੁਰਦੁਆਰਾ ਸਿੰਘ ਸਭਾ ਬਾਜ਼ਾਰ ਕਸ਼ਮੀਰੀਆਂ ਵਿਖੇ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ । ਇਸ ਮੌਕੇ ਕੀਰਤਨੀ ਜਥਿਆਂ ਸਮੇਤ ਬੱਚਿਆਂ ਵੱਲੋਂ ਗੁਰਬਾਣੀ ਦੇ ਸ਼ਬਦਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ । ਗੁਰਦੁਆਰਾ ਸਾਹਿਬ ਵਿਖੇ ਮੁੱਖ ਸੇਵਾ ਨਿਭਾ ਰਹੇ ਪ੍ਰਭਜੋਤ ਸਿੰਘ ਮਲਹੋਤਰਾ ਨੇ ਕਿਹਾ ਕਿ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਪੰਜ ਸਾਲ ਪੰਜ ਮਹੀਨੇ ਵਿੱਚ ਹੀ ਗੁਰਗੱਦੀ ਪ੍ਰਾਪਤ ਹੋ ਗਈ ਸੀ ਅਤੇ ਉਹਨਾਂ ਨੂੰ ਬਾਲ ਗੁਰੂ ਅਤੇ ਬਾਲਾ ਪੀਰ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਸੀ । ਛੋਟੀ ਉਮਰ ਵਿੱਚ ਹੀ ਉਨਾਂ ਨੇ ਦੱਸਿਆ ਕਿ ਸੇਵਾ ਸਿਮਰਨ ਅਤੇ ਸਭ ਦੀ ਭਲਾਈ ਹੀ ਸਭ ਤੋਂ ਵੱਡਾ ਧਰਮ ਹੈ । ਸਮਾਗਮ ਦੀ ਸਮਾਪਤੀ ਉਪਰੰਤ ਲੰਗਰ ਕਮੇਟੀ ਦੇ ਮੁੱਖ ਸੇਵਾਦਾਰ ਪਰਮਦੀਪ ਸਿੰਘ ਹੈਰੀ ਮਲਹੋਤਰਾ ਵੱਲੋਂ ਆਈ ਹੋਈ ਸੰਗਤ ਲਈ ਸਾਥੀਆਂ ਸਮੇਤ ਬਾਖ਼ੂਬੀ ਸੇਵਾ ਨਿਭਾਈ ਗਈ ।

# ਪੰਥ ਦੇ ਗੰਭੀਰ ਮੁੱਦੇਆਂ ਨੂੰ ਲਾਵਾਰਿਸ ਛੱਡ ਦਿੱਲੀ ਕਮੇਟੀ ਪ੍ਰਬੰਧਕ ਸਿਆਸੀ ਬਿਆਨਬਾਜ਼ੀ ਵਿੱਚ ਮਸਤ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 8 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਲੱਖੀ ਸ਼ਾਹ ਵਣਜਾਰਾ ਹਾਲ ਵਿੱਚ ਅੱਠਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕਰਵਾਏ ਸਮਾਗਮ ਤੋਂ ਬਾਅਦ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖ ਸੇਵਾਦਾਰ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਲੀਡਰਸ਼ਿਪ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ



ਸੰਗਤ ਨੂੰ ਉਮੀਦ ਸੀ ਕਿ ਗੁਰੂ ਘਰ ਦੇ ਮੰਚ ਤੋਂ ਬੰਦੀ ਸਿੰਘਾਂ ਦੀ ਰਿਹਾਈ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ, 1984 ਦੇ ਇਨਸਾਫ਼, ਸਿੱਖ ਨੌਜਵਾਨਾਂ ਦੀਆਂ ਚੁਣੌਤੀਆਂ, ਪੰਜਾਬੀ ਅਤੇ ਗੁਰਮੁਖੀ ਦੇ ਪ੍ਰਚਾਰ ਅਤੇ ਪੰਥ ਦੇ ਭਖਦੇ ਮੁੱਦਿਆਂ 'ਤੇ ਗੰਭੀਰ ਚਰਚਾ ਹੋਵੇਗੀ। ਪਰ ਪੂਰਾ ਸਮਾਗਮ ਵਿਰੋਧੀਆਂ 'ਤੇ ਨਿਸ਼ਾਨੇ ਸਾਧਣ ਅਤੇ ਸਿਆਸੀ ਹਿਸਾਬ ਬਰਾਬਰ ਕਰਨ ਵਿੱਚ ਹੀ ਲੰਘ ਗਿਆ। ਉਨ੍ਹਾਂ ਕਿਹਾ ਕਿ ਜਦੋਂ ਧਾਰਮਿਕ ਮੰਚ ਵੀ ਸਿਆਸੀ ਭਾਸ਼ਣਾਂ ਦਾ ਕੇਂਦਰ ਬਣ ਜਾਣ ਤਾਂ ਇਹ ਸੰਸਥਾ ਦੀਆਂ ਤਰਜੀਹਾਂ 'ਤੇ ਵੱਡਾ ਸਵਾਲ ਹੈ। ਵੀਰਜੀ ਨੇ ਕਿਹਾ ਕਿ ਜਿਨ੍ਹਾਂ ਕੋਲ ਆਪਣੇ ਘਰ ਦਾ ਹਿਸਾਬ ਨਹੀਂ, ਉਹ ਦੂਜਿਆਂ ਨੂੰ ਨਸੀਹਤਾਂ ਦੇਣ ਵਿੱਚ ਸਭ ਤੋਂ ਅੱਗੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਕਮੇਟੀ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਲਗਾਤਾਰ ਘਟ ਰਹੀ ਹੈ, ਸਿੱਖਿਆ ਦਾ ਮਿਆਰ ਸਵਾਲਾਂ ਦੇ ਘੇਰੇ ਵਿੱਚ ਹੈ, ਕਾਲਜ ਬੰਦ ਹੋ ਰਹੇ ਹਨ, ਕਮੇਟੀ ਦੀਆਂ ਜਾਇਦਾਦਾਂ ਅਦਾਲਤੀ ਵਿਵਾਦਾਂ ਵਿੱਚ ਫਸੀਆਂ ਹੋਈਆਂ ਹਨ ਅਤੇ ਵਿੱਤੀ ਹਾਲਤ 'ਤੇ ਲਗਾਤਾਰ ਸਵਾਲ ਉੱਠ ਰਹੇ ਹਨ। ਉਨ੍ਹਾਂ ਕਿਹਾ ਕਿ ਜੇ ਸਭ ਕੁਝ ਠੀਕ ਹੈ ਤਾਂ ਸੰਗਤ ਸਾਹਮਣੇ ਆਮਦਨ, ਖਰਚ, ਜਾਇਦਾਦਾਂ, ਅਦਾਲਤੀ ਕੇਸਾਂ ਅਤੇ ਵਿਦਿਅਕ ਅਦਾਰਿਆਂ ਦੀ ਅਸਲ ਹਾਲਾਤ ਬਾਰੇ ਗੱਲਬਾਤ ਕਰਣੀ ਚਾਹੀਦੀ ਹੈ । ਉਨ੍ਹਾਂ ਦਿੱਲੀ ਕਮੇਟੀ ਵੱਲੋਂ ਸਕੂਲਾਂ ਦੇ ਸਟਾਫ ਨਾਲ ਐਮ.ਓ.ਯੂ. ਸਾਈਨ ਕਰਨ ਅਤੇ ਪੁਰਾਣੇ ਬਕਾਏ ਜਾਰੀ ਕਰਨ ਦੇ ਦਾਅਵਿਆਂ 'ਤੇ ਵੀ ਤਿੱਖਾ ਵਿਅੰਗ ਕਰਦਿਆਂ ਕਿਹਾ ਕਿ ਜਿਨ੍ਹਾਂ ਨੂੰ ਆਪਣੇ ਕਾਰਜਕਾਲ ਦੀ ਹੀ ਕੋਈ ਗਾਰੰਟੀ ਨਹੀਂ, ਉਹ 8-8 ਸਾਲਾਂ ਦੇ ਵਾਅਦੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਕੀਤੇ ਜਾ ਰਹੇ ਅਜਿਹੇ ਸਮਝੌਤੇ ਭਲਕੇ ਆਉਣ ਵਾਲੇ ਪ੍ਰਬੰਧਕਾਂ ਲਈ ਕਾਨੂੰਨੀ ਅਤੇ ਵਿੱਤੀ ਮੁਸੀਬਤਾਂ ਖੜ੍ਹੀਆਂ ਕਰ ਸਕਦੇ ਹਨ। ਪਹਿਲਾਂ ਸੰਸਥਾ ਦੀ ਆਰਥਿਕ ਸਮਰੱਥਾ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਦਾ ਖੁੱਲ੍ਹਾ ਹਿਸਾਬ ਦਿੱਤਾ ਜਾਵੇ, ਫਿਰ ਲੰਬੇ ਸਮੇਂ ਦੇ ਐਲਾਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸੰਗਤ ਨੂੰ ਭਾਵੁਕ ਬਿਆਨਾਂ ਨਾਲ ਨਹੀਂ, ਸਗੋਂ ਜਵਾਬਦੇਹ ਪ੍ਰਬੰਧ ਨਾਲ ਵਿਸ਼ਵਾਸ ਮਿਲਦਾ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਹਰ ਨਾਕਾਮੀ ਦਾ ਦੋਸ਼ ਪਿਛਲੇ ਪ੍ਰਬੰਧਕਾਂ ਦੇ ਸਿਰ ਮੜ੍ਹਨਾ ਹੁਣ ਪੁਰਾਣਾ ਸਿਆਸੀ ਹਥਿਆਰ ਬਣ ਚੁੱਕਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਦਾਰ ਪਰਮਜੀਤ ਸਿੰਘ ਸਰਨਾ ਆਪਣੇ ਕਾਰਜਕਾਲ ਦੇ ਅੰਤ ਸਮੇਂ ਕਮੇਟੀ ਦੇ ਖਾਤਿਆਂ ਵਿੱਚ ਕਰੀਬ 123 ਕਰੋੜ ਰੁਪਏ ਛੱਡ ਕੇ ਗਏ ਸਨ। ਜੇ ਅੱਜ ਵਿੱਤੀ ਹਾਲਤ ਕਮਜ਼ੋਰ ਹੈ, ਜਾਇਦਾਦਾਂ ਵਿਵਾਦਾਂ ਵਿੱਚ ਹਨ ਅਤੇ ਸੰਸਥਾ ਲਗਾਤਾਰ ਸੰਕਟਾਂ ਨਾਲ ਘਿਰੀ ਹੋਈ ਹੈ ਤਾਂ ਉਸ ਦੀ ਜਵਾਬਦੇਹੀ ਮੌਜੂਦਾ ਲੀਡਰਸ਼ਿਪ ਤੋਂ ਤੈਅ ਹੋਣੀ ਚਾਹੀਦੀ ਹੈ।






ਜਨਮ ਦਿਨ ਮੁਬਾਰਕ

ਤੇਜਦੀਪ ਸਿੰਘ

ਪਿਤਾ ਕੁਲਦੀਪ ਸਿੰਘ

ਮਾਤਾ ਸਰਬਜੀਤ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

### ਤਰਸਿੱਕਾ ਬਲਾਕ ਚਾਲੂ ਕਰਕੇ

# ਵਿਰੋਧੀਆਂ ਦੇ ਭੁਲੇਖੇ ਕੱਢੇ :ਗੁਰਮੁਖ ਸਿੰਘ ਸਰਜਾ




**ਜੰਡਿਆਲਾ ਗੁਰੂ, 8 ਅਗਸਤ ( ਕੁਲਵੰਤ ਸਿੰਘ ਵਿਰਦੀ )**-ਬਲਾਕ ਤਰਸਿੱਕਾ ਨੂੰ ਨਵੀਂ ਹਲਕਾ ਬੰਦੀ ਕਰਕੇ ਮੁੜ ਬਹਾਲ ਹੋਣ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਖ਼ੁਸ਼ੀ ਵਿਚ ਲੱਡੂ ਵੰਡੇ ਕੇ ਮੂੰਹ ਮਿੱਠਾ ਕਰਾਇਆ। ਪੱਤਰਕਾਰਾਂ ਨਾਲ ਗੱਲ-ਬਾਤ ਕਰਦਿਆਂ ਸਰਪੰਚ ਜਗਦੀਪ ਸਿੰਘ ਤਰਸਿਕਾ ,ਅਤੇ ਸਰਪੰਚ ਗੁਰਮੁਖ ਸਿੰਘ ਸਰਜਾ ਨੇ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਵਿਸ਼ੇਸ਼ ਯਤਨਾਂ ਨੇ ਬਲਾਕ ਖ਼ਤਮ ਹੋਣ ਦੇ ਨਾਅਰੇ ਨੂੰ ਵਿਰਾਮ ਦਿੱਤਾ ।ਉਨਾ ਨੇ ਸਪੈਸਲ ਪੰਜਾਬ ਸਰਕਾਰ ਮੁਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿਚ ਮਤਾ ਪਾਸ ਕਰਵਾ ਕੇ ਬਲਾਕ ਤਰਸਿਕਾ ਦੀ ਨਵੀਂ ਪੋਸਟ ਖੜੀ ਕਰਕੇ ਬਲਾਕ ਤਰਸਿੱਕਾ ਨੂੰ ਮੁੜ ਸਰਕਾਰੀ ਗਜ਼ਟ ਵਿੱਚ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ।ਜਿਸ ਨਾਲ ਪੰਜਾਬ ਵਿੱਚ ਬਲਾਕਾਂ ਦੀ ਗਿਣਤੀ 155 ਕੀਤੀ ।ਅਸਲ ਸਚਾਈ ਸਨੈਰੀਓ ਮੁਤਾਬਕ ਨਵੀਂ ਹਲਕਾ ਬੰਦੀ ਦੀ ਜਰੂਰਤ ਕਿਉਂ ਪਈ ਬਲਾਕ ਤਰਸਿਕਾ ਵਿਚ ਦੂਸਰੇ ਹਲਕਿਆਂ ਦੇ 43 ਪਿੰਡ ਹਲਕਾ ਮਜੀਠਾ ਦੇ ਸਨ ।ਅਤੇ ਹਲਕਾ ਜੰਡਿਆਲਾ ਗੁਰੂ ਦੇ 22 ਪਿੰਡ ਰਈਆ ਬਲਾਕ ਵਿਚ ਪੈਂਦੇ ਸਨ। ਹੋਣ ਕਾਰਣ ਜੰਡਿਆਲਾ ਗੁਰੂ ਹਲਕੇ ਸੰਮਤੀ ਦੀਆਂ ਗਰਾਂਟਾਂ ਦੂਸਰੇ ਹਲਕਿਆਂ ਦੇ ਮੰਤਰੀ ਲੈ ਜਾਂਦੇ ਸਨ। ਇਸ ਦਾ ਨੁਕਸਾਨ ਜੰਡਿਆਲਾ ਗੁਰੂ ਹਲਕੇ ਦੇ ਪਿੰਡਾਂ ਦੇ ਵਸਨੀਕਾਂ ਨੂੰ ਝੱਲਣਾ ਪੈਂਦਾ ਸੀ। ਸਾਰੇ ਪੰਜਾਬ ਵਿੱਚ ਇਸ ਤਰਾਂ ਚੱਲ ਰਿਹਾ ਸੀ ।ਅਤੇ ਕਈ ਪਿੰਡ ਵਿਕਾਸ ਪੱਖੋਂ ਪਛੜ ਜਾਂਦੇ ਸਨ ਹੁਣ ਸਰਕਾਰ ਨੇ ਨਵੀਂ ਯੋਜਨਾਂਬੰਦੀ ਤਹਿਤ ਸੁਧਾਰ ਕੀਤਾ ਗਿਆ ਹੈ। ਗੁਰਮੁਖ ਸਿੰਘ ਸਰਜਾ ਨੇ ਕਿਹਾ ਝੂਠਾ ਪ੍ਰਚਾਰ ਕੀਤਾ ਗਿਆ ਸੀ ।ਕਿ ਤਰਸਿਕਾ ਬਲਾਕ ਖਤਮ ਕਰ ਦਿਤਾ ਗਿਆ ਹੈ ।ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਵਿਸ਼ੇਸ਼ ਯਤਨਾਂ ਸਦਕਾ ਬਲਾਕ ਤਰਸਿੱਕਾ ਦੇ ਕੰਮ ਪਹਿਲਾਂ ਵੀ ਜਿਉਂ ਦੇ ਤਿਉਂ ਚਲਦੇ ਸੀ। ਅਤੇ ਹੁਣ ਉਸ ਤੋਂ ਵੀ ਵੱਧ ਚੱਲਣਗੇ ।ਕੁਝ ਲੋਕ ਭੰਡੀ ਪ੍ਰਚਾਰ ਕਰਦੇ ਸਨ , ਕਿ ਸਾਡੇ ਕਾਰਣ ਬਲਾਕ ਤਰਸਿਕਾ ਬਹਾਲ ਹੋਇਆ ਹੈ। ਪਰ ਹਰਭਜਨ ਸਿੰਘ ਈ ਟੀ ਓ ਦੀ ਦਿਨ ਰਾਤ ਦੀ ਕੀਤੀ ਮਿਹਨਤ ਅਤੇ ਕਰਵਾਏ ਗਏ ਵਿਕਾਸ ਦਾ ਵਿਰੋਧੀ ਧਿਰਾਂ ਕੋਲ ਕੋਈ ਬੋਲਣ ਲਈ ਜਵਾਬ ਨਹੀਂ ਹੈ। ਵਿਰੋਧੀ ਧਿਰ ਘਟੀਆ ਕਿਸਮ ਦਾ ਪ੍ਰਚਾਰ ਕਰਦੇ ਲੋਕਾਂ ਨੂੰ ਗੁਮਰਾਹ ਕਰਦੇ ਰਹੇ ਸਨ। ਸਾਨੂੰ ਵੀ ਉੱਨਾਂ ਫ਼ਿਕਰ ਸੀ ਅਤੇ ਮੰਤਰੀ ਨੂੰ ਸਾਡੇ ਨਾਲੋ ਵੱਧ ਚਿੰਤਾ ਸੀ ਹਲਕੇ ਦੇ ਵਿਕਾਸ ਦੀ ਪਿਛਲੇ ਦਿਨੀ ਪਿੰਡ ਫਤਹਿਪੁਰ ਮਹਿਤਾ ਰੋਡ ਉਪਰ ਰੋਹੀ ਦਾ ਪੁਲ ਰੁੜ ਜਾਣ ਦਾ ਝੂਠਾ ਭੰਡੀ ਪ੍ਰਚਾਰ ਕੀਤਾ ਗਿਆ ਸੀ ।ਜੋ ਕਿ ਉਸਾਰੀ ਅਧੀਨ ਪੁਲ ਦੇ ਪਾਣੀ ਦੇ ਨਿਕਾਸ ਲਈ ਪੋਰੇ ਪਾਏ ਗਏ ਸਨ। ਬਰਸਾਤੀ ਪਾਣੀ ਜ਼ਿਆਦਾ ਹੋਣ ਕਾਰਣ ਜੰਗਲੀ ਬੂਟੀ ਦੇ ਫਸਣ ਤੇ ਪਾਣੀ ਬੰਦ ਹੋਣ ਕਾਰਣ ਪਿਛੇ ਲੋਕਾਂ ਦੀਆਂ ਝੋਨੇ ਦੀਆਂ ਫਸਲਾਂ ਦਾ ਨੁਕਸਾਨ ਹੋ ਰਿਹਾ ਸੀ ਜਿਸ ਕਾਰਣ ਪੋਰੇ ਹਟਾਕੇ ਬੂਟੀ ਕੱਢ ਕੇ ਕੁਝ ਸਮੇਂ ਲਈ ਰਸਤਾ ਰੁਕਿਆ , ਪਰ ਵਿਰੋਧੀਆਂ ਨੇ ਪੁਲ ਰੁੜ ਜਾਣ ਦਾ ਭੰਡੀ ਪ੍ਰਚਾਰ ਕਰਕੇ ਈ ਟੀ ਓ ਨੂੰ ਬਦਨਾਮ ਕਰਨ ਦਾ ਯਤਨ ਕੀਤਾ। ਇਸ ਸਮੇਂ ਪ੍ਰਮੁਖ ਆਗੂ ਸਰਪੰਚ ਜਰਮਨਜੀਤ ਸਿੰਘ ਸਰਪੰਚ ਕਰਤਾਰ ਸਿੰਘ ਨਗਰ, ਦਵਿੰਦਰ ਸਿੰਘ ਮੰਨੂ ਸਰਪੰਚ ਜਬੋਵਾਲ, ਗੁਰਦੀਪ ਸਿੰਘ ਕੋਟਲਾ, ਸਵਿੰਦਰ ਸਿੰਘ ਮੁਛੱਲ, ਇੰਜੀ ਬਲਰਾਜ ਸਿੰਘ ਤਰਸਿਕਾ,ਪਲਵਿੰਦਰ ਸਿੰਘ ਡੇਹਰੀਵਾਲ,ਸਰਵਣ ਸਿੰਘ, ਸੁਖਵਿੰਦਰ ਸਿੰਘ, ਬਲਜੀਤ ਸਿੰਘ, ਦਿਲਬਾਗ ਸਿੰਘ ਮੈਂਬਰ ਤਰਸਿਕਾ, ਗੁਰਵਿੰਦਰ ਸਿੰਘ ਸਰਪੰਚ ਬੇਰੀਆਂਵਾਲਾ, ਬਲਵਿੰਦਰ ਸਿੰਘ ਮਹਿਣੀਆਂ, ਮਾਨ ਸਿੰਘ ਰਾਏਪੁਰ, ਕਸ਼ਮੀਰ ਸਿੰਘ ਸਰਪੰਚ, ਹਰਪਾਲ ਸਿੰਘ ਚਾਹਲ ਸਰਪੰਚ ਰਮਾਣਾ ਚੱਕ, ਭੁਪਿੰਦਰ ਸਿੰਘ ਚਾਹਲ ਬਲਾਕ ਪ੍ਰਧਾਨ, ਚਰਨਜੀਤ ਸਿੰਘ ਕੋਟ ਹਯਾਤ, ਸੁਖਵਿੰਦਰ ਸਿੰਘ ਲਵਲੀ ਭੱਟੀਕੇ, ਇਕਬਾਲ ਸਿੰਘ, ਰਮਨਜੀਤ ਸਿੰਘ ਸਿੱਧੂ ਜੋਧਾਨਗਰੀ ਆਦਿ ਹਾਜ਼ਰ ਸਨ।

**ਪ੍ਰਬੰਧਕੀ ਸੀ ਖਤਮ ਨਹੀਂ ਹੋਇਆ ਵਿਰੋਧੀਆਂ ਵੱਲੋਂ ਸਿਆਸੀ ਰੰਜਿਸ ਕਾਰਣ ਬਲਾਕ ਬੰਦ ਹੋਣ ਦਾ ਪ੍ਰਚਾਰ ਕੀਤਾ :ਜਗਦੀਪ ਸਿੰਘ ਤਰਸਿਕਾ , ਗੁਰਮੁਖ ਸਿੰਘ ਸਰਜਾ ਸਰਪੰਚ**

ਆਵਾਜ਼ਿ ਕੌਮ AWAZE QAUM International Newspaper & WEB TV

### ਕੈਨੇਡਾ 'ਚ ਆਰਐਸਐਸ ਖ਼ਿਲਾਫ਼ ਪਾਬੰਦੀ ਦੀ ਉਠੀ ਮੰਗ

# ਮੋਹਨ ਭਾਗਵਤ ਦਾ ਦਾਖ਼ਲਾ ਰੋਕਣ ਲਈ ਸਰਕਾਰ 'ਤੇ ਵਧਿਆ ਦਬਾਅ





**ਨਵੀਂ ਦਿੱਲੀ, 8 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਕੈਨੇਡਾ ਵਿੱਚ ਰਾਸ਼ਟਰੀ ਸਵੈਮਸੇਵਕ ਸੰਘ (ਆਰਐਸਐਸ) ਦੀਆਂ ਗਤੀਵਿਧੀਆਂ ਨੂੰ ਲੈ ਕੇ ਸਿਆਸੀ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜੀਆਂ ਜਥੇਬੰਦੀਆਂ ਵੱਲੋਂ ਵਿਰੋਧ ਤੇਜ਼ ਹੋ ਗਿਆ ਹੈ। ਨਿਊ ਡੈਮੋਕ੍ਰੈਟਿਕ ਪਾਰਟੀ (ਐਨਡੀਪੀ) ਨੇ ਕੈਨੇਡਾ ਸਰਕਾਰ ਤੋਂ ਆਰਐਸਐਸ 'ਤੇ ਪਾਬੰਦੀ ਲਗਾਉਣ ਦੇ ਨਾਲ-ਨਾਲ ਇਸ ਦੇ ਮੁਖੀ ਮੋਹਨ ਭਾਗਵਤ ਨੂੰ ਕੈਨੇਡਾ ਵਿੱਚ ਦਾਖ਼ਲ ਹੋਣ ਤੋਂ ਰੋਕਣ ਦੀ ਮੰਗ ਕੀਤੀ ਹੈ। ਐਨਡੀਪੀ ਦੀ ਵਿਦੇਸ਼ ਮਾਮਲਿਆਂ ਬਾਰੇ ਬੁਲਾਰਨ ਹੀਥਰ ਮੈਕਫਰਸਨ ਅਤੇ ਇਮੀਗ੍ਰੇਸ਼ਨ ਤੇ ਪਬਲਿਕ ਸੇਫਟੀ ਮਾਮਲਿਆਂ ਬਾਰੇ ਬੁਲਾਰਨ ਜੈਨੀ ਕਵਾਨ ਨੇ ਕੈਨੇਡਾ ਦੀ ਵਿਦੇਸ਼ ਮੰਤਰੀ, ਪਬਲਿਕ ਸੇਫਟੀ ਮੰਤਰੀ ਅਤੇ ਇਮੀਗ੍ਰੇਸ਼ਨ ਮੰਤਰੀ ਨੂੰ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਮੋਹਨ ਭਾਗਵਤ ਦੀ ਪ੍ਰਸਤਾਵਿਤ ਕੈਨੇਡਾ ਯਾਤਰਾ ਤੋਂ ਪਹਿਲਾਂ ਸਰਕਾਰ ਇਸ ਮਾਮਲੇ 'ਤੇ ਫ਼ੈਸਲਾਕੁੰਨ ਕਾਰਵਾਈ ਕਰੇ। ਹੀਥਰ ਮੈਕਫਰਸਨ ਨੇ ਆਰਐਸਐਸ ਨੂੰ ਕਥਿਤ ਤੌਰ 'ਤੇ ਇੱਕ "ਚਰਮਪੰਥੀ ਸੰਗਠਨ" ਦੱਸਦਿਆਂ ਦੋਸ਼ ਲਗਾਇਆ ਕਿ ਇਹ ਭਾਰਤ ਵਿੱਚ ਧਾਰਮਿਕ ਘੱਟਗਿਣਤੀਆਂ ਅਤੇ ਹਾਸ਼ੀਏ 'ਤੇ ਰਹਿੰਦੇ ਲੋਕਾਂ ਵਿਰੁੱਧ ਨਫ਼ਰਤ ਅਤੇ ਹਿੰਸਾ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਕੈਨੇਡਾ ਵਿੱਚ ਆਰਐਸਐਸ ਦੀ ਆਲੋਚਨਾ ਕਰਨ ਵਾਲੇ ਲੋਕਾਂ ਨੂੰ ਡਰਾਉਣ-ਧਮਕਾਉਣ ਦਾ ਸਾਹਮਣਾ ਕਰਨਾ ਪੈਂਦਾ ਹੈ ।ਆਰਐਸਐਸ ਵਿਰੁੱਧ ਉੱਠ ਰਹੀ ਆਵਾਜ਼ ਸਿਰਫ਼ ਐਨਡੀਪੀ ਤੱਕ ਸੀਮਤ ਨਹੀਂ ਰਹੀ। ਕੈਨੇਡੀਅਨ ਫੋਰਮ ਫਾਰ ਹਿਊਮਨ ਰਾਈਟਸ ਐਂਡ ਡੈਮੋਕ੍ਰੇਸੀ ਇਨ ਇੰਡੀਆ (ਸੀਐਫਐਚਆਰਡੀਆਈ) ਦੀ ਪ੍ਰੈੱਸ ਰਿਲੀਜ਼ ਮੁਤਾਬਕ ਕੈਨੇਡਾ ਦੀਆਂ 40 ਤੋਂ ਵੱਧ ਸਿਵਲ ਸੋਸਾਇਟੀ, ਮਨੁੱਖੀ ਅਧਿਕਾਰ, ਮਜ਼ਦੂਰ ਅਤੇ ਧਾਰਮਿਕ ਜਥੇਬੰਦੀਆਂ ਨੇ ਪਬਲਿਕ ਸੇਫਟੀ ਮੰਤਰੀ ਗੈਰੀ ਆਨੰਦਸਾਂਗਰੀ ਨੂੰ ਪੱਤਰ ਲਿਖ ਕੇ ਮੋਹਨ ਭਾਗਵਤ ਨੂੰ ਕੈਨੇਡਾ ਵਿੱਚ ਦਾਖ਼ਲੇ ਦੀ ਇਜਾਜ਼ਤ ਨਾ ਦੇਣ ਦੀ ਮੰਗ ਕੀਤੀ ਹੈ। ਇਨ੍ਹਾਂ ਜਥੇਬੰਦੀਆਂ ਨੇ ਆਰਐਸਐਸ 'ਤੇ ਕੈਨੇਡਾ ਵਿੱਚ ਪਾਬੰਦੀ ਲਗਾਉਣ ਦੀ ਮੰਗ ਵੀ ਦੁਹਰਾਈ ਹੈ। ਉਨ੍ਹਾਂ ਵੱਲੋਂ ਇਹ ਚਿੰਤਾ ਪ੍ਰਗਟਾਈ ਗਈ ਹੈ ਕਿ ਕੈਨੇਡਾ ਵਿੱਚ ਰਹਿੰਦੇ ਘੱਟਗਿਣਤੀ ਭਾਈਚਾਰਿਆਂ ਦੀ ਸੁਰੱਖਿਆ ਨੂੰ ਕਿਸੇ ਵੀ ਕਥਿਤ ਨਫ਼ਰਤ ਜਾਂ ਹਿੰਸਕ ਮਾਹੌਲ ਤੋਂ ਬਚਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਰਿਪੋਰਟਾਂ ਮੁਤਾਬਕ ਮੋਹਨ ਭਾਗਵਤ ਦੀ ਕੈਨੇਡਾ ਯਾਤਰਾ 31 ਅਗਸਤ ਤੋਂ 1 ਸਤੰਬਰ ਤੱਕ ਪ੍ਰਸਤਾਵਿਤ ਹੈ। ਯਾਤਰਾ ਤੋਂ ਪਹਿਲਾਂ ਹੀ ਆਰਐਸਐਸ ਦੀ ਭੂਮਿਕਾ, ਇਸ ਦੀਆਂ ਕਥਿਤ ਗਤੀਵਿਧੀਆਂ ਅਤੇ ਕੈਨੇਡਾ ਵਿੱਚ ਇਸ ਦੀ ਮੌਜੂਦਗੀ ਨੂੰ ਲੈ ਕੇ ਸਵਾਲ ਤੇਜ਼ ਹੋ ਗਏ ਹਨ। ਹੁਣ ਨਜ਼ਰ ਕੈਨੇਡਾ ਸਰਕਾਰ ਦੇ ਅਗਲੇ ਕਦਮ 'ਤੇ ਹੈ ਕਿ ਉਹ ਇਨ੍ਹਾਂ ਮੰਗਾਂ ਨੂੰ ਕਿਸ ਤਰ੍ਹਾਂ ਲੈਂਦੀ ਹੈ ਅਤੇ ਕੀ ਮੋਹਨ ਭਾਗਵਤ ਦੀ ਪ੍ਰਸਤਾਵਿਤ ਯਾਤਰਾ ਤੋਂ ਪਹਿਲਾਂ ਆਰਐਸਐਸ ਬਾਰੇ ਕੋਈ ਨੀਤੀਗਤ ਜਾਂ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ। ਇਸ ਮਾਮਲੇ ਨੇ ਕੈਨੇਡਾ ਦੀ ਧਰਤੀ 'ਤੇ ਭਾਰਤੀ ਸਿਆਸਤ, ਘੱਟਗਿਣਤੀਆਂ ਦੀ ਸੁਰੱਖਿਆ ਅਤੇ ਕਥਿਤ ਵਿਦੇਸ਼ੀ ਸੰਗਠਨਾਂ ਦੀਆਂ ਗਤੀਵਿਧੀਆਂ ਨੂੰ ਲੈ ਕੇ ਨਵੀਂ ਸਿਆਸੀ ਚਰਚਾ ਛੇੜ ਦਿੱਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਬਿੰਨਰ ਪਰਿਵਾਰ ਨੂੰ ਸਦਮਾ, ਕੈਪਟਨ ਹਰਦੇਵ ਸਿੰਘ ਦਾ ਦਿਹਾਂਤ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ, ਸਰਧਾਂਜਲੀ ਸਮਾਗਮ 11 ਅਗਸਤ ਦਿਨ ਮੰਗਲਵਾਰ ਨੂੰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਾਬਕਾ ਕੌਂਸਲਰ ਅਤੇ ਅਕਾਲੀ ਆਗੂ ਮਨਵਿੰਦਰ ਸਿੰਘ ਬਿੱਨਰ ਨੂੰ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸੇਵਾਮੁਕਤ ਆਨਰੇਰੀ ਕੈਪਟਨ ਹਰਦੇਵ ਸਿੰਘ ਬਿੱਨਰ (81) ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆ ਵਿੱਚ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਮਨਵੀਰ ਸਿੰਘ ਚੈਰੀ,ਪ੍ਰਕਾਸ਼ ਚੰਦ ਗਰਗ ਸਾਬਕਾ ਪਾਰਲੀਮਾਨੀ ਸਕੱਤਰ ਪੰਜਾਬ, ਪੰਜਾਬ ਯੂਥ ਕਾਂਗਰਸ ਪੰਜਾਬ ਦੇ ਪ੍ਰਧਾਨ ਸੁਭਮ ਸ਼ਰਮਾ ਧੂਰੀ, ਓਂਕਾਰ ਸਿੰਘ ਸਿੱਧੂ ਭਾਜਪਾ ਆਗੂ, ਰਣਜੀਤ ਸਿੰਘ ਰੰਧਾਵਾ ਕਾਤਰੋਂ ਹਲਕਾ ਇੰਚਾਰਜ ਧੂਰੀ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਰਣਦੀਪ ਸਿੰਘ ਦਿਓਲ, ਇਕਬਾਲ ਸਿੰਘ ਝੂੰਦਾ ਸਾਬਕਾ ਵਿਧਾਇਕ, ਗਗਨਜੀਤ ਸਿੰਘ ਬਰਨਾਲਾ ਸਾਬਕਾ ਵਿਧਾਇਕ, ਗਮਦੂਰ ਸਿੰਘ ਭਸੌੜ, ਨਰਿੰਦਰ ਸਿੰਘ ਕਾਲਾਬੂਲਾ ਅਕਾਲੀ ਦਲ ਅੰਮ੍ਰਿਤਸਰ, ਹਰਬੰਸ ਸਿੰਘ ਸਲੇਮਪੁਰ ਅਕਾਲੀ ਦਲ ਅੰਮ੍ਰਿਤਸਰ, ਜਤਿੰਦਰ ਸਿੰਘ ਸੋਨੀ ਮੰਡੇਰ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਸੁਖਪਾਲ ਸ਼ਰਮਾ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਪਰਮਜੀਤ ਸਿੰਘ ਪੰਮਾਂ ਅਕਾਲੀ ਆਗੂ, ਸੁਖਵਿੰਦਰ ਸਿੰਘ ਈ.ਸੀ., ਸਵਰਨਜੀਤ ਸਿੰਘ ਹਰਚੰਦਪੁਰਾ, ਸਮੀਰ ਕੁਮਾਰ ਸ਼ੰਮੀ, ਭੁਪਿੰਦਰ ਪਾਲ ਮਿੱਠਾ , ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਗੋਪਾਲ ਬੇਨੜਾ ਆਦਿ ਆਗੂਆਂ ਨੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ, ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਅੰਤਿਮ ਅਰਦਾਸ ਅਤੇ ਸਰਧਾਂਜਲੀ ਸਮਾਗਮ 11 ਅਗਸਤ ਦਿਨ ਮੰਗਲਵਾਰ ਨੂੰ ਗੁਰਦੁਆਰਾ ਨਾਨਕਸਰ ਵਿਖੇ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਨਾ ਨੇ ਕੇਜਰੀਵਾਲ ਨੂੰ ਘੇਰਿਆ: ਬਾਦਲ-ਮੋਦੀ ਮੁਲਾਕਾਤ ਦੀ ਚਿੰਤਾ ਛੱਡ, ਪੰਜਾਬ ਦੇ 4.47 ਲੱਖ ਕਰੋੜ ਦੇ ਕਰਜ਼ੇ ਦਾ ਦਿਓ ਹਿਸਾਬ



ਨਵੀਂ ਦਿੱਲੀ, 8 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਅਰਵਿੰਦ ਕੇਜਰੀਵਾਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੁਲਾਕਾਤ 'ਤੇ ਕੀਤੀ ਟਿੱਪਣੀ ਦਾ ਤਿੱਖਾ ਜਵਾਬ ਦਿੰਦਿਆਂ ਕਿਹਾ ਕਿ ਕੇਜਰੀਵਾਲ ਦੂਜਿਆਂ ਦੀਆਂ ਸਿਆਸੀ ਮੁਲਾਕਾਤਾਂ 'ਤੇ ਸਿਆਸਤ ਕਰਨ ਦੀ ਬਜਾਏ ਪੰਜਾਬ ਸਿਰ ਚੜ੍ਹੇ 4.47 ਲੱਖ ਕਰੋੜ ਰੁਪਏ ਦੇ ਕਰਜ਼ੇ ਦਾ ਹਿਸਾਬ ਪੰਜਾਬੀਆਂ ਨੂੰ ਦੇਣ। ਸਰਨਾ ਨੇ ਕਿਹਾ ਕਿ ਹਰ ਸਿਆਸੀ ਪਾਰਟੀ ਨੂੰ ਲੋਕ ਹਿੱਤ ਵਿੱਚ ਕਿਸੇ ਵੀ ਆਗੂ ਨਾਲ ਵਿਚਾਰ-ਵਟਾਂਦਰਾ ਕਰਨ ਦਾ ਲੋਕਤੰਤਰਿਕ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਬਾਦਲ ਅਤੇ ਮੋਦੀ ਦੀ ਮੁਲਾਕਾਤ 'ਤੇ ਸਵਾਲ ਚੁੱਕਣ ਵਾਲੇ ਕੇਜਰੀਵਾਲ ਨੂੰ ਪਹਿਲਾਂ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦਾ ਹਿਸਾਬ ਦੇਣਾ ਚਾਹੀਦਾ ਹੈ ।ਉਨ੍ਹਾਂ ਕਿਹਾ, ਕੇਜਰੀਵਾਲ ਇਸ ਗੱਲ ਦੀ ਚਿੰਤਾ ਨਾ ਕਰਨ ਕਿ ਕੌਣ ਕਿਸ ਨੂੰ ਮਿਲ ਰਿਹਾ ਹੈ, ਸਗੋਂ ਇਹ ਦੱਸਣ ਕਿ 'ਆਪ' ਦੇ ਰਾਜ ਵਿੱਚ ਪੰਜਾਬ ਦਾ ਕਰਜ਼ਾ ਲਗਾਤਾਰ ਕਿਉਂ ਵਧਿਆ ਅਤੇ ਪੰਜਾਬੀਆਂ ਨਾਲ ਕੀਤੇ ਵਾਅਦਿਆਂ ਦਾ ਕੀ ਬਣਿਆ। ਸਰਨਾ ਨੇ ਕਿਹਾ ਕਿ ਕੇਜਰੀਵਾਲ ਪੰਜਾਬ ਵਿੱਚ ਬਦਲਾਅ ਅਤੇ ਨਵਾਂ ਮਾਡਲ ਦੇਣ ਦੇ ਵਾਅਦੇ ਕਰਕੇ ਸੱਤਾ ਵਿੱਚ ਆਏ ਸਨ, ਪਰ ਅੱਜ ਪੰਜਾਬ ਦੇ ਸਾਹਮਣੇ ਵਧਦਾ ਕਰਜ਼ਾ, ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਆਰਥਿਕ ਬੋਝ ਵੱਡੇ ਸਵਾਲ ਬਣ ਕੇ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸਿਆਸੀ ਬਿਆਨਬਾਜ਼ੀ ਨਹੀਂ, ਸਗੋਂ ਆਰਥਿਕਤਾ, ਰੁਜ਼ਗਾਰ ਅਤੇ ਕਿਸਾਨੀ ਬਾਰੇ ਠੋਸ ਜਵਾਬ ਚਾਹੀਦੇ ਹਨ। ਕੇਜਰੀਵਾਲ ਨੂੰ ਦੂਜਿਆਂ ਦੀਆਂ ਮੁਲਾਕਾਤਾਂ 'ਤੇ ਟਿੱਪਣੀਆਂ ਕਰਨ ਤੋਂ ਪਹਿਲਾਂ ਇਹ ਦੱਸਣਾ ਚਾਹੀਦਾ ਹੈ ਕਿ ਪੰਜਾਬ ਨੂੰ ਇੰਨੇ ਵੱਡੇ ਕਰਜ਼ੇ ਦੇ ਬੋਝ ਤੋਂ ਕੱਢਣ ਲਈ ਉਨ੍ਹਾਂ ਦੀ ਸਰਕਾਰ ਨੇ ਕੀ ਕੀਤਾ। ਸਰਨਾ ਨੇ ਕਿਹਾ, "ਪੰਜਾਬ ਦਾ ਭਵਿੱਖ ਕਰਜ਼ੇ ਦੀਆਂ ਕਿਸ਼ਤਾਂ ਅਤੇ ਸਿਆਸੀ ਬਿਆਨਬਾਜ਼ੀ ਨਾਲ ਨਹੀਂ ਬਣਨਾ। ਕੇਜਰੀਵਾਲ ਪੰਜਾਬੀਆਂ ਨੂੰ ਆਪਣੇ ਵਾਅਦਿਆਂ ਅਤੇ ਵਧਦੀਆਂ ਦੇਣਦਾਰੀਆਂ ਦਾ ਹਿਸਾਬ ਦੇਣ।"

ਆਵਾਜ਼ਿ ਕੌਮ AWAZE QAUM International Newspaper & WEB TV

## ਕੋਟਲਾ ਅਤੇ ਜੱਬੋਵਾਲ ਦੇ ਨੌਜਵਾਨਾਂ ਦਾ ਉਪਰਾਲਾ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਭਾਈਚਾਰਕ ਸਾਂਝ ਦਾ ਦਿੱਤਾ ਸੁਨੇਹਾ



ਜੰਡਿਆਲਾ ਗੁਰੂ 8 ਅਗਸਤ ( ਕੁਲਵੰਤ ਸਿੰਘ ਵਿਰਦੀ ) ਕੋਟਲ਼ਾ ਬਥੂੰਨਗੜ ਅਤੇ ਜਬੋਵਾਲ ਦੇ ਸਮਾਜ ਸੇਵੀਆਂ ਨੇ ਗੱਲਬਾਤ ਮੌਕੇ ਦੱਸਿਆ ਕਿ ਟਾਂਗਰਾ ਰੇਲਵੇ ਕਰਾਸਿੰਗ ਤੋ ਕੋਟਲਾ, ਜਬੋਵਾਲ ਤੇ ਹੋਰ ਪਿੰਡਾਂ ਨੂੰ ਜੋੜਦੀ ਸੜਕ ਕਿਨਾਰੇ ਬਰਸਾਤੀ ਮੌਸਮ ਦੇ ਚੱਲਦਿਆਂ ਗਾਜਰ ਬੂਟੀ, ਸੁੱਖਾ (ਭੰਗ) ਅਤੇ ਹਰਿੰਡ ਆਦਿ ਦੀਆਂ ਜੰਗਲਨੁਮਾ ਝਾੜੀਆਂ ਨੇ ਬੁਰੀ ਤਰਾਂ ਪੈਰ ਪਸਾਰਦਿਆਂ ਸੜਕ ਨੂੰ ਆਪਣੀ ਜਕੜ ਵਿਚ ਲਿਆ ਸੀ। ਲੰਘਣਾ ਮੁਸ਼ਕਲ ਹੋਇਆ ਸੀ ।ਅਤੇ ਲੁੱਕ ਏਨੀ ਕੁ ਜ਼ਿਆਦਾ ਵੱਧ ਗਈ ਸੀ ।ਕਿ ਰਾਹਗੀਰਾਂ ਨੂੰ ਦਿਨ ਦਿਹਾੜੇ ਲੁਟੇਰਿਆਂ ਅਤੇ ਨਸੇੜੀਆਂ ਵੱਲੋਂ ਸਕੂਟਰੀਆਂ, ਚੈਨੀਆਂ, ਮੋਟਰ ਸਾਈਕਲ, ਮੋਬਾਈਲ ਨਗਦੀ ਅਤੇ ਹੋਰ ਸਮਾਨ ਖ਼ਤਰਨਾਕ ਹਥਿਆਰ ਦਿਖਾਕੇ ਖੋ ਲਿਆ ਜਾਂਦਾ ਸੀ ਅਤੇ ਨਾ ਨੁੱਕਰ ਕਰਨ ਤੇ ਸੱਟਾਂ ਮਾਰਨ ਅਤੇ ਜਾਨੀ ਨੁਕਸਾਨ ਕਰਨ ਤੱਕ ਦੀ ਨੌਬਤ ਆ ਜਾਂਦੀ ਸੀ। ਅਤੇ ਹੁਣ ਤੱਕ ਕਈ ਲੋਕ ਇਸ ਲੁੱਟ ਦਾ ਸ਼ਿਕਾਰ ਹੋ ਚੁੱਕੇ ਸਨ। ਅਤੇ ਦੋਸੀ ਫਰਾਰ ਹੋ ਜਾਂਦੇ ਸਨ।ਪੁਲਿਸ ਪ੍ਰਸ਼ਾਸਨ ਵੱਲੋਂ ਵਾਰਦਾਤਾਂ ਨੂੰ ਦੇਖਦਿਆਂ ਕਦੀ ਕੁ ਤਾਈ ਨਾਕਾਬੰਦੀ ਵੀ ਕੀਤੀ ਜਾਂਦੀ ਰਹੀ ।ਪਰ ਮੁਲਾਜ਼ਮਾਂ ਦੀ ਘੱਟ ਨਫਰੀ ਅਤੇ ਵੀਆਈਪੀ ਡਿਊਟੀ ਕਾਰਨ ਨਾਕਾ ਲਾਉਣ ਦਾ ਕੰਮ ਸਮਰੱਥਾ ਤੋਂ ਬਾਹਰ ਹੋਣ ਤੇ ਸਮਾਂ ਬਹੁਤ ਘੱਟ ਮਿਲਣ ਕਾਰਨ ਦੋਸ਼ੀ ਇਸ ਦਾ ਨਜ਼ਾਇਜ ਫਾਇਦਾ ਚੁੱਕਦੇ ਰਹੇ। ਨਾ ਰੇਲਵੇ ਵਿਭਾਗ ਨਾ ਪਿੰਡਾਂ ਦੀਆਂ ਪੰਚਾਇਤਾ ਨੇ ਧਿਆਨ ਦਿੱਤਾ ।ਉਹ ਵੀ ਅੱਖਾਂ ਮੀਟੀ ਲੰਘਦੀਆਂ ਰਹੀਆਂ ਸਫਾਈ ਵੱਲ ਕਿਸੇ ਧਿਆਨ ਨਹੀਂ ਦਿੱਤਾ ਤਾਂ ਸਮਾਜਸੇਵੀ ਨੌਜਵਾਨਾਂ ਦੀ ਅਣਖ ਜਾਗੀ ।ਉੱਨਾਂ ਨੇ ਉਪਰਾਲਾ ਕਰਕੇ ਟਰੈਕਟਰ ਨਾਲ ਕਟਰ ਪਾਕੇ ਬਣੀ ਸਾਰੀ ਲੁੱਕ ਦੀ ਦੂਰ ਤੱਕ ਸਫਾਈ ਕੀਤੀ ਗਈ। ਰਾਹਗੀਰਾਂ ਵੱਲੋਂ ਸੁਖਦਾ ਸਾਹ ਲੈਂਦਿਆਂ ਰੁਕ ਰੁਕ ਕੇ ਨੌਜਵਾਨਾਂ ਦੇ ਕੰਮ ਦੀ ਤਾਰੀਫ ਕੀਤੀ ਗਈ । ਦੋਵਾਂ ਪਿੰਡਾਂ (ਕੋਟਲਾ ਅਤੇ ਜੱਬੋਵਾਲ) ਦੇ ਨੌਜਵਾਨਾਂ ਦਾ ਆਪਸੀ ਭਾਈਚਾਰਾ ਅਤੇ ਰਲ-ਮਿਲ ਕੇ ਕੰਮ ਕਰਨ ਦੀ ਭਾਵਨਾ ਸਾਹਮਣੇ ਆਈ ,ਅਤੇ ਸਾਰੇ ਇਲਾਕੇ ਵਿਚ ਇਸ ਦੀ ਭਰਭੂਰ ਚਰਚਾ ਹੋ ਰਹੀ ਹੈ। ਇਸ ਮੌਕੇ ਪਰਮਿੰਦਰ ਸਿੰਘ, ਹੈਪੀ, ਬਲਕਾਰ ਸਿੰਘ, ਜੋਧਾ, ਸੁਖਬੀਰ ਸਿੰਘ, ਜਸਕਰਨ ਸਿੰਘ, ਜੁਗਰਾਜ ਸਿੰਘ ਆਦਿ ਹਾਜ਼ਰ ਸਨ।





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ

# ਟਰੱਸਟ ਦੀ ਹੋਈ ਵਿਸ਼ੇਸ਼ ਮੀਟਿੰਗ





**ਜਗਰਾਉਂ (ਵਰਿਆਮ ਹਠੂਰ)**-ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਅਤੇ ਸ਼ਬਦ ਅਦਬ ਸਹਿਤ ਸਭਾ ਮਾਣੂੰਕੇ ਦੀ ਇੱਕ ਵਿਸ਼ੇਸ਼ ਮੀਟਿੰਗ ਪਿੰਡ ਮਾਣੂੰਕੇ ਸੰਧੂ ਵਿਖੇ ਸ਼ਸੋ.ਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਹੋਈ, ਮੀਟਿੰਗ ਦਾ ਮੁੱਖ ਮੁੱਦਾ ਬੀਤੇ ਦਿਨੀਂ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੀ ਮਨਾਈ 6ਵੀਂ ਸਲਾਨਾ ਬਰਸੀ ਮੌਕੇ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਅਤੇ ਸੰਗਤਾਂ ਦਾ ਧੰਨਵਾਦ ਕਰਨਾ ਸੀ। ਤੇ ਨਾਲ-ਨਾਲ ਹੋਰ ਵਿਚਾਰ ਵਟਾਂਦਰਾ ਵੀ ਕੀਤਾ ਗਿਆ, ਤੇ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਮੁੱਖ ਪ੍ਰਬੰਧਕ ਸ੍ਰੀ ਜੀਵਨ ਕੁਮਾਰ ਗੋਲਡੀ ਮਾਤਾ ਪ੍ਰੇਮ ਲਤਾ, ਨਵਦੀਪ ਬੱਬੂ ਅਤੇ ਸਮੂਹ ਗੋਇਲ ਪਰਿਵਾਰ ਵੱਲੋਂ ਜਿੱਥੇ ਇਕੱਤਰ ਹੋਈਆਂ ਸਤਿਕਾਰਯੋਗ ਸ਼ਖਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਉੱਥੇ ਟਰੱਸਟ ਮੈਂਬਰਾਂ, ਸੇਵਾਦਾਰਾਂ, ਅਤੇ ਸੰਗਤਾਂ ਤੋਂ ਇਸੇ ਤਰ੍ਹਾਂ ਮੋਢੇ ਨਾਲ ਮੋਢਾ ਲਾ ਕੇ ਆਉਣ ਵਾਲੇ ਸਮੇਂ ਵਿੱਚ ਵੀ ਗੋਇਲ ਪਰਿਵਾਰ ਦਾ ਸਾਥ ਦੇਣ ਲਈ ਅਪੀਲ ਕੀਤੀ, ਤਾਂ ਜੋ ਸਾਰਿਆਂ ਦਾ ਪਿਆਰ ਅਤੇ ਸਤਿਕਾਰ ਬਣਿਆ ਰਹੇ। ਇਸ ਮੌਕੇ ਬੋਲਦਿਆਂ ਯੂਥ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ ਨੇ ਕਿਹਾ ਕਿ ਜਿੱਥੇ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਰ ਗੋਇਲ ਇੱਕ ਵਧੀਆ ਸਖ਼ਸੀਅਤ ਸੀ। ਤੇ ਉਨ੍ਹਾਂ ਦਾ ਹਰ ਇੱਕ ਨਾਲ ਅੱਛਾ ਰਸੂਖ ਸੀ। ਤੇ ਵਧੀਆ ਮਿਲਵਰਤਣ ਸੀ। ਉੱਥੇ ਉਨ੍ਹਾਂ ਦੇ ਨਕਸ਼ੇ ਕਦਮ ਤੇ ਚੱਲਦੇ ਹੋਏ ਉਨ੍ਹਾਂ ਦਾ ਪਰਿਵਾਰ ਸਮਾਜ ਸੇਵੀ ਪਰਿਵਾਰ ਹੈ। ਤੇ ਉਨ੍ਹਾਂ ਦੇ ਪੁੱਤਰ ਸ੍ਰੀ ਜੀਵਨ ਕੁਮਾਰ ਗੋਲਡੀ ਅਤੇ ਨਵਦੀਪ ਬੱਬੂ ਵੀ ਹਰ ਇੱਕ ਨਾਲ ਪ੍ਰੇਮ ਪਿਆਰ ਰੱਖਦੇ ਹਨ। ਤੇ ਉਨ੍ਹਾਂ ਵੱਲੋਂ ਨਗਰ ਦੇ ਲੋਕਾਂ ਅਤੇ ਗ੍ਰਾਮ ਪੰਚਾਇਤ ਨਾਲ ਮਿਲ ਕੇ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਬਣਾਇਆ ਤੇ ਨਗਰ ਲਈ ਚੇਅਰਮੈਨ ਰਾਜ ਕੁਮਾਰ ਗੋਇਲ ਯਾਦਗਾਰੀ ਲਾਇਬ੍ਰੇਰੀ ਅਤੇ ਸਿਲਾਈ ਕਢਾਈ ਸੈਂਟਰਾਂ ਦੀ ਸੁਰੂਆਤ ਕੀਤੀ, ਜੋ ਸਫ਼ਲਤਾ ਪੂਰਬਕ ਚੱਲ ਰਹੇ ਹਨ। ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਗੋਇਲ ਪਰਿਵਾਰ ਨੂੰ ਤੰਦਰੁਸਤੀ, ਚੜ੍ਹਦੀ ਕਲਾ ਅਤੇ ਤਰੱਕੀਆਂ ਬਖ਼ਸੇ, ਤਾਂ ਜੋ ਗੋਇਲ ਪਰਿਵਾਰ ਵਧੀਆ ਸੇਵਾਵਾਂ ਨਿਭਾਉਂਦਾ ਰਹੇ। ਇਸ ਮੌਕੇ ਗੁਰੂ ਘਰ ਦੇ ਵਜੀਰ ਭਾਈ ਗੁਰਦੀਪ ਸਿੰਘ ਦੀਪਾ ਨੇ ਕਿਹਾ ਕਿ ਗੋਇਲ ਪਰਿਵਾਰ ਦੀ ਜਿੱਥੇ ਨਗਰ ਨੂੰ ਵਧੀਆ ਦੇਣ ਹੈ। ਤੇ ਉੱਥੇ ਗੁਰੂ ਘਰ ਲਈ ਵੀ ਹਮੇਸ਼ਾਂ ਸੇਵਾਵਾਂ ਅਤੇ ਸਹਿਯੋਗ ਦੇਣ ਲਈ ਗੋਇਲ ਪਰਿਵਾਰ ਤੱਤਪਰ ਰਹਿੰਦਾ ਹੈ। ਸਮਾਜ ਸੇਵੀ ਗੋਇਲ ਪਰਿਵਾਰ ਦੀ ਗੁਰਸੰਗਤਾਂ ਵੀ ਪ੍ਰਸੰਸਾਂ ਕਰਦੀਆਂ ਹਨ। ਵਾਹਿਗੁਰੂ ਅੱਗੇ ਅਰਦਾਸ ਹੈ। ਕਿ ਵਾਹਿਗੁਰੂ ਗੋਇਲ ਪਰਿਵਾਰ ਨੂੰ ਅੱਛੀਆਂ ਸੇਵਾਵਾਂ ਕਰਨ ਦਾ ਹੋਰ ਵੀ ਬਲ ਬਖ਼ਸੇ। ਇਸ ਮੌਕੇ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਸਮੂਹ ਮੈਂਬਰ ਸਹਿਬਾਨ, ਭਾਈ ਘਨੱਈਆ ਜੀ ਸੇਵਾ ਸੁਸਾਇਟੀ ਦੇ ਮੈਂਬਰ ਸਹਿਬਾਨ, ਗੁਰੂ ਘਰ ਦੇ ਵਜੀਰ ਭਾਈ ਗੁਰਦੀਪ ਸਿੰਘ ਦੀਪਾ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸਾਬਕਾ ਸਰਪੰਚ ਸਾਧੂ ਸਿੰਘ, ਬਲਜੀਤ ਸਿੰਘ ਝੱਲੀ, ਦਲਜੀਤ ਸਿੰਘ ਨੀਟਾ, ਲੱਖੀ ਮਾਣੂੰਕੇ, ਪਿੰਦਰ ਮਾਣੂੰਕੇ, ਪੰਚ ਸਾਧੂ ਸਿੰਘ ਮਾਣੂੰਕੇ, ਲਾਲੀ ਮਾਣੂੰਕੇ, ਸਤਨਾਮ ਸਿੰਘ ਸੱਤੀ, ਕੁਲਦੀਪ ਸਿੰਘ, ਭੋਲਾ ਸਿੰਘ, ਚਮਕੌਰ ਸਿੰਘ, ਦਪਿੰਦਰ ਸਿੰਘ ਗੋਰਾ ਬਿੰਦਰ, ਇੰਦਰਜੀਤ ਸਿੰਘ ਸੰਧੂ, ਸਮੇਤ ਹੋਰ ਵੀ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰ ਹਾਜਰ ਸਨ।

**ਸੇਵਾਵਾਂ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਅਤੇ ਹਾਜਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ ਦਾ ਧੰਨਵਾਦ : ਮਾਤਾ ਪ੍ਰੇਮ ਲਤਾ**

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਪੰਜ ਆਗੂਆਂ ਨੇ


# ਜੀ.ਟੀ.ਸੀ. ਪੰਜਾਬੀ 'ਤੇ ਲਾਈਵ ਗੁਰਬਾਣੀ ਪ੍ਰਸਾਰਣ ਦੀ ਕੀਤੀ ਸ਼ਲਾਘਾ: ਪੀਰ ਮੁਹੰਮਦ



**ਨਵੀਂ ਦਿੱਲੀ, 8 ਅਗਸਤ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸ. ਕਰਨੈਲ ਸਿੰਘ ਪੀਰ ਮੁਹੰਮਦ, ਜਨਰਲ ਸਕੱਤਰ ਸ. ਦਵਿੰਦਰ ਸਿੰਘ ਸੋਢੀ, ਜਨਰਲ ਸਕੱਤਰ ਸ. ਜਗਰੂਪ ਸਿੰਘ ਚੀਮਾ, ਮੀਤ ਪ੍ਰਧਾਨ ਸ. ਗੁਰਮੁਖ ਸਿੰਘ ਸੰਧੂ, ਮੀਤ ਪ੍ਰਧਾਨ ਡਾ. ਕਾਰਜ ਸਿੰਘ ਧਰਮ ਸਿੰਘ ਵਾਲਾ ਅਤੇ ਮੀਡੀਆ ਸਕੱਤਰ ਸ. ਤਜਿੰਦਰ ਸਿੰਘ ਪੰਨੂ ਨੇ ਜੀ.ਟੀ.ਸੀ. ਪੰਜਾਬੀ ਵੱਲੋਂ ਡੀ.ਡੀ. ਮੁਫ਼ਤ ਡਿਸ਼ ਦੇ ਦਰਸ਼ਕਾਂ ਲਈ ਸ੍ਰੀ ਦਰਬਾਰ ਸਾਹਿਬ ਤੋਂ ਸਵੇਰ ਦੀ ਗੁਰਬਾਣੀ ਦੇ ਨਾਲ-ਨਾਲ ਸ਼ਾਮ ਦੀ ਗੁਰਬਾਣੀ ਅਤੇ ਰਹਿਰਾਸ ਸਾਹਿਬ ਦੇ ਪਾਠ ਦੀ ਸਹੂਲਤ ਉਪਲਬਧ ਕਰਵਾਉਣ ਦੇ ਫੈਸਲੇ ਦਾ ਪੂਰਨ ਸਵਾਗਤ ਕੀਤਾ ਹੈ। ਉਪਰੋਕਤ ਆਗੂਆਂ ਨੇ ਕਿਹਾ ਕਿ ਇਹ ਸੰਗਤ ਲਈ ਇੱਕ ਇਤਿਹਾਸਕ ਤੇ ਬਹੁਤ ਦੇਰ ਤੋਂ ਉਡੀਕੀ ਜਾ ਰਹੀ ਮਹਾਨ ਸੇਵਾ ਹੈ। ਅਕਾਲੀ ਆਗੂਆਂ ਨੇ ਆਖਿਆ ਕਿ ਡੀ.ਡੀ. ਫ੍ਰੀ ਡਿਸ਼ ਦੇਸ਼ ਦਾ ਸਭ ਤੋਂ ਵੱਡਾ ਮੁਫ਼ਤ ਟੈਲੀਵਿਜ਼ਨ ਮੰਚ ਹੈ, ਜਿਸ ਦੀ ਪਹੁੰਚ ਖਾਸ ਕਰਕੇ ਪਿੰਡਾਂ, ਕਸਬਿਆਂ ਅਤੇ ਆਮ ਪਰਿਵਾਰਾਂ ਤੱਕ ਹੈ। ਪਰ ਇਹ ਬੜੀ ਹੈਰਾਨੀ ਦੀ ਗੱਲ ਹੈ ਕਿ ਅੱਜ ਤੱਕ ਨਾ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਾ ਹੀ ਪੀ.ਟੀ.ਸੀ. ਇਸ ਵੱਡੇ ਮੁਫ਼ਤ ਮੰਚ 'ਤੇ ਸ੍ਰੀ ਦਰਬਾਰ ਸਾਹਿਬ ਤੋਂ ਸ਼ਾਮ ਦੀ ਗੁਰਬਾਣੀ ਅਤੇ ਰਹਿਰਾਸ ਸਾਹਿਬ ਦਾ ਪਾਠ ਪਹੁੰਚਾ ਸਕਿਆ। ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਆਗੂਆਂ ਨੇ ਕਿਹਾ ਕਿ ਜੋ ਕੰਮ ਸ਼੍ਰੋਮਣੀ ਕਮੇਟੀ ਅਤੇ ਪੀ.ਟੀ.ਸੀ. ਸਾਲਾਂ 'ਚ ਨਹੀਂ ਕਰ ਸਕੇ, ਉਹ ਜੀ.ਟੀ.ਸੀ. ਪੰਜਾਬੀ ਨੇ ਕਰ ਦਿਖਾਇਆ ਹੈ। ਹੁਣ ਡੀ.ਡੀ. ਫ੍ਰੀ ਡਿਸ਼ ਦੇ ਦਰਸ਼ਕ ਸਵੇਰੇ ਵੀ ਅੰਮ੍ਰਿਤ ਵੇਲੇ ਦੀ ਗੁਰਬਾਣੀ ਨਾਲ ਜੁੜ ਸਕਦੇ ਹਨ ਅਤੇ ਸ਼ਾਮ ਨੂੰ ਵੀ ਰਹਿਰਾਸ ਸਾਹਿਬ ਅਤੇ ਗੁਰਬਾਣੀ ਦਾ ਆਨੰਦ ਮਾਣ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਫੈਸਲੇ ਦੀ ਸਭ ਤੋਂ ਵੱਧ ਖੁਸ਼ੀ ਪੰਜਾਬ ਅਤੇ ਦੇਸ਼ ਦੇ ਉਨ੍ਹਾਂ ਪਿੰਡਾਂ ਅਤੇ ਛੋਟੇ ਕਸਬਿਆਂ 'ਚ ਮਹਿਸੂਸ ਕੀਤੀ ਜਾ ਰਹੀ ਹੈ, ਜਿੱਥੇ ਬਹੁਤ ਸਾਰੇ ਪਰਿਵਾਰ ਪੈਸੇ ਭਰ ਕੇ ਚੱਲਣ ਵਾਲੇ ਡੀ.ਟੀ.ਐਚ. ਜਾਂ ਕੇਬਲ ਦੀ ਥਾਂ ਮੁਫ਼ਤ ਡੀ.ਡੀ. ਫ੍ਰੀ ਡਿਸ਼ 'ਤੇ ਨਿਰਭਰ ਹਨ। ਪਿੰਡਾਂ ਤੋਂ ਲੋਕ ਫੋਨ ਕਰਕੇ ਜੀ.ਟੀ.ਸੀ. ਪੰਜਾਬੀ ਨੂੰ ਅਸੀਸਾਂ ਦੇ ਰਹੇ ਹਨ। ਬਜ਼ੁਰਗ ਮਾਤਾਵਾਂ-ਪਿਤਾਵਾਂ ਤੇ ਪਰਿਵਾਰਾਂ ਲਈ ਇਹ ਸਿਰਫ਼ ਇੱਕ ਹੋਰ ਟੀ.ਵੀ. ਪ੍ਰੋਗਰਾਮ ਨਹੀਂ, ਸਗੋਂ ਉਨ੍ਹਾਂ ਦੇ ਘਰਾਂ ਵਿੱਚ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਆਵਾਜ਼ ਪਹੁੰਚਣ ਦੀ ਗੱਲ ਹੈ ਉਕਤ ਆਗੂਆਂ ਨੇ ਕਿਹਾ ਕਿ ਪਵਿੱਤਰ ਗੁਰਬਾਣੀ ਨੂੰ ਕਿਸੇ ਪੈਸੇ ਵਾਲੇ ਮੰਚ, ਵਪਾਰਕ ਮਾਡਲ ਜਾਂ ਕਿਸੇ ਇੱਕ ਪ੍ਰਸਾਰਕ ਦੀ ਹੱਦ ਵਿੱਚ ਬੰਦ ਨਹੀਂ ਕੀਤਾ ਜਾਣਾ ਚਾਹੀਦਾ। ਗੁਰੂ ਦੀ ਬਾਣੀ 'ਤੇ ਕਿਸੇ ਦਾ ਏਕਾਧਿਕਾਰ ਨਹੀਂ ਹੋ ਸਕਦਾ। ਜਿਸ ਵੀ ਘਰ ਤੱਕ ਗੁਰਬਾਣੀ ਪਹੁੰਚ ਸਕਦੀ ਹੈ, ਉੱਥੇ ਤੱਕ ਪਹੁੰਚਣੀ ਚਾਹੀਦੀ ਹੈ। ਗਰੀਬ ਤੋਂ ਗਰੀਬ ਪਰਿਵਾਰ ਦਾ ਵੀ ਗੁਰਬਾਣੀ 'ਤੇ ਉਨਾਂ ਹੀ ਹੱਕ ਹੈ ਜਿੰਨਾ ਕਿਸੇ ਅਮੀਰ ਪਰਿਵਾਰ ਦਾ। ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਆਗੂਆਂ ਨੇ ਆਖਿਆ ਕਿ ਜੀ.ਟੀ.ਸੀ. ਪੰਜਾਬੀ ਨੇ ਡੀ.ਡੀ. ਫ੍ਰੀ ਡਿਸ਼ ਵਰਗੇ ਵਿਸ਼ਾਲ ਮੁਫ਼ਤ ਮੰਚ ਦੀ ਅਸਲ ਮਹੱਤਤਾ ਨੂੰ ਸਮਝਿਆ ਹੈ ਅਤੇ ਇਹ ਸਾਬਤ ਕੀਤਾ ਹੈ ਕਿ ਜੇਕਰ ਨੀਅਤ ਸੇਵਾ ਦੀ ਹੋਵੇ ਤਾਂ ਤਕਨਾਲੋਜੀ ਸੰਗਤ ਅਤੇ ਗੁਰੂ ਘਰ ਵਿਚਕਾਰ ਕੰਧ ਨਹੀਂ, ਸਗੋਂ ਇੱਕ ਪੁਲ ਬਣ ਸਕਦੀ ਹੈ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਗੁਰਬਾਣੀ ਦੇ ਪ੍ਰਸਾਰ ਨੂੰ ਰੋਕਣ, ਸੀਮਿਤ ਕਰਨ ਜਾਂ ਕਿਸੇ ਇੱਕ ਮਾਧਿਅਮ ਨਾਲ ਜੋੜਨ ਦੀ ਸੰਕੋਚਵੀਂ ਸੋਚ ਤੋਂ ਬਾਹਰ ਆਇਆ ਜਾਵੇ। ਸ਼੍ਰੋਮਣੀ ਕਮੇਟੀ ਦੀ ਜ਼ਿੰਮੇਵਾਰੀ ਗੁਰਬਾਣੀ ਦੀ ਪਹੁੰਚ ਘਟਾਉਣ ਦੀ ਨਹੀਂ, ਸਗੋਂ ਵਧਾਉਣ ਦੀ ਹੈ। ਜੇਕਰ ਜੀ.ਟੀ.ਸੀ. ਪੰਜਾਬੀ ਸਵੇਰ ਅਤੇ ਸ਼ਾਮ ਦੀ ਗੁਰਬਾਣੀ ਡੀ.ਡੀ. ਫ੍ਰੀ ਡਿਸ਼ ਰਾਹੀਂ ਪਿੰਡਾਂ ਦੇ ਘਰ-ਘਰ ਤੱਕ ਪਹੁੰਚਾ ਸਕਦਾ ਹੈ, ਤਾਂ ਇਹ ਮਾਡਲ ਹੋਰ ਚੈਨਲਾਂ ਅਤੇ ਮੰਚਾਂ ਲਈ ਵੀ ਖੁੱਲ੍ਹਾ ਹੋਣਾ ਚਾਹੀਦਾ ਹੈ। ਉਕਤ ਆਗੂਆਂ ਨੇ ਕਿਹਾ ਕਿ ਇਹ ਕਿਸੇ ਇੱਕ ਚੈਨਲ ਦੀ ਜਿੱਤ ਨਹੀਂ, ਸਗੋਂ ਸਮੁੱਚੀ ਸੰਗਤ ਦੀ ਜਿੱਤ ਹੈ। ਜਦੋਂ ਕਿਸੇ ਪਿੰਡ ਦੇ ਗਰੀਬ ਘਰ 'ਚ ਸ਼ਾਮ ਵੇਲੇ ਰਹਿਰਾਸ ਸਾਹਿਬ ਦੀ ਆਵਾਜ਼ ਗੂੰਜਦੀ ਹੈ, ਉਹੀ ਅਸਲ ਸਫਲਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵੰਤ ਮਾਨ ਵੱਲੋਂ ਭਾਈ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਵਾਸਤੇ ਰਾਜਪਾਲ ਨੂੰ ਬੇਨਤੀ ਕਰਨਾ ਸ਼ਲਾਘਾਯੋਗ: ਹਰਮੀਤ ਸਿੰਘ ਕਾਲਕਾ



ਭਗਵੰਤ ਮਾਨ
Bhagwant Mann

ਮੁੱਖ ਮੰਤਰੀ, ਪੰਜਾਬ
Chief Minister, Punjab

ਡੀ.ਓ.ਨੰ:CMO/Confi/2026/188
ਮਿਤੀ, ਚੰਡੀਗੜ੍ਹ,08 ਅਗਸਤ,2026

ਸਤਿਕਾਰਯੋਗ ਗਵਰਨਰ ਸਾਹਿਬ,

ਮੇਰੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸ੍ਰੀ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਦੀ ਉਮਰ ਵਧੇਰੇ ਹੋਣ ਕਾਰਨ ਉਨ੍ਹਾਂ ਦੀਆਂ ਉਮਰ-ਸਬੰਧੀ ਸਿਹਤ ਸਮੱਸਿਆਵਾਂ ਦੇ ਚਲਦਿਆਂ ਉਨ੍ਹਾਂ ਦੀ ਸਿਹਤ ਠੀਕ ਨਹੀਂ ਰਹਿ ਰਹੀ ਹੈ। ਸ੍ਰੀ ਜਗਤਾਰ ਸਿੰਘ ਹਵਾਰਾ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿਖੇ ਸੀ.ਆਰ.ਡਬਲਿਊ.ਪੀ.ਨੰ: 3868/2026 ਵੀ ਦਾਇਰ ਕੀਤੀ ਹੈ, ਜਿਸ ਵਿੱਚ ਉਸ ਨੂੰ ਪੈਰੋਲ ਉਤੇ ਰਿਹਾ ਕਰਨ ਸਬੰਧੀ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ। ਮਾਨਯੋਗ ਅਦਾਲਤ ਵੱਲੋਂ ਉਸ ਦੀ ਪੈਰੋਲ ਅਰਜ਼ੀ ਤੇ ਵਿਚਾਰ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

ਇਸ ਲਈ, ਮਨੁੱਖੀ ਹਮਦਰਦੀ ਦੇ ਅਧਾਰ ਤੇ, ਮੈਂ ਆਪ ਜੀ ਨੂੰ ਬੇਨਤੀ ਕਰਨਾ ਚਾਹੁੰਦਾ ਹਾਂ ਕਿ ਸ੍ਰੀ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਦੀ ਵਿਗੜ ਰਹੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ, ਉਸ ਨੂੰ ਜਲਦ ਤੋਂ ਜਲਦ 10 ਦਿਨਾਂ ਦੀ ਪੈਰੋਲ ਦਿੱਤੀ ਜਾਵੇ ਜੀ।

ਡੂੰਘੇ ਆਦਰ ਸਹਿਤ,

ਹਿੱਤੂ,
(ਭਗਵੰਤ ਮਾਨ)

ਸ੍ਰੀ ਗੁਲਾਬ ਚੰਦ ਕਟਾਰੀਆ,
ਮਾਨਯੋਗ ਰਾਜਪਾਲ, ਪੰਜਾਬ ਅਤੇ ਪ੍ਰਸ਼ਾਸਕ, ਯੂ.ਟੀ.
ਚੰਡੀਗੜ੍ਹ ਪ੍ਰਸ਼ਾਸਨ, ਚੰਡੀਗੜ੍ਹ।

Office : Punjab Civil Secretariat, Chandigarh-160001, Ph.: 0172-2740325, 0172-2743463 (Fax)
Resi. : H.No. 45, Sector 2, Chandigarh- 160001, Ph.: 0172-2741322, 0172-2746060 (Fax)
e-mail : cmo@punjab.gov.in

**ਨਵੀਂ ਦਿੱਲੀ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਵੱਲੋਂ ਬੰਦੀ ਸਿੰਘ ਭਾਈ ਜਗਤਾਰ ਸਿੰਘ ਹਵਾਰਾ ਨੂੰ 10 ਦਿਨਾਂ ਦੀ ਪੈਰੋਲ ਦੇਣ ਵਾਸਤੇ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖਣ ਦਾ ਸਵਾਗਤ ਕੀਤਾ ਹੈ ਤੇ ਕਿਹਾ ਹੈ ਕਿ ਇਹੋ ਜਿਹੇ ਮਾਮਲੇ ਮਨੁੱਖਤਾ ਦੇ ਆਧਾਰ 'ਤੇ ਪਹਿਲ ਦੇ ਆਧਾਰ 'ਤੇ ਹੱਲ ਹੋਣੇ ਚਾਹੀਦੇ ਹਨ।



ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਪੱਤਰ ਲਿਖ ਕੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਉਹਨਾਂ ਦੀ ਬਿਮਾਰ ਮਾਤਾ ਦੀ ਸੰਭਾਲ ਵਾਸਤੇ 10 ਦਿਨਾਂ ਦੀ ਪੈਰੋਲ ਦੇਣ ਦੀ ਵਕਾਲਤ ਕੀਤੀ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਚੁੱਕੇ ਗਏ ਇਸ ਕਦਮ ਦੀ ਸਮੁੱਚੀ ਸਿੱਖ ਸੰਗਤ ਸ਼ਲਾਘਾ ਕਰਦੀ ਹੈ ਤੇ ਉਹਨਾਂ ਦਾ ਇਸ ਵਾਸਤੇ ਧੰਨਵਾਦ ਵੀ ਕਰਦੀ ਹੈ। ਉਹਨਾਂ ਕਿਹਾ ਕਿ ਪਹਿਲਾਂ ਵੀ ਸੁਪਰੀਮ ਕੋਰਟ ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਬੰਧਤ ਮੁਕੱਦਮਾ ਅਦਾਲਤਾਂ ਨੂੰ ਆਖਿਆ ਹੈ ਕਿ ਉਹ ਭਾਈ ਹਵਾਰਾ ਦੀ ਪੈਰੋਲ ਬਾਰੇ ਸਮੇਂ ਸਿਰ ਫੈਸਲਾ ਲੈਣ ਕਿਉਂਕਿ ਉਹ ਆਪਣੀ ਬਿਮਾਰ ਮਾਂ ਦੀ ਸੰਭਾਲ ਕਰਨੀ ਚਾਹੁੰਦੇ ਹਨ। ਉਹਨਾਂ ਕਿਹਾ ਕਿ ਅਜਿਹਾ ਕਰਨਾ ਉਹਨਾਂ ਦਾ ਸੰਵਿਧਾਨਕ ਹੱਕ ਵੀ ਹੈ ਤੇ ਮਨੁੱਖਤਾ ਦੇ ਆਧਾਰ 'ਤੇ ਇਹ ਉਹਨਾਂ ਦੀ ਪਹਿਲ ਵੀ ਬਣਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਕਿਹਾ ਕਿ ਭਗਵੰਤ ਮਾਨ ਵੱਲੋਂ ਅਜਿਹਾ ਕਦਮ ਚੁੱਕਣਾ ਇਹ ਦਰਸਾਉਂਦਾ ਹੈ ਕਿ ਉਹਨਾਂ ਨੂੰ ਪੰਜਾਬ ਦੇ ਮਾਮਲਿਆਂ ਦੀ ਡੂੰਘੀ ਸਮਝ ਹੈ ਤੇ ਉਹ ਪੰਜਾਬੀਆਂ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹਨ ਜੋ ਸ਼ਲਾਘਾਯੋਗ ਕਦਮ ਹੈ।

# ਸਰਹੱਦੀ ਪਿੰਡ ਭੂਸੇ ਵਿਖੇ ਪੀਰ ਬਾਬਾ ਮੁਹੰਮਦ ਸ਼ਾਹ ਅਲੀ ਦਾ ਸਾਲਾਨਾ ਜੋੜ ਮੇਲਾ ਅੱਜ: ਪ੍ਰਧਾਨ ਹਰਜਿੰਦਰ ਸਿੰਘ ਭੂਸੇ

**ਸਰਾਏ ਅਮਾਨਤ ਖਾਂ, 8 ਅਗਸਤ (ਆਵਾਜ਼ਿ ਕੌਮ ਬਿਊਰੋ)**- ਸਰਹੱਦੀ ਪਿੰਡ ਭੂਸੇ ਵਿਖੇ ਪੀਰ ਬਾਬਾ ਮੁਹੰਮਦ ਸ਼ਾਹ ਅਲੀ ਦੀ ਦਰਗਾਹ ਤੇ ਸਲਾਨਾ ਜੋੜ ਮੇਲਾ ਪਿੰਡ ਵਾਸੀਆ ਤੇ ਮੇਲਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 9 ਅਗਸਤ ਦਿਨ ਐਤਵਾਰ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ ਇਸ ਤੋਂ ਇਲਾਵਾ 8 ਅਗਸਤ ਦਿਨ ਸ਼ਨੀਵਾਰ ਨੂੰ ਰਾਤ ਕਵਾਲ ਵੀ ਪੇਸ਼ ਕੀਤੇ ਜਾਣਗੇ,ਇਸ ਮੌਕੇ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਨੇ ਕਿਹਾ ਕਿ ਮੇਲੇ ਵਿਚ ਪਹੁੰਚ ਰਹੇ ਕਲਾਕਾਰ ਦੋਗਾਣਾ ਗਾਇਕ ਜੋੜੀ ਸ਼ੇਰਾਂ ਬੋਹੜਵਾਲੀਆ ਤੇ ਨੂਰਦੀਪ ਨੂਰ ਆਪਣੀ ਗਾਇਕੀ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਕਰਨਗੇ, ਅਤੇ ਆਪਣੇ ਫਨ ਦਾ ਮੁਜਾਹਰਾ ਕਰਨਗੇ। ਇਸ ਤੋਂ ਬਾਅਦ ਪੰਜਾਬ ਦੇ ਮਸ਼ਹੂਰ ਪੰਜਾਬੀ ਗਾਇਕ ਸਿਮਰ ਦੋਰਾਹਾ ਆਪਣੇ ਗੀਤਾਂ ਰਾਹੀਂ ਦਰਸ਼ਕਾਂ ਦਾ ਖੂਬ ਮਨੋਰੰਜਨ ਕਰਨਗੇ। ਬਾਬਾ ਜੀ ਦਾ ਲੰਗਰ ਅਤੁੱਟ ਵਰਤੇਗਾ ਅਤੇ ਠੰਡੀ ਮਿੱਠੀ ਲੱਸੀ ਅਤੇ ਛਬੀਲ ਵਰਤਾਈ ਜਾਵੇਗੀ। ਸ਼ਾਮ ਨੂੰ ਕਬੱਡੀ ਦੇ ਸੋਅ ਮੈਚ ਵੀ ਕਰਵਾਏ ਜਾਣਗੇ।ਇਸ ਮੌਕੇ ਪ੍ਰਧਾਨ ਹਰਜਿੰਦਰ ਸਿੰਘ ਭੂਸੇ, ਗੁਲਵਿੰਦਰ ਸਿੰਘ ਬਰਾੜ, ਸੁਖਬੀਰ ਸਿੰਘ ਵਿਸ਼ੇਸ਼ ਯੋਗਦਾਨ, ਮਾਸਟਰ ਕਾਹਨ ਸਿੰਘ, ਮਾਸਟਰ ਜਗਮੋਹਨ ਸਿੰਘ, ਸਰਪੰਚ ਹਰਪ੍ਰੀਤ ਸਿੰਘ ਭੂਸੇ, ਲਾਭਜੀਤ ਸਿੰਘ, ਇੰਦਰਜੀਤ ਸਿੰਘ, ਦਲੇਰ ਸਿੰਘ, ਗੁਰਜੀਤ ਸਿੰਘ, ਜਤਿੰਦਰ ਸਿੰਘ ਸੋਨਾ ਸਿੰਘ, ਜਸ਼ਨਦੀਪ ਸਿੰਘ ਇਟਲੀ, ਅਰਸ਼ਦੀਪ ਸਿੰਘ ਆਸਟ੍ਰੇਲੀਆ, ਹੈਪੀ ਆਧੀ ਯੂ ਏ ਹੈ, ਜਸਪਾਲ ਸਿੰਘ ਯੂ ਕੇ, ਜੋਬਨਜੀਤ ਸਿੰਘ ਕਨੇਡਾ, ਅੰਮ੍ਰਿਤਪਾਲ ਸਿੰਘ ਯੂ ਏ ਈ, ਕਿਸ਼ਨ ਸਿੰਘ, ਸ਼ਮਸ਼ੇਰ ਸਿੰਘ ਕਾਲੂ, ਕਰਮਨ ਭੂਸੇ, ਨੰਬਰਦਾਰ ਰਣਜੀਤ ਸਿੰਘ ਭੂਸੇ, ਮਲਕੀਤ ਸਿੰਘ, ਜੱਜ ਸਿੰਘ, ਆਦਿ ਹਾਜ਼ਰ ਸਨ।


REMINDER
FOR TOMORROW'S EVENT
CEO Clubs Network Worldwide
AMERICA 250th ANNIVERSARY
CEO Clubs Network®
The America 250
Legacy Awards & Celebration
The America 250 Legacy Award
by CEO Clubs Network Worldwide
ਆਵਾਜ਼ਿ ਕੌਮ
AWAZE QAUM
International Newspaper & WEB TV
Sunday, 9 August 2026
6.00 pm
The Mayflower Hotel,
Autograph Collection, Washington, DC, USA
Ballroom: State Ballroom
ONLY FOR RSVP GUESTS
Dress code: Black Tie | National Attire | Formal
★ The Event is by Invitation Only ★
Dr. Tariq Ahmed Nizami
Founder & CEO
CEO Clubs Network Worldwide
@CEOClubsNetwork

CEO Clubs Network

AMERICA 250th ANNIVERSARY

13 July 2026

To,
**Jathedar Baljit Singh Daduwal**

Subject: **Confirmation of "America 250 Legacy Award" on 9 August 2026 in Washington DC**

Dear Mr. Daduwal,

**CEO Clubs Network Worldwide** is the largest business organization for more than 3 decades from USA with global presence connecting local and international business, and we are hosting the "America 250 Legacy Awards & Celebration" a major event on the occasion of United States of America 250 independence in Washington DC, it is my distinct honor and privilege to extend this formal official invitation to attend and receive the prestigious "America 250 Legacy Award" and grace this historic occasion as our distinguished VIP guest in exclusive gathering.

You are confirmed as per terms & conditions to receive **"America 250 Legacy Award" in** a Red-Carpet Black-Tie award ceremony on **Sunday 9 August 2026 at 6:00 PM** at the prestigious **The Mayflower Hotel Ballroom in Washington, D.C.,** commemorating the 250th Anniversary of the Independence of the United States of America.

As our nation marks this extraordinary milestone, we will gather leaders from government, diplomacy, business, academia, philanthropy, and civil society to celebrate the ideals of freedom, democracy, innovation, service, and leadership that have shaped the United States over the past two and a half centuries. The evening will include Recognition of distinguished leaders through the America 250 Legacy Awards, Remarks from prominent national dignitaries, High-level networking among policymakers, business leaders, and others will be in Gala Dinner.

Your service in our nation represents the values and vision that this historic celebration seeks to honor. We would be deeply honored by your presence and participation in this landmark event in which we will recognize you with The America 250 Legacy Award as our distinguished VIP guest. We respectfully request you to RSVP by email to: rsvp@ceoclubsusa.com and it is our privilege of welcoming you on this memorable occasion.

Respectfully,

**Tariq Ahmed Nizami**
Founder & CEO
CEO Clubs Network Worldwide &
Host, America 250 Legacy Awards & Celebration
Email: tan@ceoclubs.com
Cell No: 202 644 3148

ਆਵਾਜ਼ਿ ਕੌਮ AWAZE QAUM
International Newspaper & WEB TV

**"Celebrating 250 Years of American Freedom, Leadership, Innovation and Legacy."**

**CEO Clubs Network. Inc**
T: +1 631 944 8438 | Toll Free: 866 828 3905 | E: rsvp@ceoclubsusa.com | www.ceoclubsusa.com
Address: 108 West 13th Street, Wilmington, DE 19801 USA